@Qpatrika
@qaumipatrika punjabi
instagram.com/ qaumipatrika
Largest Circulated

विश्व भर में सबसे ज्यादा पढ़ा जाने वाला

कौमी पत्रिका
Qaumi Patrika NO.1

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।
Thursday, 29 October 2026

Punjabi National Daily

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਵੀਰਵਾਰ 29 ਅਕਤੂਬਰ 2026, 15 ਕੱਤਕ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 44, ਅੰਕ 356, qpatrika@gmail.com ਫੋਨ : 9971359517 www.qaumipatrika.org

4 ਸੂਬਿਆਂ ਦੀਆਂ ਵਿਧਾਨ ਪ੍ਰੀਸ਼ਦ ਚੋਣਾਂ ਦੇ ਨਤੀਜਿਆਂ ਮਗਰੋਂ ਪ੍ਰਧਾਨ ਮੰਤਰੀ ਮੋਦੀ ਨੇ ਕਾਂਗਰਸ 'ਤੇ ਵਿੰਨ੍ਹਿਆ ਨਿਸ਼ਾਨ

ਕੌਮੀ ਪਤ੍ਰਿਕਾ
ਸਿਮੀ ਕੌਰ ਬੱਬਰ

ਨਵੀਂ ਦਿੱਲੀ 28 ਅਕਤੂਬਰ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਉੱਤਰ ਪ੍ਰਦੇਸ਼, ਮਹਾਰਾਸ਼ਟਰ, ਬਿਹਾਰ ਅਤੇ ਕਰਨਾਟਕ ਵਿੱਚ ਹੋਈਆਂ 28 ਵਿਧਾਨ ਪ੍ਰੀਸ਼ਦ ਸੀਟਾਂ ਦੀਆਂ ਚੋਣਾਂ ਦੇ ਨਤੀਜਿਆਂ ਤੋਂ ਬਾਅਦ ਸੋਸ਼ਲ ਮੀਡੀਆ ਪਲੇਟਫਾਰਮ X 'ਤੇ ਕਾਂਗਰਸ 'ਤੇ ਨਿਸ਼ਾਨਾ ਵਿੰਨ੍ਹਿਆ ਹੈ। ਇਹ ਚੋਣਾਂ ਬੈਲੇਟ ਪੇਪਰਾਂ ਰਾਹੀਂ ਹੋਈਆਂ ਸਨ, ਜਿਨ੍ਹਾਂ ਵਿੱਚ ਕਾਂਗਰਸ ਇੱਕ ਵੀ ਸੀਟ ਜਿੱਤਣ ਵਿੱਚ ਨਾਕਾਮ ਰਹੀ। ਪੀਐੱਮ ਮੋਦੀ ਨੇ ਪੋਸਟ ਵਿੱਚ ਲਿਖਿਆ ਕਿ ਚਾਰ ਵੱਡੇ ਸੂਬਿਆਂ ਦੀਆਂ 28 ਸੀਟਾਂ 'ਤੇ ਬੈਲੇਟ ਪੇਪਰ ਨਾਲ ਚੋਣਾਂ ਹੋਈਆਂ ਪਰ ਅੰਦਾਜ਼ਾ ਲਗਾਓ ਕਾਂਗਰਸ ਨੇ ਕਿੰਨੀਆਂ ਸੀਟਾਂ ਜਿੱਤੀਆਂ। ਇਨ੍ਹਾਂ ਚੋਣਾਂ ਵਿੱਚ ਉੱਤਰ ਪ੍ਰਦੇਸ਼ ਦੀਆਂ 11, ਬਿਹਾਰ ਦੀਆਂ 8, ਮਹਾਰਾਸ਼ਟਰ ਦੀਆਂ 5 ਅਤੇ ਕਰਨਾਟਕ ਦੀਆਂ 4 ਸੀਟਾਂ ਸ਼ਾਮਲ ਸਨ। ਵੋਟਿੰਗ 23 ਅਕਤੂਬਰ ਨੂੰ ਹੋਈ ਸੀ ਅਤੇ ਵੋਟਾਂ ਦੀ ਗਿਣਤੀ 27 ਅਕਤੂਬਰ ਤੋਂ ਸ਼ੁਰੂ ਹੋਈ। ਇਹ ਚੋਣਾਂ ਮੁੱਖ ਤੌਰ 'ਤੇ ਅਧਿਆਪਕ (ਟੀਚਰ) ਅਤੇ ਗ੍ਰੈਜੂਏਟ ਹਲਕਿਆਂ ਲਈ ਸਨ, ਜਿਨ੍ਹਾਂ ਵਿੱਚ ਸਿਰਫ਼ ਰਜਿਸਟਰਡ ਵੋਟਰ ਹੀ ਵੋਟ ਪਾਉਂਦੇ ਹਨ। ਕਰਨਾਟਕ ਵਿੱਚ ਭਾਜਪਾ ਤੇ ਜੇਡੀਐੱਸ ਗਠਜੋੜ ਨੇ ਚਾਰੇ ਸੀਟਾਂ 'ਤੇ ਜਿੱਤ ਦਰਜ ਕੀਤੀ ਹੈ, ਜਿੱਥੇ ਜੇਡੀਐੱਸ ਨੇ ਬੈਂਗਲੁਰੂ ਟੀਚਰ ਸੀਟ ਕਾਂਗਰਸ ਤੋਂ ਖੋਹ ਲਈ। ਉੱਥੇ ਹੀ ਉੱਤਰ ਪ੍ਰਦੇਸ਼ ਦੀਆਂ ਸੀਟਾਂ 'ਤੇ ਭਾਜਪਾ ਨੇ 4 ਅਤੇ ਸਮਾਜਵਾਦੀ ਪਾਰਟੀ ਨੇ 2 ਸੀਟਾਂ ਜਿੱਤੀਆਂ ਹਨ। ਪ੍ਰਧਾਨ ਮੰਤਰੀ ਮੋਦੀ ਦਾ ਇਹ ਬਿਆਨ ਅਜਿਹੇ ਸਮੇਂ ਆਇਆ ਹੈ ਜਦੋਂ ਵਿਰੋਧੀ ਧਿਰਾਂ ਚੋਣ ਪ੍ਰਕਿਰਿਆ ਅਤੇ EVM 'ਤੇ ਲਗਾਤਾਰ ਸਵਾਲ ਚੁੱਕਦੀਆਂ ਰਹੀਆਂ ਹਨ। ਬੈਲੇਟ ਪੇਪਰ ਰਾਹੀਂ ਹੋਈਆਂ ਇਨ੍ਹਾਂ ਚੋਣਾਂ ਦੇ ਨਤੀਜਿਆਂ ਤੋਂ ਬਾਅਦ ਇੱਕ ਵਾਰ ਫਿਰ ਰਾਜਨੀਤਿਕ ਬਹਿਸ ਛਿੜ ਗਈ ਹੈ। ਉਤਰ ਪ੍ਰਦੇਸ਼, ਬਿਹਾਰ, ਮਹਾਰਾਸ਼ਟਰ ਅਤੇ ਕਰਨਾਟਕ ਦੀਆਂ 28 ਵਿਧਾਨ ਪ੍ਰੀਸ਼ਦ ਸੀਟਾਂ 'ਤੇ ਮੰਗਲਵਾਰ ਸਵੇਰੇ 8 ਵਜੇ ਤੋਂ ਗਿਣਤੀ ਜਾਰੀ ਹੈ। ਰਾਤ 10 ਵਜੇ ਤੱਕ ਭਾਜਪਾ ਅਤੇ ਉਸ ਦੇ ਸਾਥੀ ਦਲ (ਜੇ. ਡੀ. ਯੂ., ਸ਼ਿੰਦੇ ਸੈਨਾ, ਅਜੀਤ ਪਵਾਰ ਦੀ ਐੱਨ.ਸੀ.ਪੀ., ਜੇ.ਡੀ.ਐੱਸ.) ਮਿਲਾ ਕੇ ਕਰੀਬ 16 ਸੀਟਾਂ 'ਤੇ ਅੱਗੇ ਹਨ, ਉਥੇ ਹੀ ਸਮਾਜਵਾਦੀ ਪਾਰਟੀ ਨੂੰ 3 ਸੀਟਾਂ 'ਤੇ ਬੜ੍ਹਤ ਮਿਲੀ ਹੈ। ਵਿਰੋਧੀ ਪਾਰਟੀਆਂ ਅਤੇ ਨਵੇਂ ਰਾਜਨੀਤਿਕ ਮੋਰਚਿਆਂ (ਜਿਵੇਂ ਜਨ ਸੁਰਾਜ) ਨੇ ਵੀ ਕੁਝ ਮਹੱਤਵਪੂਰਨ ਸੀਟਾਂ 'ਤੇ ਜਿੱਤ ਹਾਸਲ ਕੀਤੀ ਹੈ। ਉਤਰ ਪ੍ਰਦੇਸ਼ ਦੀਆਂ 11 ਸੀਟਾਂ 'ਤੇ ਭਾਰਤੀ ਜਨਤਾ ਪਾਰਟੀ ਅਤੇ ਸਮਾਜਵਾਦੀ ਪਾਰਟੀ ਵਿਚਕਾਰ ਮੁੱਖ ਮੁਕਾਬਲਾ ਦੇਖਣ ਨੂੰ ਮਿਲ ਰਿਹਾ ਹੈ। ਭਾਜਪਾ

ਦੇ ਦਿਨੇਸ਼ ਗੋਇਲ ਅਤੇ ਸ਼ੀਚੰਦ ਸ਼ਰਮਾ ਨੇ ਮੇਰਠ ਖੇਤਰ ਦੀਆਂ ਦੋਵੇਂ (ਅਧਿਆਪਕ ਅਤੇ ਗ੍ਰੈਜੂਏਟ) ਸੀਟਾਂ 'ਤੇ ਸ਼ਾਨਦਾਰ ਜਿੱਤ ਦਰਜ ਕੀਤੀ ਹੈ। ਬਰੇਲੀ ਅਤੇ ਮੇਰਠ-ਬਰੇਲੀ ਖੰਡ ਦੀਆਂ ਹੋਰ ਸੀਟਾਂ 'ਤੇ ਵੀ ਭਾਜਪਾ ਦਾ ਦਬਦਬਾ ਰਿਹਾ। ਵਾਰਾਣਸੀ ਅਧਿਆਪਕ ਸੀਟ 'ਤੇ ਸਮਾਜਵਾਦੀ ਪਾਰਟੀ ਦੇ ਲਾਲ ਬਿਹਾਰੀ ਯਾਦਵ ਨੇ ਭਾਜਪਾ ਵਿਰੋਧੀ ਨੂੰ ਪਛਾੜਦੇ ਹੋਏ ਵੱਡੀ ਬੜ੍ਹਤ ਬਣਾਈ। ਉਥੇ ਹੀ ਆਗਰਾ ਅਧਿਆਪਕ ਸੀਟ 'ਤੇ ਸਪਾ ਦੇ ਡਾ. ਆਕਾਸ਼ ਅਗਰਵਾਲ ਸ਼ੁਰੂਆਤੀ ਦੌਰ ਤੋਂ ਅੱਗੇ ਚੱਲ ਰਹੇ ਹਨ। ਉਥੇ ਹੀ ਬਿਹਾਰ ਦੀ ਦਰਭੰਗਾ ਅਧਿਆਪਕ ਸੀਟ 'ਤੇ ਪ੍ਰਸ਼ਾਂਤ ਕਿਸ਼ੋਰ ਦੀ ਜਨ ਸੁਰਾਜ ਪਾਰਟੀ ਨੇ ਇਤਿਹਾਸਕ ਜਿੱਤ ਨਾਲ ਆਪਣਾ ਖਾਤਾ ਖੋਲ੍ਹਿਆ ਹੈ। ਕੋਸੀ ਗ੍ਰੈਜੂਏਟ ਸੀਟ 'ਤੇ ਵੀ ਭਾਜਪਾ ਦੇ ਡਾ. ਅੱਨ. ਕੇ. ਯਾਦਵ ਅੱਗੇ ਚੱਲ ਰਹੇ ਹਨ। ਸਭ ਤੋਂ ਹੌਟ ਮੰਨੀ ਜਾਣ ਵਾਲੀ ਪਟਨਾ ਗ੍ਰੈਜੂਏਟ ਸੀਟ 'ਤੇ ਰਾਜਦ ਦੇ ਦਲੀਪ ਪਟੇਲ ਅੱਗੇ ਚੱਲ ਰਹੇ ਹਨ। ਕਰਨਾਟਕ ਵਿਚ ਸੱਤਾਧਾਰੀ ਕਾਂਗਰਸ ਪਾਰਟੀ ਨੂੰ ਇਸ ਦੋ-ਸਾਲਾ ਚੋਣ ਵਿਚ ਭਾਰੀ ਝਟਕਾ ਲੱਗਾ ਹੈ। 75 ਮੈਂਬਰੀ ਉਪਰਲੇ ਸਦਨ ਦੇ ਇਸ ਚੋਣ ਵਿਚ ਭਾਜਪਾ-ਜੇ.ਡੀ.ਐੱਸ. ਗੱਠਜੋੜ ਮਜ਼ਬੂਤ ??ਬਣ ਕੇ ਉੱਭਰਿਆ ਹੈ। ਬੈਂਗਲੁਰੂ ਅਧਿਆਪਕ ਸੀਟ ਤੋਂ ਜੇ.ਡੀ.ਐੱਸ. (ਜੇ.ਡੀ.ਐੱਸ.) ਦੇ ਏ.ਪੀ. ਰੰਗਨਾਥ ਅਤੇ ਪੱਛਮੀ ਗ੍ਰੈਜੂਏਟ ਸੀਟ ਤੋਂ ਭਾਜਪਾ ਦੇ ਪ੍ਰੋਫੈਸਰ ਐੱਸ.ਵੀ. ਸੰਕਨੂਰ ਆਪਣੇ ਵਿਰੋਧੀਆਂ ਨਾਲੋਂ ਲਗਾਤਾਰ ਅੱਗੇ ਚੱਲ ਰਹੇ ਹਨ। ਮਹਾਰਾਸ਼ਟਰ ਵਿਚ ਮਹਾਯੁਤੀ (ਭਾਜਪਾ, ਸ਼ਿੰਦੇ ਸੈਨਾ, ਅਜੀਤ ਪਵਾਰ ਐੱਨ.ਸੀ.ਪੀ.) ਅਤੇ ਮਹਾ ਵਿਕਾਸ ਅਘਾੜੀ (ਐੱਮ.ਵੀ.ਏ. - ਕਾਂਗਰਸ, ਧਵਸ ਸੈਨਾ, ਸ਼ਰਦ ਪਵਾਰ ਐੱਨ.ਸੀ.ਪੀ.) ਵਿਚਕਾਰ ਬੇਹੱਦ ਕਾਂਟੇ ਦੀ ਟੱਕਰ ਦੇਖਣ ਨੂੰ ਮਿਲ ਰਹੀ ਹੈ। ਹਾਲਾਂਕਿ ਰੁਝਾਨਾਂ ਵਿਚ ਮਹਾਯੁਤੀ ਗੱਠਜੋੜ ਨੂੰ ਹਲਕੀ ਬੜ੍ਹਤ ਮਿਲਦੀ ਦਿਖ ਰਹੀ ਹੈ।

ਪੰਜਾਬ ਵਿਚ 'ਹਿਸਾਬ ਮੰਗੋ ਰੈਲੀ' ਨਾਲ ਚੋਣ ਮੁਹਿੰਮ ਦਾ ਆਗਾਜ਼ ਕਰਨਗੇ ਰਾਹੁਲ ਗਾਂਧੀ

ਕੌਮੀ ਪਤ੍ਰਿਕਾ

ਚੰਡੀਗੜ੍ਹ 28 ਅਕਤੂਬਰ। ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਰਾਹੁਲ ਗਾਂਧੀ 4 ਨਵੰਬਰ ਨੂੰ ਪੰਜਾਬ ਆ ਰਹੇ ਹਨ। ਇਸ ਦਿਨ ਪਾਰਟੀ ਵੱਲੋਂ ਸੰਗਰੂਰ ਵਿਚ 'ਹਿਸਾਬ ਮੰਗੋ ਰੈਲੀ' ਕੀਤੀ ਜਾਵੇਗੀ, ਜਿਸ ਵਿਚ ਰਾਹੁਲ ਗਾਂਧੀ ਸਮੇਤ ਤਮਾਮ ਵੱਡੇ ਲੀਡਰ ਪਹੁੰਚਣਗੇ ਅਤੇ ਪਾਰਟੀ ਦੀ ਚੋਣ ਮੁਹਿੰਮ ਦਾ ਆਗਾਜ਼ ਕਰਨਗੇ। ਰਾਹੁਲ ਗਾਂਧੀ ਦੇ ਦੌਰੇ ਤੋਂ ਪਹਿਲਾਂ ਆਲ ਇੰਡੀਆ ਕਾਂਗਰਸ ਕਮੇਟੀ ਦੇ ਜਨਰਲ ਸਕੱਤਰ (ਸੰਗਠਨ) ਕੇ. ਸੀ. ਵੇਣੂਗੋਪਾਲ ਚੰਡੀਗੜ੍ਹ ਪਹੁੰਚੇ ਤੇ ਪਾਰਟੀ ਆਗੂਆਂ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਉਨ੍ਹਾਂ ਨਾਲ ਪੰਜਾਬ ਕਾਂਗਰਸ ਇੰਚਾਰਜ ਸਚਿਨ ਪਾਇਲਟ, ਪ੍ਰਧਾਨ ਪਰਗਟ ਸਿੰਘ, ਸਾਬਕਾ ਪ੍ਰਧਾਨ ਰਾਜਾ ਵੜਿੰਗ, ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਤੇ ਵਿਧਾਨ ਸਭਾ ਵਿਚ ਵਿਰੋਧੀ ਧਿਰ ਦੇ ਲੀਡਰ ਪ੍ਰਤਾਪ ਸਿੰਘ ਬਾਜਵਾ ਸਮੇਤ ਤਮਾਮ ਸੀਨੀਅਰ ਲੀਡਰ ਮੌਜੂਦ ਰਹੇ। ਮੀਟਿੰਗਾਂ ਮਗਰੋਂ ਪ੍ਰੈੱਸ ਕਾਨਫ਼ਰੰਸ ਨੂੰ ਸੰਬੋਧਨ ਕਰਦਿਆਂ ਕੇ. ਸੀ. ਵੇਣੂਗੋਪਾਲ ਨੇ ਪੰਜਾਬ ਦੇ ਮੌਜੂਦਾ ਹਾਲਾਤ 'ਤੇ ਚਿੰਤਾ ਜ਼ਾਹਰ ਕੀਤੀ। ਉਨ੍ਹਾਂ ਇਹ ਵੀ ਕਿਹਾ ਕਿ ਰਾਹੁਲ ਗਾਂਧੀ ਪੰਜਾਬ ਦੇ ਲੀਡਰਾਂ ਤੇ ਲੋਕਾਂ ਨੂੰ ਬਹੁਤ ਪਿਆਰ

ਕਰਦੇ ਹਨ ਤੇ ਇਸੇ ਲਈ ਪੰਜਾਬ ਦੇ ਲੋਕ ਵੀ ਉਨ੍ਹਾਂ ਨੂੰ ਬਹੁਤ ਪਿਆਰ ਕਰਦੇ ਹਨ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਨੇ ਸੂਬੇ ਦਾ ਸਾਰੇ ਲੀਡਰਾਂ ਨੂੰ ਆਖ਼?ਆ ਹੈ ਕਿ ਸਾਡਾ ਟੀਚਾ ਸਿਰਫ਼ 2027 ਦੀਆਂ ਚੋਣਾਂ ਨਹੀਂ, ਸਗੋਂ ਪੰਜਾਬ ਵਿਚ ਸ਼ਾਂਤੀ ਬਹਾਲ ਕਰਨਾ ਹੈ। ਉਨ੍ਹਾਂ ਕਿਹਾ ਕਿ ਉਹ ਪੰਜਾਬ ਨੂੰ ਪਹਿਲਾਂ ਵਾਂਗ ਖ਼ੁਸ਼ਹਾਲ ਬਣਾਉਣਾ ਚਾਹੁੰਦੇ ਹਨ। ਇਕ ਸਵਾਲ ਦੇ ਜਵਾਬ ਵਿਚ ਵੇਣੂਗੋਪਾਲ ਨੇ ਕਿਹਾ ਕਿ ਕਾਂਗਰਸ ਪਾਰਟੀ ਨੂੰ ਆਪਣੇ ਲੀਡਰਾਂ ਨੂੰ ਸੰਭਾਲਣਾ ਆਉਂਦਾ ਹੈ। ਰਾਜਾ ਵੜਿੰਗ ਵਿਧਾਨ ਸਭਾ ਚੋਣਾਂ ਵਿਚ ਬਹੁਤ ਅਹਿਮ ਰੋਲ ਅਦਾ ਕਰਨਗੇ।

ਪਰਵਿੰਦਰ ਝੋਟਾ ਇਨਸਾਫ਼ ਮੋਰਚੇ 'ਚ ਪਹੁੰਚੇ ਰਾਕੇਸ਼ ਟਿਕੈਤ ਦਾ ਵੱਡਾ ਬਿਆਨ

ਕੌਮੀ ਪਤ੍ਰਿਕਾ
ਨਵਦੀਪ ਸਿੰਘ ਸਾਹਨੀ

ਮਾਨਸਾ 28 ਅਕਤੂਬਰ। ਉੱਤਰ ਪ੍ਰਦੇਸ਼ ਦੇ ਕਿਸਾਨ ਆਗੂ ਰਾਕੇਸ਼ ਟਿਕੈਤ ਅੱਜ ਮਾਨਸੇ ਵਿਚ ਪਰਵਿੰਦਰ ਝੋਟਾ ਇਨਸਾਫ਼ ਮੋਰਚੇ ਵਿਚ ਪਹੁੰਚੇ। ਇਸ ਮੌਕੇ ਉਨ੍ਹਾਂ ਸਟੇਜ ਤੋਂ ਸੰਬੋਧਨ ਕਰਦਿਆਂ ਕਿਹਾ ਕਿ ਇਹ ਦੇਸ਼ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਦੇ ਅੰਦੋਲਨ ਦੀ ਪਹਿਲੀ ਸ਼ਹਾਦਤ ਹੈ। ਉਨ੍ਹਾਂ ਕਿਹਾ ਕਿ ਪਰਵਿੰਦਰ ਝੋਟੇ ਨੇ ਨਸ਼ਿਆਂ ਖ਼?ਲਾਫ਼ ਮੁਹਿੰਮ ਨੂੰ ਅੱਗੇ ਤੋਰਿਆ ਤੇ ਉਸ ਦਾ ਕਤਲ ਹੋ ਗਿਆ, ਇਹ ਕਤਲ ਨਹੀਂ ਸ਼ਹਾਦਤ ਹੈ ਤੇ ਇਸ ਸ਼ਹਾਦਤ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਟਿਕੈਤ ਨੇ ਕਿਹਾ ਕਿ ਉਨ੍ਹਾਂ ਨੇ ਝੋਟੇ ਦੇ ਕਤਲ ਮਗਰੋਂ ਜਾਣਕਾਰੀ ਇਕੱਠੀ ਕੀਤੀ ਤਾਂ ਉਨ੍ਹਾਂ ਨੂੰ ਪਤਾ ਲੱਗਿਆ ਕਿ ਹੁਣ ਮੈਡੀਕਲ ਸਟੋਰ 'ਤੇ ਨਸ਼ੇ ਦੇ ਕੈਪਸੂਲ ਵਿਕਦੇ ਹਨ ਤੇ ਇਹ ਬਿਮਾਰੀ ਹੁਣ ਉੱਤਰ ਪ੍ਰਦੇਸ਼ ਤਕ ਵੀ ਪਹੁੰਚ ਚੁੱਕੀ ਹੈ। ਉਨ੍ਹਾਂ ਕਿਹਾ ਕਿ ਜੇ ਇੱਥੇ ਦੀ ਸਰਕਾਰ ਸਖ਼ਤ ਹੁੰਦੀ ਤਾਂ ਪੰਜਾਬ ਦਾ ਬਣਿਆ ਕੈਪਸੂਲ ਉੱਤਰ ਪ੍ਰਦੇਸ਼ ਦੀ ਜ਼ਮੀਨ 'ਤੇ ਨਾ ਜਾਂਦਾ। ਉਨ੍ਹਾਂ ਕਿਹਾ ਕਿ ਨੇਪਾਲ ਤੇ ਗੁਜਰਾਤ ਰਾਹੀਂ ਨਸ਼ਾ ਆਉਂਦਾ ਹੈ, ਪਰ ਬਰਬਾਦ ਤੇ

ਪੰਜਾਬ ਨੂੰ ਕੀਤਾ ਜਾ ਰਿਹਾ ਹੈ। ਪੰਜਾਬ-ਹਰਿਆਣਾ ਤੋਂ ਬਾਅਦ ਹੁਣ ਉੱਤਰ ਪ੍ਰਦੇਸ਼ ਵਿਚ ਵੀ ਇਹ ਬਿਮਾਰੀ ਪਹੁੰਚ ਗਈ ਹੈ, ਜਿੱਥੇ ਨੌਜਵਾਨ ਨਸ਼ੇ ਦੇ ਟੀਕੇ ਤੇ ਕੈਪਸੂਲ ਲੈਣ ਲੱਗ ਪਏ ਹਨ। ਟਿਕੈਤ ਨੇ ਕਿਹਾ ਕਿ ਉਹ ਵੀ ਨਸ਼ੇ ਨਸ਼ੇ ਖ਼?ਲਾਫ਼ ਮੁਹਿੰਮ ਚਲਾਉਣਗੇ। ਰਾਕੇਸ਼ ਟਿਕੈਤ ਨੇ ਕਿਹਾ ਕਿ ਸਾਊਦੀ ਵਿਚ ਨਸ਼ਾ ਵੇਚਣ ਵਾਲੇ ਦਾ ਸਿਰ ਕਲਮ ਕਰ ਦਿੱਤਾ ਜਾਂਦਾ ਹੈ, ਪਰ ਇੱਥੇ ਨਸ਼ਿਆਂ ਤੋਂ ਰੋਕਣ ਵਾਲੇ ਨੂੰ ਗੋਲ?ੀ ਮਾਰਨ ਵਾਲਾ ਅਜੇ ਤਕ ਜਿਉਂਦਾ ਕਿਵੇਂ ਹੈ? ਉਨ੍ਹਾਂ ਇਹ ਵੀ ਆਖ਼?ਆ ਕਿ ਜੇਕਰ ਇਹ ਗੋਲ?ੀ ਚਲਾਉਣ ਵਾਲਾ ਉੱਤਰ ਪ੍ਰਦੇਸ਼ 'ਚ ਹੁੰਦਾ ਤਾਂ ਹੁਣ ਤਕ ਉਸ ਨੂੰ ਗੋਲੀ ਵੱਜ ਚੁੱਕੀ ਹੁੰਦੀ। ਉਨ੍ਹਾਂ ਨੇ ਸਰਕਾਰ ਤੋਂ ਸੀ. ਬੀ. ਆਈ. ਨੂੰ ਮੰਗ ਕੀਤੀ ਕਿ ਦੋਸ਼ੀਆਂ ਖ਼?ਲਾਫ਼ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ ਤੇ ਨਸ਼ਾ ਮੁਕਤੀ ਮੁਹਿੰਮ ਦਾ ਨਾਂ ਪਰਵਿੰਦਰ ਝੋਟੇ ਦੇ ਨਾਂ 'ਤੇ ਰੱਖਿਆ ਜਾਵੇ। ਨਾਲ ਹੀ ਪਰਵਿੰਦਰ ਝੋਟੇ ਦੇ ਨਾਂ 'ਤੇ ਕਾਲਜ ਤੇ ਸੜਕਾਂ ਆਦਿ ਬਣਾਈਆਂ ਜਾਣ। ਕਿਸਾਨ ਆਗੂ ਨੇ ਕਮੇਟੀ ਨੂੰ ਪਰਵਿੰਦਰ ਝੋਟੇ ਦੇ ਸਸਕਾਰ ਸਬੰਧੀ ਅਪੀਲ ਕਰਦਿਆਂ ਕਿਹਾ ਕਿ ਅਸੀਂ ਇੰਨੇ ਕਮਜ਼ੋਰ ਨਹੀਂ ਕਿ ਲਾਸ਼ ਰੱਖ ਕੇ ਅੰਦੋਲਨ ਕਰੀਏ। ਉਨ੍ਹਾਂ ਨੇ ਇਨਸਾਫ਼ ਕਮੇਟੀ ਨੂੰ ਇਸ ਪਾਸੇ ਧਿਆਨ ਦੇਣ ਦੀ ਅਪੀਲ ਕੀਤੀ।

ਪਰਿਵਾਰਕ ਝਗੜੇ ਤੋਂ ਦੁੱਖੀ ਜਵਾਈ ਨੇ ਚਾਕੂ ਮਾਰ ਕਰ 'ਤਾ ਸੱਸ ਦਾ ਕਤਲ

ਅਲਾਪੁਝਾ 28 ਅਕਤੂਬਰ। ਕੇਰਲ ਦੇ ਅਲਾਪੁਝਾ ਦੇ ਐਡੱਕੁਨਮ ਵਿੱਚ ਸ਼ਨੀਵਾਰ ਸਵੇਰੇ ਉਸ ਸਮੇਂ ਸਨਸਨੀ ਫੈਲ ਗਈ, ਜਦੋਂ ਇਕ ਜਵਾਈ ਨੇ ਆਪਣੀ ਸੱਸ ਦਾ ਚਾਕੂ ਮਾਰ ਕੇ ਕਤਲ ਕਰ ਦਿੱਤਾ। ਵਿਅਕਤੀ ਨੇ ਕਤਲ ਦੀ ਵਾਰਦਾਤ ਨੂੰ ਉਸ ਸਮੇਂ ਅੰਜ਼ਾਮ ਦਿੱਤਾ, ਜਦੋਂ ਪਰਿਵਾਰਕ ਝਗੜੇ ਕਾਰਨ ਬਹਿਸ ਹੋ ਰਹੀ ਸੀ। ਇਸ ਦੌਰਾਨ ਗੁੱਸੇ ਵਿਚ ਆ ਕੇ ਵਿਅਕਤੀ ਨੇ ਕਥਿਤ ਤੌਰ 'ਤੇ ਆਪਣੀ 45 ਸਾਲਾ ਸੱਸ ਦਾ ਚਾਕੂ ਮਾਰ ਕਤਲ ਕਰ ਦਿੱਤਾ। ਇਸ ਘਟਨਾ ਦੀ ਸੂਚਨਾ ਪੁਲਸ ਨੇ ਦਿੱਤੀ। ਮ੍ਰਿਤਕਾ ਦੀ ਪਛਾਣ ਜਯਕੁਮਾਰੀ ਦੇ ਰੂਪ ਵਿਚ ਹੋਈ ਹੈ। ਇਸ ਮਾਮਲੇ ਦੀ ਜਾਂਚ ਦੌਰਾਨ ਪੁਲਸ ਨੇ ਦੱਸਿਆ ਕਿ ਸ਼ੁਰੂਆਤੀ ਜਾਣਕਾਰੀ ਮੁਤਾਬਕ ਦੋਸ਼ੀ ਜੋਜੀ ਜੋਸਫ਼ ਸਵੇਰੇ 5 ਵਜੇ ਦੇ ਕਰੀਬ ਔਰਤ ਦੇ ਘਰ ਪਹੁੰਚਿਆ ਅਤੇ ਉਸ ਨੇ ਕਿਹਾ ਕਿ ਉਹ ਆਪਣੇ ਬੱਚੇ ਨੂੰ ਮਿਲਣਾ ਚਾਹੁੰਦਾ ਹੈ। ਇਸ ਗੱਲ ਨੂੰ ਲੈ ਕੇ ਜੋਸਫ਼ ਅਤੇ ਔਰਤ ਦੇ ਪਰਿਵਾਰ ਵਿਚਕਾਰ ਬਹਿਸ ਹੋਣੀ ਸ਼ੁਰੂ ਹੋ ਗਈ। ਇਹ ਝਗੜਾ ਜੋਸਫ਼ ਅਤੇ ਉਸਦੀ ਪਤਨੀ ਵਿਚਕਾਰ ਕਥਿਤ ਮਤਭੇਦਾਂ ਨੂੰ ਲੈ ਕੇ ਹੋਇਆ ਸੀ। ਝਗੜੇ ਦੌਰਾਨ ਜੋਸਫ਼ ਨੇ ਕਥਿਤ ਤੌਰ 'ਤੇ ਜਯਾਕੁਮਾਰੀ 'ਤੇ ਚਾਕੂ ਨਾਲ ਹਮਲਾ ਕਰ ਦਿੱਤਾ। ਪੁਲਸ ਦੇ ਅਨੁਸਾਰ, ਹਾਲਤ ਗੰਭੀਰ ਹੋਣ 'ਤੇ ਔਰਤ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ ਪਰ ਉਸਨੂੰ ਬਚਾਇਆ ਨਹੀਂ ਜਾ ਸਕਿਆ। ਘਟਨਾ ਤੋਂ ਬਾਅਦ ਜੋਸਫ਼ ਮੌਕੇ ਤੋਂ ਫ਼ਰਾਰ ਹੋ ਗਿਆ। ਪੁਲਸ ਨੇ ਕਿਹਾ ਕਿ ਉਹ ਉਸਦੇ ਰਿਸ਼ਤੇਦਾਰਾਂ ਅਤੇ ਦੋਸਤਾਂ 'ਤੇ ਧਿਆਨ ਕੇਂਦ੍ਰਤ ਕਰਦੇ ਹੋਏ ਉਸਦੀ ਭਾਲ ਕਰ ਰਹੇ ਹਨ। ਦੋਸ਼ੀ ਦੀ ਭਾਲ ਅਤੇ ਉਸ ਨੂੰ ਗ੍ਰਿਫ਼ਤਾਰ ਕਰਨ ਦੀਆਂ ਕੋਸ਼ਿਸ਼ਾਂ ਜਾਰੀ ਹਨ। ਨੂਰਨਾਡ ਪੁਲਸ ਨੇ ਕਤਲ ਦਾ ਮਾਮਲਾ ਦਰਜ ਕਰਕੇ ਜਾਂਚ ਕਰਨੀ ਸ਼ੁਰੂ ਕਰ ਦਿੱਤੀ ਹੈ। ਪੁਲਸ ਨੇ ਕਿਹਾ ਕਿ ਪੋਸਟਮਾਰਟਮ ਤੋਂ ਬਾਅਦ ਲਾਸ਼ ਪਰਿਵਾਰ ਨੂੰ ਸੌਂਪ ਦਿੱਤੀ ਜਾਵੇਗੀ।

ਅਮਰੀਕਾ 'ਚ ਦਬੋਚਿਆ ਗਿਆ ਖ਼ਤਰਨਾਕ ਗੈਂਗਸਟਰ ਹਿਮਾਂਸ਼ੂ ਭਾਊ ! ਭਾਰਤ ਲਿਆਉਣ ਦੀ ਤਿਆਰੀ ਸ਼ੁਰੂ

ਨਵੀਂ ਦਿੱਲੀ, 28 ਅਕਤੂਬਰ। ਹਰਿਆਣਾ ਪੁਲਸ ਭਗੌੜੇ ਗੈਂਗਸਟਰ ਹਿਮਾਂਸ਼ੂ ਭਾਊ ਦੀ ਹਵਾਲਗੀ ਦੀਆਂ ਰਸਮੀ ਕਾਰਵਾਈਆਂ ਪੂਰੀਆਂ ਕਰਨ ਲਈ ਸੀ. ਬੀ. ਆਈ. ਨਾਲ ਮਿਲ ਕੇ ਕੰਮ ਕਰ ਰਹੀ ਹੈ। ਅਧਿਕਾਰੀਆਂ ਅਨੁਸਾਰ ਹਿਮਾਂਸ਼ੂ ਭਾਊ ਨੂੰ ਅਮਰੀਕੀ ਅਧਿਕਾਰੀਆਂ ਨੇ ਹਿਰਾਸਤ ਵਿਚ ਲੈ ਲਿਆ ਹੈ ਅਤੇ ਇਸ ਸਮੇਂ ਉਹ ਯੂ. ਐੱਸ. ਇਮੀਗ੍ਰੇਸ਼ਨ ਐਂਡ

ਕਾਰ-ਮੋਟਰਸਾਈਕਲ ਦੀ ਭਿਆਨਕ ਟੱਕਰ, 1 ਨੌਜਵਾਨ ਦੀ ਮੌਤ, 3 ਜ਼ਖ਼ਮੀ

ਕੌਮੀ ਪੜ੍ਹਿਕਾ

ਅੌੜ/ਚੱਕਦਾਨਾ 28 ਅਕਤੂਬਰ। ਚੱਕਦਾਨਾ ਤੋਂ ਮੁਕੰਦਪੁਰ ਨੂੰ ਜਾਣ ਵਾਲੀ ਸੜਕ 'ਤੇ ਪਿੰਡ ਸ਼ੇਖੂਪੁਰ ਅਤੇ ਰਟੈਂਡਾ ਗੇਟ ਨੇੜੇ ਬੱਸ ਅੱਡੇ ਵਾਲੇ ਚੌਕ ਵਿਚ ਬੀਤੀ ਦੇਰ ਰਾਤ ਕਾਰ ਅਤੇ ਮੋਟਰਸਾਈਕਲ ਦਰਮਿਆਨ ਵਾਪਰੇ ਭਿਆਨਕ ਸੜਕ ਹਾਦਸੇ ਵਿਚ ਮੋਟਰਸਾਈਕਲ ਸਵਾਰ 28 ਸਾਲਾ ਨੌਜਵਾਨ ਦੀ ਮੌਤ ਹੋ ਗਈ, ਜਦਕਿ ਉਸ ਦੇ ਦੋ ਸਾਥੀ ਅਤੇ ਕਾਰ ਚਾਲਕ ਜ਼ਖ਼ਮੀ ਹੋ ਗਏ। ਹਾਦਸਾ ਇੰਨਾ ਜ਼ਬਰਦਸਤ ਸੀ ਕਿ ਟੱਕਰ ਤੋਂ ਬਾਅਦ ਮੋਟਰਸਾਈਕਲ ਬੁਰੀ ਤਰ੍ਹਾਂ ਨੁਕਸਾਨਿਆ ਗਿਆ ਅਤੇ ਕਾਰ ਵੀ ਬੇਕਾਬੂ ਹੋ ਕੇ ਸੜਕ ਕਿਨਾਰੇ ਦਰੱਖ਼ਤ ਨਾਲ ਜਾ ਟਕਰਾਈ। ਜਾਣਕਾਰੀ ਮੁਤਾਬਕ ਬੀਤੀ ਰਾਤ ਇਕ ਕਾਰ ਚੱਕਦਾਨਾ ਵਾਲੇ ਪਾਸੇ ਤੋਂ ਮੁਕੰਦਪੁਰ ਵੱਲ ਜਾ ਰਹੀ ਸੀ। ਜਦੋਂ ਕਾਰ ਪਿੰਡ ਸ਼ੇਖੂਪੁਰ ਦੇ ਮੋੜ ਨੇੜੇ ਪੁੱਜੀ ਤਾਂ ਇਸ ਦੀ ਟੱਕਰ ਰਟੈਂਡਾ ਵੱਲੋਂ ਆ ਰਹੇ ਮੋਟਰਸਾਈਕਲ ਨਾਲ ਹੋ ਗਈ। ਮੋਟਰਸਾਈਕਲ 'ਤੇ ਤਿੰਨ ਨੌਜਵਾਨ ਸਵਾਰ ਸਨ, ਜੋ ਪਿੰਡ ਰਟੈਂਡਾ ਤੋਂ ਕੋਈ ਪ੍ਰੋਗਰਾਮ ਦੇਖ ਕੇ ਆਪਣੇ ਪਿੰਡ ਲੜੋਆ ਵੱਲ ਵਾਪਸ ਆ ਰਹੇ ਸਨ। ਟੱਕਰ ਇੰਨੀ ਭਿਆਨਕ ਸੀ ਕਿ ਮੋਟਰਸਾਈਕਲ

ਚਲਾ ਰਹੇ ਨੌਜਵਾਨ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਉਸਦੇ ਦੋ ਸਾਥੀ ਗੰਭੀਰ ਰੂਪ ਵਿਚ ਜ਼ਖਮੀ ਹੋ ਗਏ। ਹਾਦਸੇ ਤੋਂ ਬਾਅਦ ਕਾਰ ਵੀ ਬੇਕਾਬੂ ਹੋ ਕੇ ਸੜਕ ਕਿਨਾਰੇ ਸਫੈਦੇ ਦੇ ਦਰੱਖਤ ਨਾਲ ਜਾ ਵੱਜੀ, ਜਿਸ ਕਾਰਨ ਕਾਰ ਚਾਲਕ ਵੀ ਜ਼ਖਮੀ ਹੋ ਗਿਆ। ਜ਼ਖ਼ਮੀਆਂ ਨੂੰ ਕਿਸੇ ਤਰ੍ਹ ਇਲਾਜ ਲਈ ਸਿਵਲ ਹਸਪਤਾਲ ਮੁਕੰਦਪੁਰ ਪਹੁੰਚਾਇਆ ਗਿਆ। ਮੁੱਢਲੀ ਸਹਾਇਤਾ ਤੋਂ ਬਾਅਦ ਜ਼ਖ਼ਮੀਆਂ ਦੀ ਹਾਲਤ ਨੂੰ ਦੇਖਦਿਆਂ ਦੋ ਜ਼ਖਮੀਆਂ ਨੂੰ ਨਵਾਂਸ਼ਹਿਰ ਦੇ ਹਸਪਤਾਲ ਲਈ ਰੈਫਰ ਕਰ ਦਿੱਤਾ ਗਿਆ। ਮ੍ਰਿਤਕ ਨੌਜਵਾਨ ਦੀ ਪਛਾਣ ਗੁਰਜੀਤ ਸਿੰਘ ਜੀਤਾ (28) ਪੁੱਤਰ ਹਰਮੇਸ਼ ਲਾਲ ਵਾਸੀ ਲੜੋਆ ਵਜੋਂ ਹੋਈ ਹੈ। ਉਸ ਦੇ ਨਾਲ ਮੋਟਰਸਾਈਕਲ 'ਤੇ ਸਵਾਰ ਦੋ ਹੋਰ ਨੌਜਵਾਨਾਂ ਦੀ ਪਛਾਣ ਹਰਸ਼ ਪੁੱਤਰ ਕਸ਼ਮੀਰੀ ਲਾਲ ਅਤੇ ਕਾਰਤਿਕ ਪੁੱਤਰ ਰਾਜ ਕੁਮਾਰ, ਵਾਸੀ ਲੜੋਆ ਵਜੋਂ ਹੋਈ ਹੈ। ਹਾਦਸੇ ਵਿਚ ਕਾਰ ਚਾਲਕ ਵੀ ਜ਼ਖਮੀ ਹੋਇਆ ਹੈ, ਜੋ ਪਿੰਡ ਬਹਿਰਾਮ ਨਾਲ ਸਬੰਧਤ ਦੱਸਿਆ ਜਾ ਰਿਹਾ ਹੈ। ਹਾਦਸੇ ਦੀ ਸਹੀ ਸਥਿਤੀ ਅਤੇ ਕਾਰਨਾਂ ਸਬੰਧੀ ਪੁਲਸ ਵੱਲੋਂ ਜਾਂਚ ਕੀਤੀ ਜਾ ਰਹੀ ਹੈ। ਵਰਨਣਯੋਗ ਹੈ ਕਿ ਮ੍ਰਿਤਕ ਗੁਰਜੀਤ ਸਿੰਘ ਜੀਤਾ ਆਪਣੇ ਘਰ ਦਾ ਆਖਰੀ ਚਿਰਾਗ ਸੀ। ਇਸ ਤੋਂ ਕੁਝ ਸਾਲ ਪਹਿਲਾਂ ਹੀ ਉਸ ਦੇ ਪਿਤਾ ਅਤੇ ਨੌਜਵਾਨ ਭਰਾ ਦੀ ਮੌਤ ਹੋ ਚੁੱਕੀ ਹੈ। ਹੁਣ ਇਸ ਹਾਦਸੇ ਵਿਚ ਗੁਰਜੀਤ ਸਿੰਘ ਦੀ ਵੀ ਮੌਤ ਹੋ ਜਾਣ ਕਾਰਨ ਘਰ ਵਿਚ ਰਹਿ ਰਹੀ ਉਸਦੀ ਬੁੱਢੀ ਮਾਤਾ ਦੇ ਸਿਰ ਤੋਂ ਆਖਰੀ ਸਹਾਰਾ ਵੀ ਚਲਾ ਗਿਆ। ਨੌਜਵਾਨ ਦੀ ਮੌਤ ਦੀ ਖ਼ਬਰ ਜਿਵੇਂ ਹੀ ਪਿੰਡ ਲੜੋਆ ਵਿਚ ਪੁੱਜੀ ਤਾਂ ਪਰਿਵਾਰ ਅਤੇ ਪਿੰਡ ਵਾਸੀਆਂ ਵਿਚ ਸੋਗ ਦੀ ਲਹਿਰ ਦੌੜ ਗਈ ਜਿਸ ਘਰ ਨੇ ਪਹਿਲਾਂ ਹੀ ਆਪਣੇ ਪਰਿਵਾਰ ਦੇ ਦੋ ਜੀਆਂ ਦੀ ਮੌਤ ਦਾ ਦਰਦ ਸਹਾਰਿਆ ਸੀ, ਉੱਥੇ ਹੁਣ ਤੀਜੇ ਪਰਿਵਾਰਕ ਜੀਅ ਦੀ ਮੌਤ ਨੇ ਦੁੱਖ ਨੂੰ ਹੋਰ ਵੀ ਗਹਿਰਾ ਕਰ ਦਿੱਤਾ ਹੈ। ਬੁੱਢੀ ਮਾਤਾ ਲਈ ਇਹ ਘਟਨਾ ਬੇਹੱਦ ਦੁਖਦਾਈ ਦੱਸੀ ਜਾ ਰਹੀ ਹੈ, ਕਿਉਂਕਿ ਪਰਿਵਾਰ ਵਿੱਚ ਉਸਦਾ ਸਹਾਰਾ ਬਣਨ ਵਾਲਾ ਕੋਈ ਹੋਰ ਨਹੀਂ ਬਚਿਆ। ਮੋਟਰਸਾਈਕਲ ਦੀ ਕਾਰ ਨਾਲ ਹੋਈ ਜ਼ੋਰਦਾਰ ਟੱਕਰ ਤੋਂ ਬਾਅਦ ਕਾਰ ਸੜਕ ਤੋਂ ਬੇਕਾਬੂ ਹੋ ਕੇ ਦਰੱਖ਼ਤ ਨਾਲ ਜਾ ਟਕਰਾਈ। ਰਾਤ ਸਮੇਂ ਵਾਪਰੇ ਇਸ ਹਾਦਸੇ ਕਾਰਨ ਕੁਝ ਸਮੇਂ ਲਈ ਮੌਕੇ 'ਤੇ ਹਫ਼ੜਾ-ਦਫ਼ੜੀ ਵਾਲਾ ਮਾਹੌਲ ਬਣ ਗਿਆ। ਘਟਨਾ ਦੀ ਸੂਚਨਾ ਮਿਲਣ ਉਪਰੰਤ ਪੁਲਸ ਵੱਲੋਂ ਮੌਕੇ 'ਤੇ ਪਹੁੰਚ ਕੇ ਹਾਦਸੇ ਸਬੰਧੀ ਬਣਦੀ ਕਾਰਵਾਈ ਕੀਤੀ ਜਾ ਰਹੀ ਹੈ। ਪੁਲਸ ਵੱਲੋਂ ਹਾਦਸੇ ਦੇ ਕਾਰਨਾਂ, ਵਾਹਨਾਂ ਦੀ ਸਥਿਤੀ ਅਤੇ ਮਾਮਲੇ ਨਾਲ ਸਬੰਧਤ ਹੋਰ ਤੱਥਾਂ ਦੀ ਜਾਂਚ ਕੀਤੀ ਜਾ ਰਹੀ ਹੈ।

ਤੇਜ਼ ਰਫ਼ਤਾਰ ਮੋਟਰਸਾਈਕਲ ਸਵਾਰ ਨੇ ਨੌਜਵਾਨ ਨੂੰ ਮਾਰੀ ਟੱਕਰ, ਹੋਈ ਦਰਦਨਾਕ ਮੌਤ

ਕੌਮੀ ਪੜ੍ਹਿਕਾ

ਲੁਧਿਆਣਾ 28 ਅਕਤੂਬਰ। ਲੁਧਿਆਣਾ ਦੇ ਪਿੰਡ ਮੁੰਡੀਆਂ ਕਲਾਂ 'ਚ ਇਕ ਦੁੱਖਦਾਈ ਘਟਨਾ ਸਾਹਮਣੇ ਆਈ ਹੈ, ਜਿਥੇ ਇਕ ਤੇਜ਼ ਰਫ਼ਤਾਰ ਮੋਟਰਸਾਈਕਲ ਦੀ ਟੱਕਰ ਕਾਰਨ ਇਕ ਨੌਜਵਾਨ ਦੀ ਮੌਤ ਹੋ ਗਈ। ਗੰਭੀਰ ਜ਼ਖ਼ਮੀ ਨੌਜਵਾਨ ਨੇ ਹਸਪਤਾਲ ਜਾਂਦੇ ਸਮੇਂ ਰਸਤੇ 'ਚ ਹੀ ਦਮ ਤੋੜ ਦਿੱਤਾ। ਮ੍ਰਿਤਕ ਦੇ ਭਰਾ ਦੀ ਸ਼ਿਕਾਇਤ ਦੇ ਆਧਾਰ 'ਤੇ ਫੋਕਲ ਪੁਆਇੰਟ ਪੁਲਸ ਸਟੇਸ਼ਨ ਨੇ ਮੋਟਰਸਾਈਕਲ ਸਵਾਰ ਵਿਰੁੱਧ ਮਾਮਲਾ ਦਰਜ ਕਰ ਲਿਆ ਹੈ। ਪੁਲਸ ਨੂੰ ਦਿੱਤੇ ਬਿਆਨ 'ਚ ਮ੍ਰਿਤਕ ਦੇ ਭਰਾ ਅਭਿਮਨਿਊ ਨੇ ਦੱਸਿਆ ਕਿ ਉਸ ਦਾ ਭਰਾ, ਨਵੀਨ ਕੁਮਾਰ (31) 28 ਅਗਸਤ ਨੂੰ ਕਿਸੇ ਨਿੱਜੀ ਕੰਮ ਲਈ ਮੁੰਡੀਆਂ ਕਲਾਂ ਦੇ ਪ੍ਰਾਇਮਰੀ ਸਕੂਲ ਕੋਲੋਂ ਲੰਘ ਰਿਹਾ ਸੀ। ਜਿਵੇਂ ਹੀ ਨਵੀਨ ਸਕੂਲ ਨੇੜੇ ਪਹੁੰਚਿਆ ਤਾਂ ਤੇਜ਼ ਰਫ਼ਤਾਰ ਮੋਟਰਸਾਈਕਲ ਸਵਾਰ ਪਵਨਦੀਪ ਸਿੰਘ ਨੇ ਉਸ ਨੂੰ ਟੱਕਰ ਮਾਰ

ਦਿੱਤੀ। ਟੱਕਰ ਇੰਨੀ ਭਿਆਨਕ ਸੀ ਕਿ ਨਵੀਨ ਕੁਮਾਰ ਉਛਲ ਕੇ ਸੜਕ 'ਤੇ ਡਿੱਗ ਗਿਆ ਅਤੇ ਉਸ ਦੇ ਸਿਰ ਅਤੇ ਸਰੀਰ 'ਤੇ ਗੰਭੀਰ ਅੰਦਰੂਨੀ ਅਤੇ ਬਾਹਰੀ ਸੱਟਾਂ ਲੱਗੀਆਂ। ਹਾਦਸੇ ਤੋਂ ਤੁਰੰਤ ਬਾਅਦ ਪਰਿਵਾਰਕ ਮੈਂਬਰਾਂ ਅਤੇ ਸਥਾਨਕ ਲੋਕਾਂ ਨੇ ਖ਼ੂਨ ਨਾਲ ਲਥਪਥ ਨਵੀਨ ਨੂੰ ਇਲਾਜ ਲਈ ਤੁਰੰਤ ਨੇੜੇ ਦੇ ਹਸਪਤਾਲ ਲੈ ਕੇ ਗਏ ਪਰ ਰਸਤੇ ਵਿਚ ਹੀ ਨਵੀਨ ਨੇ ਦਮ ਤੋੜ ਦਿੱਤਾ। ਹਸਪਤਾਲ ਪਹੁੰਚਣ 'ਤੇ ਡਾਕਟਰਾਂ ਨੇ ਨਵੀਨ ਕੁਮਾਰ ਨੂੰ ਮ੍ਰਿਤਕ ਐਲਾਨ ਦਿੱਤਾ, ਜਿਸ ਤੋਂ ਬਾਅਦ ਪੁਲਸ ਨੂੰ ਸੂਚਿਤ ਕੀਤਾ ਗਿਆ। ਪੁਲਸ ਮੌਕੇ 'ਤੇ ਪਹੁੰਚੀ ਅਤੇ ਲਾਸ਼ ਨੂੰ ਕਬਜ਼ੇ 'ਚ ਲੈ ਕੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਦੀ ਮੋਰਚਰੀ ਵਿਚ ਰੱਖਵਾਇਆ। ਮ੍ਰਿਤਕ ਦੇ ਭਰਾ ਦੇ ਬਿਆਨਾਂ ਦੇ ਆਧਾਰ 'ਤੇ ਪੁਲਸ ਨੇ ਦੋਸ਼ੀ ਬਾਈਕ ਚਾਲਕ ਪਵਨਦੀਪ ਸਿੰਘ ਵਿਰੁੱਧ ਤੇਜ਼ ਰਫ਼ਤਾਰ, ਲਾਪਰਵਾਹੀ ਨਾਲ ਗੱਡੀ ਚਲਾਉਣ ਅਤੇ ਸੜਕ ਹਾਦਸੇ ਵਿੱਚ ਮੌਤ ਦਾ ਕਾਰਨ ਬਣਨ ਦੀਆਂ ਸਬੰਧਤ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਹੈ। ਜਾਂਚ ਅਧਿਕਾਰੀ ਨੇ ਦੱਸਿਆ ਕਿ ਪੁਲਸ ਮਾਮਲੇ 'ਚ ਅਗਲੇਰੀ ਕਾਨੂੰਨੀ ਕਾਰਵਾਈ ਕਰ ਰਹੀ ਹੈ ਅਤੇ ਦੋਸ਼ੀ ਵਿਰੁੱਧ ਢੁੱਕਵੀਂ ਕਾਰਵਾਈ ਕਰੇਗੀ।

ਬਿਜਲੀ ਠੀਕ ਕਰਦਿਆਂ ਵਾਪਰਿਆ ਭਾਣਾ, ਪੀਐੱਸਪੀਸੀਐਲ ਦੇ ਮੁਲਾਜ਼ਮ ਦੀ ਦਰਦਨਾਕ ਮੌਤ

ਲੁਧਿਆਣਾ 28 ਅਕਤੂਬਰ। ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਦੀ ਅਸਟੇਟ ਡਵੀਜ਼ਨ ਅਧੀਨ ਪੈਂਦੇ ਮਿੱਲਰ ਗੰਜ ਦੇ ਕਬੀਰ ਨਗਰ

ਇਲਾਕੇ ਵਿਚ ਬਿਜਲੀ ਦਾ ਜ਼ੋਰਦਾਰ ਕਰੰਟ ਲੱਗਣ ਕਾਰਨ ਪਾਵਰਕਾਮ ਵਿਭਾਗ ਨਾਲ ਸਬੰਧਤ ਇਕ ਹੋਰ ਘਰ ਦਾ ਚਿਰਾਗ ਬੁੱਝ ਗਿਆ ਹੈ। ਜਵਾਨ ਪੁੱਤਰ ਸੁਖਦੀਪ ਸਿੰਘ ਦੀ ਮੌਤ ਦੀ ਖ਼ਬਰ ਸੁਣਨ ਤੋਂ ਬਾਅਦ ਘਰ ਵਿਚ ਮਾਤਮ ਛਾ ਗਿਆ ਹੈ। ਪਿਛਲੇ ਕੁੱਝ ਸਮੇਂ ਦੌਰਾਨ ਸੀ.ਐੱਚ.ਬੀ. ਤੇ ਕੰਟਰੈਕਟ ਬੇਸ ਮੁਲਾਜ਼ਮਾਂ ਦੀਆਂ ਹੋ ਰਹੀਆਂ ਦਰਦਨਾਕ ਮੌਤਾਂ ਦਾ ਸਿਲਸਿਲਾ ਥੰਮ?ਹਣ ਦਾ ਨਾਂ ਨਹੀਂ ਲੈ ਰਿਹਾ। ਇਸ ਦੌਰਾਨ ਸਮੇਂ-ਸਮੇਂ 'ਤੇ ਪਾਵਰਕਾਮ ਨਾਲ ਸਬੰਧਤ ਅਧਿਕਾਰੀਆਂ ਤੇ ਠੇਕੇਦਾਰਾਂ ਦੀ ਲਾਪਰਵਾਹੀ ਸਾਹਮਣੇ ਆਉਂਦੀ ਰਹਿੰਦੀ ਹੈ ਪਰ ਇਸ ਦੇ ਬਾਵਜੂਦ ਸਿਸਟਮ ਵਿਚ ਕੋਈ ਸੁਧਾਰ ਨਹੀਂ ਆ ਰਿਹਾ। ਮ੍ਰਿਤਕ ਸੁਖਦੀਪ ਸਿੰਘ ਪਾਵਰਕਾਮ ਵਿਭਾਗ ਵਿਚ ਪਿਛਲੇ ਕਰੀਬ 7 ਸਾਲਾਂ ਤੋਂ ਡਿਊਟੀ ਕਰ ਰਿਹਾ ਸੀ ਤੇ ਹੁਣੇ ਹੀ ਉਹ ਕੰਟਰੈਕਟ ਬੇਸ 'ਤੇ ਆਇਆ ਸੀ, ਜਿਸ ਕਾਰਨ ਘਰ ਵਿਚ ਖ਼ੁਸ਼ੀ ਦਾ ਮਾਹੌਲ ਸੀ ਪਰ ਉਸ ਦੀ ਮੌਤ ਦੀ ਖ਼ਬਰ ਤੋਂ ਬਾਅਦ ਪੂਰੇ ਘਰ ਵਿਚ ਹਨੇਰਾ ਛਾ ਗਿਆ । ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਦੀ ਅਸਟੇਟ ਡਵੀਜ਼ਨ ਵਿਚ ਤਾਇਨਾਤ ਐਕਸੀਅਨ ਗੁਰਮਨ ਸਿੰਘ ਸੋਮਲ ਨੇ ਸੁਖਦੀਪ ਸਿੰਘ ਦੀ ਮੌਤ "ਤੇ ਪਰਿਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਇਸ ਦੁੱਖ ਦੀ ਘੜੀ ਵਿਚ ਉਨ੍ਹਾਂ ਦੀ ਟੀਮ ਪਰਿਵਾਰ ਨਾਲ ਖੜ੍ਹੀ ਹੈ। ਬਿਜਲੀ ਦਾ ਜੰਪਰ ਬੰਦ ਕਰਨ ਸਮੇਂ ਸੁਖਦੀਪ ਸਿੰਘ ਅਚਾਨਕ ਕਰੰਟ ਦੀ ਲਪੇਟ ਵਿਚ ਆ ਗਿਆ। ਉਨ੍ਹਾਂ ਖ਼ਦਸ਼ਾ ਪ੍ਰਗਟਾਇਆ ਕਿ ਇਲਾਕੇ ਵਿਚ ਕਿਸੇ ਵਿਅਕਤੀ ਵੱਲੋਂ ਜਨਰੇਟਰ ਚਲਾਉਣ ਦੌਰਾਨ ਉਸ ਦੀ ਅਰਥਿੰਗ ਲਾਈਨਾਂ ਵਿਚ ਆ ਗਈ, ਜਿਸ ਕਾਰਨ ਇਹ ਦਰਦਨਾਕ ਹਾਦਸਾ ਵਾਪਰਿਆ। ਉਨ੍ਹਾਂ ਕਿਹਾ ਕਿ ਮਾਮਲੇ ਦੀ ਜਾਂਚ ਚੀਫ਼ ਇਲੈਕਟ?ਰੀਕਲ ਇੰਸਪੈਕਟਰ ਵੱਲੋਂ ਕੀਤੀ ਜਾ ਰਹੀ ਹੈ। ਸੁਖਦੀਪ ਸਿੰਘ ਦੇ ਬਕਾਇਆ ਫ਼ੰਡਾਂ ਦਾ ਲਾਭ ਵੀ ਪਰਿਵਾਰ ਤੱਕ ਪਹੁੰਚਾਉਣ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ।

ਪੰਜਾਬ 'ਚ ਵੱਡੀ ਕਾਰਵਾਈ, ਥਾਣਾ ਸਦਰ ਫਰੀਦਕੋਟ ਦਾ ਪੁਲਸ ਅਫ਼ਸਰ ਗ੍ਰਿਫ਼ਤਾਰ

ਕੌਮੀ ਪੜ੍ਹਿਕਾ

ਫਰੀਦਕੋਟ 28 ਅਕਤੂਬਰ। ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੁੱਧ ਵੱਡੀ ਕਾਰਵਾਈ ਕਰਦਿਆਂ ਥਾਣਾ ਸਦਰ ਫਰੀਦਕੋਟ ਵਿਖੇ ਤਾਇਨਾਤ ਏ.ਐੱਸ.ਆਈ. ਗੁਰਬਖਸ਼ ਸਿੰਘ ਨੂੰ 80 ਹਜ਼ਾਰ ਰੁਪਏ ਦੀ ਕਥਿਤ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ। ਵਿਜੀਲੈਂਸ ਦੀ ਫਿਰੋਜ਼ਪੁਰ ਰੇਂਜ ਦੀ ਟੀਮ ਨੇ ਸਾਦਿਕ ਵਿਖੇ ਇਕ ਢਾਬੇ 'ਤੇ ਜਾਲ ਵਿਛਾ ਕੇ ਇਹ ਕਾਰਵਾਈ ਕੀਤੀ। ਮੁਲਜ਼ਮ ਦੇ ਕਬਜ਼ੇ ਵਿਚੋਂ ਕਥਿਤ ਰਿਸ਼ਵਤ ਦੀ ਰਕਮ ਵੀ ਬਰਾਮਦ ਕੀਤੀ ਗਈ ਹੈ। ਵਿਜੀਲੈਂਸ ਅਧਿਕਾਰੀਆਂ ਅਨੁਸਾਰ, ਪਿੰਡ ਘੁਗਿਆਣਾ ਦੇ ਵਸਨੀਕ ਲੱਖਾ ਸਿੰਘ ਪੁੱਤਰ ਦਲੌਰ ਸਿੰਘ ਨੇ ਸ਼ਿਕਾਇਤ ਦਿੱਤੀ ਸੀ ਕਿ ਉਸ ਖ਼?ਲਾਫ਼ ਥਾਣਾ ਸਦਰ ਫਰੀਦਕੋਟ ਵਿਖੇ ਇਕ ਮੁਕੱਦਮਾ ਦਰਜ ਸੀ। ਇਸ ਮੁਕੱਦਮੇ ਨੂੰ ਰੱਦ ਕਰਵਾਉਣ ਅਤੇ ਜਾਂਚ ਵਿਚ ਮਦਦ ਕਰਨ ਦੇ ਬਦਲੇ ਏ.ਐੱਸ.ਆਈ. ਗੁਰਬਖਸ਼ ਸਿੰਘ ਵੱਲੋਂ ਕਥਿਤ ਤੌਰ 'ਤੇ ਰਿਸ਼ਵਤ ਮੰਗੀ ਗਈ ਸੀ। ਸ਼ਿਕਾਇਤ ਅਨੁਸਾਰ ਮੁਲਜ਼ਮ

ਪਹਿਲਾਂ ਹੀ 40 ਹਜ਼ਾਰ ਰੁਪਏ ਲੈ ਚੁੱਕਾ ਸੀ ਜਦਕਿ ਮੁਕੱਦਮਾ ਰੱਦ ਕਰਵਾਉਣ ਲਈ 80 ਹਜ਼ਾਰ ਰੁਪਏ ਹੋਰ ਮੰਗੇ ਜਾ ਰਹੇ ਸਨ। ਸ਼ਿਕਾਇਤਕਰਤਾ ਨੇ ਕਥਿਤ ਰਿਸ਼ਵਤ ਦੀ ਮੰਗ ਸਬੰਧੀ ਫ਼ੋਨ 'ਤੇ ਹੋਈ ਗੱਲਬਾਤ ਦੀ ਰਿਕਾਰਡਿੰਗ ਕਰਕੇ ਵਿਜੀਲੈਂਸ ਬਿਊਰੋ ਨੂੰ ਸੌਂਪੀ। ਸ਼ਿਕਾਇਤ ਅਤੇ ਰਿਕਾਰਡਿੰਗ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਦੀ ਟੀਮ ਨੇ ਮੁਲਜ਼ਮ ਨੂੰ ਕਾਬੂ ਕਰਨ ਲਈ ਯੋਜਨਾ ਬਣਾਈ। ਇਸ ਤਹਿਤ ਸ਼ਿਕਾਇਤਕਰਤਾ ਨੂੰ ਸਾਦਿਕ ਦੇ ਇਕ ਢਾਬੇ 'ਤੇ ਰਕਮ ਦੇਣ ਲਈ ਬੁਲਾਇਆ ਗਿਆ ਅਤੇ ਵਿਜੀਲੈਂਸ ਟੀਮ ਨੇ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿਚ ਨਿਗਰਾਨੀ ਰੱਖੀ। ਜਿਵੇਂ ਹੀ ਲੱਖਾ ਸਿੰਘ ਨੇ ਏ.ਐੱਸ.ਆਈ. ਨੂੰ 80 ਹਜ਼ਾਰ ਰੁਪਏ ਦੀ ਰਕਮ ਸੌਂਪੀ, ਵਿਜੀਲੈਂਸ ਟੀਮ ਨੇ ਤੁਰੰਤ ਕਾਰਵਾਈ ਕਰਦਿਆਂ ਉਸ ਨੂੰ ਮੌਕੇ 'ਤੇ ਹੀ ਗ੍ਰਿਫ਼ਤਾਰ ਕਰ ਲਿਆ। ਅਧਿਕਾਰੀਆਂ ਅਨੁਸਾਰ ਰਿਸ਼ਵਤ ਦੀ ਰਕਮ ਵੀ ਬਰਾਮਦ ਕਰ ਲਈ ਗਈ ਹੈ। ਵਿਜੀਲੈਂਸ ਬਿਊਰੋ ਦੇ ਫਿਰੋਜ਼ਪੁਰ ਰੇਂਜ ਦੇ ਥਾਣੇ ਵਿਚ ਮੁਲਜ਼ਮ ਖ਼?ਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੇ ਤਹਿਤ ਮੁਕੱਦਮਾ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਜਾਂਚ ਦੌਰਾਨ ਇਹ ਵੀ ਪਤਾ ਲਗਾਇਆ ਜਾ ਰਿਹਾ ਹੈ ਕਿ ਇਸ ਕਥਿਤ ਰਿਸ਼ਵਤ ਦੇ ਲੈਣ-ਦੇਣ ਵਿਚ ਕਿਸੇ ਹੋਰ ਪੁਲਸ ਮੁਲਾਜ਼ਮ ਜਾਂ ਵਿਚੋਲੇ ਦੀ ਭੂਮਿਕਾ ਤਾਂ ਨਹੀਂ ਸੀ।

ਪਟਨਾ ਨੇੜੇ ਜ਼ਹਿਰੀਲੀ ਸ਼ਰਾਬ ਪੀਣ ਨਾਲ 4 ਵਿਅਕਤੀਆਂ ਦੀ ਮੌਤ, ਪਿਆ ਚੀਕ-ਚਿਹਾੜਾ

ਪਟਨਾ 28 ਅਕਤੂਬਰ। ਬਿਹਾਰ ਦੀ ਰਾਜਧਾਨੀ ਪਟਨਾ ਨੇੜੇ ਜ਼ਹਿਰੀਲੀ ਸ਼ਰਾਬ ਪੀਣ ਨਾਲ 4 ਵਿਅਕਤੀਆਂ ਦੀ ਮੌਤ ਹੋ ਗਈ ਹੈ। ਸ਼ਾਹੀ ਥਾਣਾ ਖੇਤਰ ਦੇ ਅਧੀਨ ਆਉਂਦੇ ਬੇਧਨਾ ਪਿੰਡ ਦੇ ਵਾਸੀਆਂ ਨੇ ਦੱਸਿਆ ਕਿ ਸ਼ਨੀਵਾਰ ਰਾਤ 10-11 ਵਜੇ ਦੇ ਕਰੀਬ 4 ਨੌਜਵਾਨ ਪਾਰਟੀ ਕਰ ਰਹੇ ਸਨ। ਸ਼ਰਾਬ ਪੀਣ ਤੋਂ ਥੋੜ੍ਹੀ ਦੇਰ ਬਾਅਦ ਹੀ ਉਨ੍ਹਾਂ ਦੇ ਮੂੰਹਾਂ 'ਚੋਂ ਝੱਗ ਨਿਕਲਣ ਲੱਗੀ। ਇਸ ਦੌਰਾਨ ਮਾਰੇ ਗਏ ਲੋਕਾਂ ਦੀ ਪਛਾਣ ਸ਼ਸ਼ੀ ਕੁਮਾਰ (32), ਵਿਕਾਸ ਰਾਮ (40), ਪੰਕਜ ਸਿੰਘ (45) ਤੇ ਨੀਸ਼ੂ ਕੁਮਾਰ (30) ਵਾਸੀ ਬੇਧਨਾ ਪਿੰਡ ਵਜੋਂ ਹੋਈ ਹੈ। ਮੌਕੇ ਤੋਂ ਸ਼ਰਾਬ ਦੀ ਇਕ ਬੋਤਲ, ਖਾਲੀ ਟੈਟਰਾ ਪੈਕ ਤੇ ਕੁਝ ਸਨੈਕਸ ਵੀ ਬਰਾਮਦ ਹੋਏ ਹਨ। ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਸ਼ਰਾਬ ਪੀਣ ਤੋਂ ਬਾਅਦ ਚਾਰੇ ਵਿਅਕਤੀ ਅਸਹਿਜ ਮਹਿਸੂਸ ਕਰਨ ਲੱਗੇ। ਹਾਲਤ ਨਾਜ਼ੁਕ ਹੋਣ ਕਾਰਨ ਉਨ੍ਹਾਂ ਨੂੰ ਤੁਰੰਤ ਇਕ ਨਿੱਜੀ ਕਲੀਨਿਕ 'ਚ ਦਾਖਲ ਕਰਵਾਇਆ ਗਿਆ। ਫਿਰ ਬਾਰਹ ਸਥ-ਡਿਵੀਜ਼ਨਲ ਹਸਪਤਾਲ ਲਿਜਾਇਆ ਗਿਆ। ਹਾਲਤ ਵਧੇਰੇ ਨਾਜ਼ੁਕ ਹੋਣ ਕਾਰਨ ਉਨ੍ਹਾਂ ਨੂੰ ਪਟਨਾ ਦੇ ਐੱਨ. ਐੱਮ. ਸੀ. ਐੱਚ. ਰੈਫਰ ਕਰ ਦਿੱਤਾ ਗਿਆ।

ਮਾਨਸਾ ਧਰਨੇ 'ਚ ਜਾ ਰਿਹਾ ਸੀ ਨਸ਼ੇ ਕਾਰਨ ਮਰੇ ਮੁੰਡੇ ਦਾ ਪਰਿਵਾਰ, ਪੁਲਸ ਨੇ

ਭਾਰਤ ਦੀ ਸਰਹੱਦੀ ਸੁਰੱਖਿਆ ਹੋਵੇਗੀ ਹੋਰ ਮਜ਼ਬੂਤ ! 2029 ਤੱਕ ਸਿੱਕਮ ਤੋਂ ਭੂਟਾਨ ਤੱਕ ਪਹੁੰਚੇਗੀ ਰੇਲ

ਕੌਮੀ ਪੜ੍ਹਿਕਾ

ਨਵੀਂ ਦਿੱਲੀ 28 ਅਕਤੂਬਰ। ਉੱਤਰ-ਪੂਰਬ 'ਚ ਕਨੈਕਟੀਵਿਟੀ ਅਤੇ ਸਰਹੱਦੀ ਸੁਰੱਖਿਆ ਨੂੰ ਮਜ਼ਬੂਤ ਕਰਨ ਲਈ ਕੇਂਦਰ ਸਰਕਾਰ ਨੇ ਸਿੱਕਮ ਅਤੇ ਗੁਆਂਢੀ ਦੇਸ਼ ਭੂਟਾਨ ਤੱਕ ਰੇਲ ਪਹੁੰਚਾਉਣ ਦੀ ਕਵਾਇਦ ਤੇਜ਼ ਕਰ ਦਿੱਤੀ ਹੈ। ਸਰਕਾਰ ਨੇ ਸਿੱਕਮ ਵਿਚ ਸਾਲ 2027 ਅਤੇ ਭੂਟਾਨ 'ਚ 2029 ਤੱਕ ਰੇਲ ਸੇਵਾਵਾਂ ਸ਼ੁਰੂ ਕਰਨ ਦਾ ਟੀਚਾ ਤੈਅ ਕੀਤਾ ਹੈ। ਇਨ੍ਹਾਂ ਦੋਵਾਂ ਪ੍ਰਾਜੈਕਟਾਂ ਦੇ ਪੂਰੇ ਹੋਣ ਨਾਲ ਜਿਥੇ ਉੱਤਰ-ਪੂਰਬ ਦੇ ਦੂਰ-ਦੁਰਾਡੇ ਇਲਾਕਿਆਂ 'ਚ ਆਵਾਜਾਈ ਆਸਾਨ ਹੋਵੇਗੀ, ਉਥੇ ਭਾਰਤ ਦੀ ਸਮਰਥਕ ਅਤੇ ਰਣਨੀਤਿਕ ਸਥਿਤੀ ਵੀ ਮਜ਼ਬੂਤ ਹੋਵੇਗੀ। ਭਾਰਤ ਅਤੇ ਭੂਟਾਨ ਨੂੰ ਰੇਲ ਨੈੱਟਵਰਕ ਨਾਲ ਜੋੜਨ ਲਈ 69 ਕਿਲੋਮੀਟਰ ਲੰਬੀ ਅੰਤਰਰਾਸ਼ਟਰੀ ਰੇਲ ਲਾਈਨ 'ਤੇ ਲਗਭਗ 3,500 ਕਰੋੜ ਰੁਪਏ ਖਰਚ ਕੀਤੇ ਜਾ ਰਹੇ ਹਨ। ਕੋਕਰਾਝਾਰ-ਗੇਲੇਫੂ ਰੇਲ ਲਾਈਨ ਨੂੰ ਕੇਂਦਰ ਸਰਕਾਰ ਨੇ ਅਧਿਕਾਰਤ ਤੌਰ 'ਤੇ ਵਿਸ਼ੇਸ਼ ਰੇਲ ਪ੍ਰਾਜੈਕਟ ਦਾ ਦਰਜਾ ਦਿੱਤਾ ਹੈ। ਇਸ ਦਾ ਉਦੇਸ਼ ਪ੍ਰਬੰਧਕੀ ਅੜਚਨਾਂ ਨੂੰ ਦੂਰ ਕਰ ਕੇ ਜ਼ਮੀਨ ਐਕੁਆਇਰ ਕਰਨ ਅਤੇ ਵਣ ਮਨਜ਼ੂਰੀ ਵਰਗੇ ਕੰਮਾਂ 'ਚ ਤੇਜ਼ੀ ਲਿਆਉਣਾ ਹੈ। ਇਹ ਰੇਲ ਲਾਈਨ ਅਸਾਮ ਦੇ ਕੋਕਰਾਝਾਰ ਨੂੰ ਭੂਟਾਨ ਦੇ ਗੇਲੇਫੂ ਨਾਲ ਜੋੜੇਗੀ। ਇਸ ਨਾਲ ਦੋਵਾਂ ਦੇਸ਼ਾਂ ਵਿਚਾਲੇ ਯਾਤਰੀਆਂ ਅਤੇ ਮਾਲ ਦੀ ਆਵਾਜਾਈ ਆਸਾਨ ਹੋਣ ਦੇ ਨਾਲ-ਨਾਲ ਵਪਾਰਕ ਸਬੰਧਾਂ ਨੂੰ ਵੀ ਉਤਸ਼ਾਹ ਮਿਲੇਗਾ। ਖਾਸ ਗੱਲ ਇਹ ਹੈ ਕਿ ਇਹ ਰੇਲ ਸੰਪਰਕ ਭੂਟਾਨ ਦੀ ਪ੍ਰਸਤਾਵਿਤ 'ਗੇਲੇਫੂ ਮਾਈਂਡਫੁੱਲਨੈੱਸ ਸਿਟੀ' ਨੂੰ ਸਿੱਧਾ ਭਾਰਤੀ ਰੇਲ ਨੈੱਟਵਰਕ ਨਾਲ

ਜੋੜਨ 'ਚ ਮਦਦ ਕਰੇਗਾ। ਸਿੱਕਮ ਨੂੰ ਪਹਿਲੀ ਵਾਰ ਬ੍ਰਾਡਗੇਜ ਰੇਲ ਨੈੱਟਵਰਕ ਨਾਲ ਜੋੜਨ ਵਾਲੀ ਸੇਵੋਕ-ਰੰਗਪੋ ਰੇਲ ਯੋਜਨਾ ਵੀ ਤੇਜ਼ੀ ਨਾਲ ਅੱਗੇ ਵਧ ਰਹੀ ਹੈ। ਲਗਭਗ 44.96 ਕਿਲੋਮੀਟਰ ਲੰਬੀ ਇਸ ਰੇਲ ਲਾਈਨ ਦਾ ਵੱਡਾ ਹਿੱਸਾ ਸੁਰੰਗਾਂ ਰਾਹੀਂ ਲੰਘੇਗਾ। ਪ੍ਰਾਜੈਕਟ ਦੇ ਲਗਭਗ 86 ਤੋਂ 90 ਫੀਸਦੀ ਹਿੱਸੇ 'ਚ ਸੁਰੰਗਾਂ ਦਾ ਨਿਰਮਾਣ ਕੀਤਾ ਜਾ ਰਿਹਾ ਹੈ, ਜਿਸ ਨਾਲ ਇਹ ਦੇਸ਼ ਦੇ ਸਭ ਤੋਂ ਚੁਣੌਤੀਪੂਰਨ ਰੇਲ ਪ੍ਰਾਜੈਕਟਾਂ 'ਚ ਸ਼ਾਮਲ ਹੈ। ਇਸ ਪ੍ਰਾਜੈਕਟ ਦਾ ਸਭ ਤੋਂ ਖਾਸ ਹਿੱਸਾ ਤੀਸਤਾ ਬਾਜ਼ਾਰ ਰੇਲਵੇ ਸਟੇਸ਼ਨ ਹੈ, ਜੋ ਤੀਸਤਾ ਨਦੀ ਦੇ ਹੇਠਾਂ ਤਿਆਰ ਕੀਤਾ ਜਾ ਰਿਹਾ ਹੈ। ਇਹ ਦੇਸ਼ ਦਾ ਪਹਿਲਾ ਪੂਰੀ ਤਰ੍ਹਾਂ ਅੰਡਰ ਗਰਾਊਂਡ ਰੇਲਵੇ ਸਟੇਸ਼ਨ ਹੋਵੇਗਾ। ਲਗਭਗ 12,450 ਕਰੋੜ ਰੁਪਏ ਦੀ ਲਾਗਤ ਵਾਲੇ ਇਸ ਪ੍ਰਾਜੈਕਟ 'ਤੇ ਸੁਰੱਖਿਆ ਪ੍ਰੀਖਣ ਅਤੇ ਟ?ਰੇਨ ਸੰਚਾਲਨ ਦਸੰਬਰ 2027 ਤੱਕ ਸ਼ੁਰੂ ਕਰਨ ਦਾ ਟੀਚਾ ਹੈ। ਰੇਲ ਸੇਵਾ ਸ਼ੁਰੂ ਹੋਣ ਨਾਲ ਸਿੱਕਮ ਅਤੇ ਭੂਟਾਨ ਜਾਣ ਵਾਲੇ ਸੈਲਾਨੀਆਂ ਲਈ ਯਾਤਰਾ ਮੁਕਾਬਲਾਤਨ ਆਸਾਨ ਅਤੇ ਸਸਤੀ ਹੋ ਸਕਦੀ ਹੈ। ਇਸ ਨਾਲ ਸਥਾਨਕ ਕਾਰੋਬਾਰ, ਹੋਟਲ, ਟਰਾਂਸਪੋਰਟ ਅਤੇ ਰੋਜ਼ਗਾਰ ਦੇ ਅਵਸਰਾਂ ਨੂੰ ਵੀ ਉਤਸ਼ਾਹ ਮਿਲਣ ਦੀ ਉਮੀਦ ਹੈ। ਦੂਜੇ ਪਾਸੇ ਮਾਲ ਢੁਆਈ ਲਈ ਨਵਾਂ ਰੇਲ ਮਾਰਗ ਮਿਲਣ ਨਾਲ ਉੱਤਰ-ਪੂਰਬ ਦੇ ਵਪਾਰਕ ਕੇਂਦਰਾਂ ਅਤੇ ਭੂਟਾਨ ਵਿਚਕਾਰ ਆਰਥਿਕ ਗਤੀਵਿਧੀਆਂ 'ਚ ਤੇਜ਼ੀ ਆ ਸਕਦੀ ਹੈ। ਸਿੱਕਮ ਅਤੇ ਭੂਟਾਨ ਤੱਕ ਰੇਲ ਪਹੁੰਚਣ ਦਾ ਅਸਰ ਸਿਰਫ ਯਾਤਰੀ ਸਹੂਲਤਾਂ ਤੱਕ ਸੀਮਤ ਨਹੀਂ ਰਹੇਗਾ। ਦੋਵੇਂ ਪ੍ਰਾਜੈਕਟ ਭਾਰਤ ਦੀ ਸਰਹੱਦੀ ਸੁਰੱਖਿਆ ਅਤੇ ਮਿਲਟਰੀ ਸਾਜੋ-ਸਾਮਾਨ ਵਿਵਸਥਾ ਲਈ ਵੀ ਮਹੱਤਵਪੂਰਨ ਮੰਨੇ ਜਾ ਰਹੇ ਹਨ। ਚੀਨ ਅਤੇ ਭੂਟਾਨ ਨਾਲ ਲੱਗਦੀਆਂ ਸਰਹੱਦਾਂ ਦੇ ਨੇੜਲੇ ਕਈ ਇਲਾਕਿਆਂ 'ਚ ਖਰਾਬ ਮੌਸਮ, ਢਾਹਾਂ ਡਿੱਗਣ ਅਤੇ ਅੱਖੀਆਂ ਭੂਗੋਲਿਕ ਸਥਿਤੀਆਂ ਕਾਰਨ ਸੜਕੀ ਸੰਪਰਕ ਪ੍ਰਭਾਵਿਤ ਹੁੰਦਾ ਰਹਿੰਦਾ ਹੈ। ਰੇਲ ਨੈੱਟਵਰਕ ਤਿਆਰ ਹੋਣ ਤੋਂ ਬਾਅਦ ਸਿਪਾਹੀਆਂ, ਮਿਲਟਰੀ ਸਾਜੋ-ਸਾਮਾਨ ਅਤੇ ਹੋਰ ਜ਼ਰੂਰੀ ਵਸਤੂਆਂ ਦੀ ਆਵਾਜਾਈ ਵਧੇਰੇ ਤੇਜ਼ ਅਤੇ ਭਰੋਸੇਮੰਦ ਹੋ ਸਕੇਗੀ। ਰਣਨੀਤਿਕ ਤੌਰ 'ਤੇ ਸੰਵੇਦਨਸ਼ੀਲ ਖੇਤਰਾਂ ?ਵਿਚ ਹਰ ਮੌਸਮ 'ਚ ਕਨੈਕਟੀਵਿਟੀ ਮਿਲਣ ਨਾਲ ਐਮਰਜੈਂਸੀ ਸਥਿਤੀ 'ਚ ਪ੍ਰਤੀਕਿਰਿਆ ਦੀ ਸਮਰੱਥਾ ਵੀ ਵਧੇਗੀ।

ਕਹਿਰ ਓ ਰੱਬਾ ! ਹਾਦਸੇ ਨੇ ਉਜਾੜਿਆ ਪਰਿਵਾਰ, 5 ਭੈਣਾਂ ਦੇ ਇਕਲੌਤੇ ਭਰਾ ਦੀ ਦਰਦਨਾਕ ਮੌਤ

ਗੋਰਾਇਆ 28 ਅਕਤੂਬਰ। ਗੋਰਾਇਆ ਦੇ ਪਿੰਡ ਚੀਮਾ ਖੁਰਦ ਗੇਟ ਦੇ ਨਜ਼ਦੀਕ ਬੀਤੀ ਰਾਤ ਟਰੈਕਟਰ ਅਤੇ ਮੋਟਰਸਾਈਕਲ ਵਿਚਕਾਰ ਹੋਈ ਭਿਆਨਕ ਟੱਕਰ ਦੌਰਾਨ ਮੋਟਰਸਾਈਕਲ ਚਾਲਕ ਨੌਜਵਾਨ ਦੀ ਮੌਤ ਹੋ ਗਈ। ਹਾਦਸੇ ਵਿਚ ਨੌਜਵਾਨ ਗੰਭੀਰ ਰੂਪ ਵਿਚ ਜ਼ਖ਼ਮੀ ਹੋ ਗਿਆ ਸੀ, ਜਿਸ ਨੂੰ ਇਲਾਜ ਲਈ ਲਿਜਾਇਆ ਜਾ ਰਿਹਾ ਸੀ ਪਰ ਉਸ ਨੇ ਰਸਤੇ ਵਿਚ ਹੀ ਦਮ ਤੋੜ ਦਿੱਤਾ। ਮ੍ਰਿਤਕ ਦੀ ਪਛਾਣ ਨਵੀ ਪੁੱਤਰ ਦੁਨੀ ਚੰਦ ਵਾਸੀ ਪਿੰਡ ਲੱਲੀਆਂ ਥਾਣਾ ਗੋਰਾਇਆ ਵਜੋਂ ਹੋਈ ਹੈ। ਦੱਸਿਆ ਜਾ ਰਿਹਾ ਹੈ ਕਿ ਨਵੀ ਪੰਜ ਭੈਣਾਂ ਦਾ ਇਕਲੌਤਾ ਭਰਾ ਸੀ। ਨੌਜਵਾਨ ਦੀ ਅਚਾਨਕ ਮੌਤ ਦੀ ਖ਼ਬਰ ਮਿਲਦਿਆਂ ਹੀ ਪਰਿਵਾਰ ਅਤੇ ਪਿੰਡ ਵਿਚ ਸੋਗ ਦੀ ਲਹਿਰ ਦੌੜ ਗਈ। ਮੌਕੇ 'ਤੇ ਮੌਜੂਦ ਰਾਹਗੀਰਾਂ ਮੁਤਾਬਕ ਟਰੈਕਟਰ ਦੀ ਇਕ ਹੀ ਲਾਈਟ ਚੱਲ ਰਹੀ ਸੀ ਅਤੇ ਟਰੈਕਟਰ ਕਥਿਤ ਤੌਰ 'ਤੇ ਗਲਤ ਸਾਈਡ ਤੋਂ ਆ ਰਿਹਾ ਸੀ, ਜਿਸ ਕਾਰਨ ਇਹ ਹਾਦਸਾ ਵਾਪਰਿਆ। ਦੱਸਿਆ ਗਿਆ ਹੈ ਕਿ ਹਾਦਸੇ ਦੀ ਘਟਨਾ ਨੇੜੇ ਲੱਗੇ ਸੀ. ਸੀ. ਟੀ. ਵੀ. ਕੈਮਰਿਆਂ ਵਿਚ ਵੀ ਕੈਦ ਹੋਈ ਹੈ।

ਆਬਾਕਾਰੀ ਵਿਭਾਗ ਦੀ ਟੀਮ ਨੇ ਢਾਬਿਆਂ ਅਤੇ ਸਟੋਰਾਂ ਦੀ ਕੀਤੀ ਜਾਂਚ

ਬਨੂੜ 28 ਅਕਤੂਬਰ। ਤਿਉਹਾਰਾਂ ਦੇ ਮੱਦੇਨਜ਼ਰ ਆਬਾਕਾਰੀ ਵਿਭਾਗ ਨੇ ਸਹਾਇਕ ਕਮਿਸ਼ਨਰ ਅਸ਼ੋਕ ਚਲੋਤਰਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਈ. ਟੀ. ਓ. ਦੀਵਾਨ ਚੰਦ ਸ਼ਰਮਾ ਦੀ ਅਗਵਾਈ ਹੇਠ ਸ਼ਰਾਬ ਦੇ ਗੁਦਾਮਾਂ, ਢਾਬਿਆਂ, ਭੱਠਿਆਂ, ਪਟਰੋਲ ਪੰਪਾਂ ਅਤੇ ਸੁੰਨੀਪਾਈ ਥਾਵਾਂ ਦੀ ਅਚਨਚੇਤ ਜਾਂਚ ਕੀਤੀ ਅਤੇ ਭੱਠਿਆਂ 'ਤੇ ਕੰਮ ਕਰਦੇ ਮਜ਼ਦੂਰਾਂ ਨੂੰ ਨਾਜਾਇਜ਼ ਅਤੇ ਗੈਰ ਪ੍ਰਵਾਨਿਤ ਸ਼ਰਾਬ ਨਾਲ ਜੁੜੇ ਗੰਭੀਰ ਸਿਹਤ ਖਤਰਿਆਂ ਬਾਰੇ ਜਾਗਰੂਕ ਕੀਤਾ। ਖਰੜ ਸਰਕਲ ਦੇ ਆਬਾਕਾਰੀ ਇੰਸਪੈਕਟਰ ਅਸ਼ੋਕ ਕੁਮਾਰ ਨੇ ਦੱਸਿਆ ਕਿ ਅੱਜ ਸ਼ਰਾਬ ਦੇ ਠੇਕਿਆਂ, ਸਟੋਰਜ਼, ਢਾਬੇ, ਸ਼ੈਲਰ, ਪਟਰੋਲ ਪੰਪ ਤੇ ਭੱਠਿਆਂ ਦੀ ਜਾਂਚ ਕੀਤੀ ਗਈ ਅਤੇ ਨਜਾਇਜ਼ ਸ਼ਰਾਬ ਦੀ ਵਰਤੋਂ ਅਤੇ ਵਿਕਰੀ ਦਾ ਵੀ ਨਿਰਿਖਣ ਕੀਤਾ ਗਿਆ। ਉਨਾਂ ਕਿਹਾ ਕਿ ਟੀਮ ਨੇ ਸ਼ਰਾਬ ਦੀ ਸੰਭਾਵਿਤ ਸਟੋਰੇਜ਼ ਤੇ ਕਈ ਸੁੰਨਸਾਨ ਬਿਲਡਿੰਗਾਂ ਦੀ ਜਾਂਚ ਕੀਤੀ ਗਈ। ਉਨ੍ਹਾਂ ਕਿਹਾ ਕਿ ਟੀਮ ਨੇ ਭੱਠਿਆਂ 'ਤੇ ਕੰਮ ਕਰਦੇ ਮਜ਼ਦੂਰਾਂ ਨੂੰ ਨਾਜਾਇਜ਼ ਸ਼ਰਾਬ ਅਤੇ ਸਿਹਤ 'ਤੇ ਪੈਣ ਵਾਲੇ ਬੁਰੇ ਪ੍ਰਭਾਵਾਂ ਤੋਂ ਜਾਗਰੂਕ ਕੀਤਾ ਅਤੇ ਨਾਜਾਇਜ਼ ਸ਼ਰਾਬ ਦੀ ਵਿਕਰੀ ਬਾਰੇ ਵਿਭਾਗ ਨੂੰ ਜਾਣੂ ਕਰਾਉਣ ਲਈ ਮੁਬਾਇਲ ਨੰਬਰ ਜਾਰੀ ਕੀਤੇ ਗਏ।

NAME CHANGE
I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

NAME CHANGE
I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

NAME CHANGE
I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

NAME CHANGE
I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

NAME CHANGE
I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

NAME CHANGE
I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

NAME CHANGE
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

PUBLIC NOTICE
It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

PUBLIC NOTICE
It is for general information that I INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR-2211-005020356. The actual name of mine is INDU CHAUHAN which may be amended accordingly

PUBLIC NOTICE
It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

NAME CHANGE
I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

NAME CHANGE
It is for general information that I ASHISH KUMAR SINHA S/o KHAGEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

PUBLIC NOTICE
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

NAME CHANGE
I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

NAME CHANGE
I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

NAME CHANGE
I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

NAME CHANGE
I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

NAME CHANGE
I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

NAME CHANGE
I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

NAME CHANGE
I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

NAME CHANGE
I Suvita Rana(d/o.Shri Omvir Singh) wife of Vikram Singh Rana was Suvita Rani before Marriage. After marriage I am also known as Suvita Rana and as such in my daughter's educational certificate my name (as her mother) is endorsed as Suvita Rana. Thus I affirm and confirm that Suvita Rani (my maiden name) and Suvita Rana (my name having surname of my husband Vikram Singh Rana) is the same person.

NAME CHANGE
I, HASINA BEGAM KHAN W/O SALIM IQBAL KHAN R/O TAURU ROAD, MARIA MANJIL SCHOOL ,ARAVALY COLONY, NUH, MEWAT, HARYANA-122107 HAVE CHANGED MY NAME TO HASINA BEGAM FOR ALL PURPOSE.

NAME CHANGE
It is for general information that I, DINDAYAL KAPIL S/o BANWAR LAL KAPIL, R/o RZ-12 G, Gali No. 3, Gandhi Market, New Delhi, West Sagar Pur, South West Delhi, Delhi - 110046, declare that name of mine has been wrongly written as DINDAYAL in my PPO No. 08/14/8/05982/1994. The actual name of mine is DINDAYAL KAPIL, which may be amended accordingly.

PUBLIC NOTICE
It is for general information that I, NIDHI AGGARWAL YADAV D/o VIRENDER KUMAR AGGARWAL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

NAME CHANGE
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

NAME CHANGE
I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR for all future purposes vide Affidavit Dated 05/09/2023 before Notary Public, Delhi.

NAME CHANGE
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

PUBLIC NOTICE
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

NAME CHANGE
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

NAME CHANGE
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

NAME CHANGE
I, Sudama Sharma S/O Devi Ram Sharma,R/O A - 3/106 - 107 , Sector-16 Rohini, Rohini Sector 15, North West Delhi, Delhi - 110089, have changed the name of my minor son namely Yash Sharma aged 15 years and he shall hereafter be known as Aayush Sharma.

NAME CHANGE
I, S VANITHA W/o No. 14838283N Rank-HAV/MT Name-RAMESH P R/o VILL-SEDRAMPUTTU, PO-SEDRAMPUTTU, TEH-POLUR, DIST-THRUVANNAMALAI, TAMIL NADU-632315, have changed my name from S VANITHA to VANITHA R for all future purposes vide Affidavit dated 15/07/2025 before Notary Public, Kupwara.

NAME CHANGE
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

NAME CHANGE
I, SANJAY KUMAR CHOUDHARY S/o LATE SH. LAXMAN CHAUDHARY Permanent R/o Parsauni Khirodhar, Sitamarhi, Bihar-843325 and Presently Residing at Plot No. B-20, Second Floor, Dass Garden, Baprola Vihar, Najafgarh, New Delhi-110043. declare that name of mine has been wrongly written as SANJAY CHOUDHARY in my minor daughter namely SHIWANGI CHOUDHARY aged 17 years in her 10th class Marksheet. The actual name of mine is SANJAY KUMAR CHOUDHARY, which may be amended accordingly.

NAME CHANGE
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

NAME CHANGE
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

PUBLIC NOTICE
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

[NAVEEN KUMAR VERMA]
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

PUBLIC NOTICE
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.

ARJUN BIDHURI Advocate
CH. NO.536, Saket Courts
New Delhi-110017.

NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

PUBLIC NOTICE
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & S

ਕਿਸਾਨਾਂ ਨੂੰ 24 ਘੰਟਿਆਂ ’ਚ ਫਸਲ ਦਾ ਭੁਗਤਾਨ ਕੀਤਾ ਜਾ ਰਿਹੈ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

➢ ਮੰਡੀਆਂ ਵਿੱਚ ਫਸਲ ਦੇ ਭੰਡਾਰਨ ਲਈ ਥਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ➢ ਮੰਡੀਆਂ ਵਿੱਚ ਪਏ ਅਨਾਜ ਦੀ ਢੋਆ-ਢੁਆਈ ਲਈ ਵਿਸ਼ੇਸ਼ ਰੇਲ ਗੱਡੀਆਂ ਚਲਾਈਆਂ ਜਾ ਰਹੀਆਂ ਹਨ ➢ ਸਰਕਾਰ ਵੱਲੋਂ ਸਾਰੇ ਮਸਲੇ ਹੱਲ; ਕਿਸਾਨ ਅਤੇ ਆੜ੍ਹਤੀਏ ਬੇਹੱਦ ਖੁਸ਼

ਰਾਜਪੁਰਾ, 28 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਰਾਜਪੁਰਾ ਮੰਡੀ ਵਿਖੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਪੰਜਾਬ ਵਿੱਚ ਝੋਨੇ ਦੀ ਖਰੀਦ ਨਿਰਵਿਘਨ ਚੱਲ ਰਹੀ ਹੈ। ਕਿਸਾਨਾਂ ਨੂੰ 24 ਘੰਟਿਆਂ ਦੇ ਅੰਦਰ ਭੁਗਤਾਨ ਕੀਤਾ ਜਾ ਰਿਹਾ ਹੈ, ਅਨਾਜ ਦੀ ਢੋਆ-ਢੁਆਈ ਲਈ ਵਿਸ਼ੇਸ਼ ਰੇਲ ਗੱਡੀਆਂ ਚਲਾਈਆਂ ਜਾ ਰਹੀਆਂ ਹਨ ਅਤੇ ਸਰਕਾਰ ਮੰਡੀਆਂ ਵਿੱਚ ਫਸਲ ਦੇ ਭੰਡਾਰਨ ਲਈ ਲੋੜੀਂਦੀ ਥਾਂ ਯਕੀਨੀ ਬਣਾਉਣ ਲਈ ਕੰਮ ਕਰ ਰਹੀ ਹੈ। ਕਿਸਾਨਾਂ, ਆੜ੍ਹਤੀਆਂ ਅਤੇ ਹੋਰ ਸਬੰਧਤ ਧਿਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਆਪਸੀ ਤਾਲਮੇਲ ਨਾਲ ਸਾਰੇ ਅਹਿਮ ਮਸਲੇ ਹੱਲ ਕਰ ਲਏ ਗਏ ਹਨ। ਉਨ੍ਹਾਂ ਕਿਹਾ ਕਿ ਝੋਨੇ ਦੀ ਚੰਗੀ ਪੈਦਾਵਾਰ ਕਿਸਾਨਾਂ ਲਈ ਦੀਵਾਲੀ ਨੂੰ ਹੋਰ ਖੁਸ਼ਹਾਲ ਬਣਾਏਗੀ। ਉਨ੍ਹਾਂ ਕਿਹਾ ਕਿ ਹਰ ਖੇਤ ਤੱਕ ਨਹਿਰੀ ਪਾਣੀ ਪਹੁੰਚਾਉਣ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਵਧੇਗੀ ਅਤੇ ਧਰਤੀ ਹੇਠਲੇ ਪਾਣੀ ਦੀ ਬੱਚਤ ਹੋਵੇਗੀ।

ਇਸ ਦੌਰੇ ਦੀ ਇੱਕ ਵੀਡੀਓ ਸਾਂਝੀ ਕਰਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 'ਐਕਸ' ਅਕਾਊਂਟ 'ਤੇ ਲਿਖਿਆ: ਪੰਜਾਬ ਦੇ ਕਿਸਾਨ ਭਰਾਵਾਂ ਦੀ ਦਿਨ-ਰਾਤ ਦੀ ਅਣਥੱਕ ਮਿਹਨਤ ਅੱਜ ਵਧੇਰੇ ਪੈਦਾਵਾਰ ਅਤੇ ਬਿਹਤਰ ਆਮਦਨ ਦੇ ਰੂਪ ਵਿੱਚ ਰੰਗ ਲਿਆ ਰਹੀ ਹੈ। ਖੇਤਾਂ ਤੋਂ ਲੈ ਕੇ ਮੰਡੀਆਂ ਤੱਕ, ਤੁਹਾਡੀ ਆਪਣੀ ਸਰਕਾਰ ਹਰ ਕਦਮ 'ਤੇ ਤੁਹਾਡੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ, ਤਾਂ ਜੋ ਤੁਹਾਨੂੰ ਤੁਹਾਡੀ ਫਸਲ ਦਾ ਪੂਰਾ ਮੁੱਲ ਮਿਲ ਸਕੇ। ਸਾਡੇ ਕਿਸਾਨਾਂ ਦੀ ਖੁਸ਼ਹਾਲੀ ਹੀ ਪੰਜਾਬ ਦੀ ਤਰੱਕੀ ਹੈ।

ਖਰੀਦ ਪ੍ਰਕਿਰਿਆ ਦਾ ਜਾਇਜ਼ਾ ਲੈਣ ਲਈ ਅਨਾਜ ਮੰਡੀ ਦਾ ਦੌਰਾ ਕਰਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਵੀਰਵਾਰ ਤੱਕ ਸੂਬੇ ਭਰ ਦੀਆਂ ਮੰਡੀਆਂ ਵਿੱਚ 62.07 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਹੈ, ਜਿਸ ਵਿੱਚੋਂ 60.50 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ ਅਤੇ ਕਿਸਾਨਾਂ ਨੂੰ 12,969.01 ਕਰੋੜ ਰੁਪਏ ਦੀ ਅਦਾਇਗੀ ਕੀਤੀ ਗਈ ਹੈ। ਉਨ੍ਹਾਂ ਕਿਹਾ, ਜਿੱਥੇ ਵੀ ਝੋਨਾ ਪਹੁੰਚਿਆ ਹੈ, ਉੱਥੇ ਬਿਨਾਂ ਕਿਸੇ ਦੇਰੀ ਦੇ ਉਸ ਦੀ ਖਰੀਦ ਕੀਤੀ ਗਈ ਹੈ, ਜਿਸ ਨਾਲ ਕਿਸਾਨਾਂ ਨੂੰ ਬਹੁਤ ਫਾਇਦਾ ਹੋਇਆ ਹੈ। ਇਹ ਬੇਹੱਦ ਮਾਣ ਅਤੇ ਤਸੱਲੀ ਵਾਲੀ ਗੱਲ ਹੈ ਕਿ ਸਾਰੀਆਂ ਸਬੰਧਤ ਧਿਰਾਂ ਖੁਸ਼ ਹਨ ਅਤੇ ਕਿਸੇ ਵੀ ਤਰ੍ਹਾਂ ਦੀ ਕੋਈ ਸਮੱਸਿਆ ਨਹੀਂ ਹੈ। ਸਾਰੀ ਪ੍ਰਕਿਰਿਆ ਬਹੁਤ ਸੁਚਾਰੂ ਢੰਗ ਨਾਲ ਚੱਲ ਰਹੀ ਹੈ, ਜਿਸ ਵਿੱਚ ਸ਼ਾਮਲ ਸਾਰੀਆਂ ਧਿਰਾਂ ਵਿਚਕਾਰ ਸ਼ਾਨਦਾਰ ਤਾਲਮੇਲ, ਆਪਸੀ ਸਮਝ ਅਤੇ ਭਰੋਸਾ ਕਾਇਮ ਹੈ।

ਮੁੱਖ ਮੰਤਰੀ ਨੇ ਕਿਹਾ, ਇਸ ਸਾਲ ਝੋਨਾ ਸੁੱਕਾ ਹੈ ਅਤੇ ਫਸਲ ਦਾ ਝਾੜ ਵੀ ਉਤਸ਼ਾਹਜਨਕ ਰਿਹਾ ਹੈ। ਫਰੀਦਕੋਟ, ਸੰਗਰੂਰ ਅਤੇ ਗੁਰਦਾਸਪੁਰ ਵਰਗੇ ਇਲਾਕਿਆਂ ਵਿੱਚ ਬਾਸਮਤੀ ਦੀ ਪੈਦਾਵਾਰ ਬਹੁਤ ਵਧੀਆ ਰਹੀ ਹੈ। ਬਾਸਮਤੀ ਦੀ ਖੇਤੀ ਕਰਨ ਵਾਲੇ ਕਿਸਾਨਾਂ ਨੂੰ ਬਹੁਤ ਚੰਗੇ ਭਾਅ ਮਿਲ ਰਹੇ ਹਨ ਅਤੇ ਉਹ ਵਧੇਰੇ ਝਾੜ ਤੋਂ ਬਹੁਤ ਖੁਸ਼ ਹਨ, ਜਿਸ ਨਾਲ ਉਨ੍ਹਾਂ ਦੀ ਆਮਦਨ ਵਿੱਚ ਵੀ ਚੋਖਾ ਵਾਧਾ ਹੋ ਰਿਹਾ ਹੈ। ਨਹਿਰੀ ਸਿੰਚਾਈ ਦੀ ਮਹੱਤਤਾ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ, "ਨਹਿਰੀ ਪਾਣੀ ਫਸਲਾਂ ਲਈ ਦੇਸੀ ਘਿਓ ਵਾਂਗ ਹੈ। ਇਹ ਆਪਣੇ ਨਾਲ ਜ਼ਰੂਰੀ ਪੌਸ਼ਟਿਕ ਤੱਤ ਅਤੇ ਜ਼ਰਖ਼ੇਜ਼ ਮਿੱਟੀ ਲਿਆਉਂਦਾ ਹੈ, ਜਿਸ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਵਧਦੀ ਹੈ। ਮੈਨੂੰ ਉਮੀਦ ਹੈ ਕਿ ਆਉਣ ਵਾਲੇ ਸਾਲਾਂ ਵਿੱਚ ਪੰਜਾਬ ਦੀ ਜ਼ਮੀਨ ਦੀ ਉਪਜਾਊ ਸ਼ਕਤੀ ਵਿੱਚ ਹੋਰ ਸੁਧਾਰ ਹੋਵੇਗਾ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, "ਇਸ ਸਾਲ ਘੱਟ ਮੀਂਹ ਪੈਣ ਦੇ ਬਾਵਜੂਦ, ਧਰਤੀ ਹੇਠਲੇ ਪਾਣੀ ਦੀ ਵਰਤੋਂ ਘੱਟ ਹੋਈ ਹੈ ਕਿਉਂਕਿ ਨਹਿਰੀ ਪਾਣੀ ਲੋੜੀਂਦੀ ਮਾਤਰਾ ਵਿੱਚ ਉਪਲਬਧ ਕਰਵਾਇਆ ਗਿਆ ਹੈ। ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਪੰਜਾਬ ਆਪਣੇ ਧਰਤੀ ਹੇਠਲੇ ਪਾਣੀ ਦੇ ਕੀਮਤੀ ਸਰੋਤਾਂ ਦੀ ਸੰਭਾਲ ਕਰ ਰਿਹਾ ਹੈ।"

ਅਨਾਜ ਮੰਡੀ ਦੇ ਦੌਰੇ ਬਾਰੇ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ, "ਮੈਂ ਅਕਸਰ ਰਾਜਪੁਰਾ ਅਨਾਜ ਮੰਡੀ ਦਾ ਦੌਰਾ ਕਰਦਾ ਰਹਿੰਦਾ ਹਾਂ। ਅੱਜ ਮੈਂ ਪਟਿਆਲੇ ਜਾਣਾ ਸੀ, ਪਰ ਇੱਥੋਂ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਅਤੇ ਇਹ ਯਕੀਨੀ ਬਣਾਉਣ ਲਈ ਕਿ ਕਿਸੇ ਨੂੰ ਕੋਈ ਦਿੱਕਤ ਤਾਂ ਪੇਸ਼ ਨਹੀਂ ਆ ਰਹੀ, ਮੈਂ ਇੱਥੇ ਰੁਕਣ ਦਾ ਫੈਸਲਾ ਕੀਤਾ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "24 ਘੰਟਿਆਂ ਦੇ ਅੰਦਰ-ਅੰਦਰ ਅਦਾਇਗੀਆਂ ਕੀਤੀਆਂ ਜਾ ਰਹੀਆਂ ਹਨ ਅਤੇ ਨਕਦ ਕਰਜ਼ਾ ਹੱਦ (ਸੀਸੀਐਲ) ਤਹਿਤ ਫੰਡ ਪ੍ਰਾਪਤ ਹੋ ਚੁੱਕੇ ਹਨ। ਸੂਬਾ ਸਰਕਾਰ, ਭਾਰਤੀ ਖ਼ੁਰਾਕ ਨਿਗਮ (ਐਫਸੀਆਈ) ਅਤੇ ਹੋਰ ਅਥਾਰਟੀਆਂ ਨਾਲ ਲਗਾਤਾਰ ਸੰਪਰਕ ਵਿੱਚ ਹੈ ਤਾਂ ਜੋ ਰਾਈਸ ਮਿੱਲਾਂ ਦੀ ਭੰਡਾਰਨ ਲਈ ਥਾਂ ਸਬੰਧੀ ਕਿਸੇ ਵੀ ਸਮੱਸਿਆ ਨੂੰ ਹੱਲ ਕੀਤਾ ਜਾ ਸਕੇ।"

ਉਨ੍ਹਾਂ ਅੱਗੇ ਦੱਸਿਆ ਕਿ ਪੰਜਾਬ ਤੋਂ ਅਨਾਜ ਦੀ ਢੋਆ-ਢੁਆਈ ਨੂੰ ਆਸਾਨ ਬਣਾਉਣ ਅਤੇ ਖ਼ਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਜਾਰੀ ਰੱਖਣ ਲਈ ਵਿਸ਼ੇਸ਼ ਰੇਲ ਗੱਡੀਆਂ ਚਲਾਈਆਂ ਜਾ ਰਹੀਆਂ ਹਨ।

ਦੀਵਾਲੀ ਦੇ ਤਿਉਹਾਰ ਪ੍ਰਤੀ ਆਸ ਪ੍ਰਗਟ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮੈਨੂੰ ਉਮੀਦ ਹੈ ਕਿ ਇਹ ਦੀਵਾਲੀ ਪੰਜਾਬ ਦੇ ਕਿਸਾਨਾਂ, ਆੜ੍ਹਤੀਆਂ, ਰਾਈਸ ਮਿੱਲ ਮਾਲਕਾਂ ਅਤੇ ਟਰਾਂਸਪੋਰਟਰਾਂ ਲਈ ਖਾਸ ਤੌਰ 'ਤੇ ਖੁਸ਼ੀਆਂ ਲੈ ਕੇ ਆਵੇਗੀ। ਸਾਰੀਆਂ ਧਿਰਾਂ ਆਪਸੀ ਤਾਲਮੇਲ ਨਾਲ ਕੰਮ ਕਰ ਰਹੀਆਂ ਹਨ ਅਤੇ ਮੈਨੂੰ ਪੂਰਾ ਭਰੋਸਾ ਹੈ ਕਿ ਇਹ ਤਿਉਹਾਰ ਸਾਰਿਆਂ ਲਈ ਖੁਸ਼ਹਾਲੀ ਲੈ ਕੇ ਆਵੇਗਾ।"

ਰੋਪੜ ਦੇ ਅੱਗ ਪੀੜਤ ਵਪਾਰੀ ਦੇ ਹੱਕ ਵਿੱਚ ਨਿੱਤਰੇ ਵਿਧਾਇਕ ਦਿਨੇਸ਼ ਚੱਢਾ, ਹਰ ਸੰਭਵ ਮਦਦ ਦਾ ਦਿੱਤਾ ਭਰੋਸਾ

ਰੂਪਨਗਰ, 28 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਰੋਪੜ ਦੇ ਮੇਨ ਬਾਜ਼ਾਰ ਵਿੱਚ ਸ਼ੁੱਕਰਵਾਰ ਤੜਕਸਾਰ ਇੱਕ ਵਪਾਰੀ ਦੇ ਗੋਦਾਮ ਵਿੱਚ ਲੱਗੀ ਭਿਆਨਕ ਅੱਗ ਕਾਰਨ ਹੋਏ ਭਾਰੀ ਨੁਕਸਾਨ ਤੋਂ ਬਾਅਦ ਹਲਕਾ ਰੂਪਨਗਰ ਦੇ ਵਿਧਾਇਕ ਦਿਨੇਸ਼ ਚੱਢਾ ਨੇ ਮੌਕੇ 'ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ।

ਇਸ ਮੌਕੇ ਉਨ੍ਹਾਂ ਨੇ ਅੱਗ ਦੀ ਘਟਨਾ ਕਾਰਨ ਪ੍ਰਭਾਵਿਤ ਹੋਏ ਵਪਾਰੀ ਪ੍ਰਵੀਨ ਕੁਮਾਰ ਸਿੰਗਲਾ ਨਾਲ ਮੁਲਾਕਾਤ ਕਰਦਿਆਂ ਉਨ੍ਹਾਂ ਦੇ ਦੁੱਖ ਵਿੱਚ ਸ਼ਰੀਕ ਹੁੰਦਿਆਂ ਹਮਦਰਦੀ ਪ੍ਰਗਟ ਕੀਤੀ ਅਤੇ ਇਸ ਔਖੀ ਘੜੀ ਵਿੱਚ ਹਰ ਸੰਭਵ ਮਦਦ ਕਰਨ ਦਾ ਭਰੋਸਾ ਦਿੱਤਾ।

ਜ਼ਿਕਰਯੋਗ ਹੈ ਕਿ ਮੇਨ ਬਾਜ਼ਾਰ ਵਿੱਚ ਸਥਿਤ ਵਪਾਰੀ ਦੇ ਗੋਦਾਮ ਵਿੱਚ ਅਚਾਨਕ ਅੱਗ ਲੱਗਣ ਕਾਰਨ ਉੱਥੇ ਪਿਆ ਸਾਮਾਨ ਸੜ ਕੇ ਸੁਆਹ ਹੋ ਗਿਆ। ਅੱਗ ਦੀ ਲਪੇਟ ਵਿੱਚ ਦਰੀਆਂ, ਮੈਟਾਂ ਅਤੇ ਸਮਾਗਮਾਂ ਵਿੱਚ ਵਰਤਿਆ ਜਾਣ ਵਾਲਾ ਹੋਰ ਸਾਮਾਨ ਵੀ ਆ ਗਿਆ। ਇਸ ਘਟਨਾ ਕਾਰਨ ਵਪਾਰੀ ਨੂੰ ਇੱਕ ਕਰੋੜ ਰੁਪਏ ਤੋਂ ਵੱਧ ਦਾ ਆਰਥਿਕ ਨੁਕਸਾਨ ਹੋਣ ਦਾ ਦਾਅਵਾ ਕੀਤਾ ਜਾ ਰਿਹਾ ਹੈ। ਦੀਵਾਲੀ ਦੇ ਤਿਉਹਾਰ ਨੂੰ ਮੁੱਖ ਰੱਖਦਿਆਂ ਮੰਗਵਾਇਆ ਗਿਆ ਨਵਾਂ ਸਾਮਾਨ ਵੀ ਅੱਗ ਦੀ ਭੇਟ ਚੜ੍ਹ ਗਿਆ। ਵਿਧਾਇਕ ਦਿਨੇਸ਼ ਚੱਢਾ ਨੇ ਪੀੜਤ ਵਪਾਰੀ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਇਸ ਸੰਕਟ ਦੀ ਘੜੀ ਵਿੱਚ ਉਹ ਇਕੱਲੇ ਨਹੀਂ ਹਨ ਅਤੇ ਉਨ੍ਹਾਂ ਦੀ ਹਰ ਸੰਭਵ ਮਦਦ ਕਰਨ ਲਈ ਯਤਨ ਕੀਤੇ ਜਾਣਗੇ। ਉਨ੍ਹਾਂ ਨੇ ਘਟਨਾ ਕਾਰਨ ਹੋਏ ਨੁਕਸਾਨ 'ਤੇ ਦੁੱਖ ਪ੍ਰਗਟ ਕਰਦਿਆਂ ਪੀੜਤ ਪਰਿਵਾਰ ਨਾਲ ਹਮਦਰਦੀ ਜਤਾਈ। ਇਸ ਦੁਖਦਾਈ ਘਟਨਾ ਨੇ ਵਪਾਰੀ ਦੀ ਸਾਲਾਂ ਦੀ ਮਿਹਨਤ ਨੂੰ ਵੱਡਾ ਝਟਕਾ ਦਿੱਤਾ ਹੈ। ਹੁਣ ਪੀੜਤ ਵਪਾਰੀ ਨੂੰ ਮੁੜ ਪੈਰਾਂ 'ਤੇ ਖੜ੍ਹਾ ਕਰਨ ਲਈ ਪ੍ਰਸ਼ਾਸਨਿਕ ਸਹਾਇਤਾ ਦੇ ਨਾਲ-ਨਾਲ ਸਮਾਜਿਕ ਸੰਸਥਾਵਾਂ ਅਤੇ ਦਾਨੀ ਸੱਜਣਾਂ ਦੇ ਸਹਿਯੋਗ ਦੀ ਵੀ ਲੋੜ ਮਹਿਸੂਸ ਕੀਤੀ ਜਾ ਰਹੀ ਹੈ।

ਯੁੱਧ ਨਸ਼ਿਆਂ ਵਿਰੁੱਧ: ਸਿਵਲ ਤੇ ਪੁਲਿਸ ਟੀਮਾਂ ਵੱਲੋਂ ਨਸ਼ਿਆਂ ਦੇ ਹੌਟਸਪੌਟ ਪਿੰਡਾਂ ਦੀ ਲਗਾਤਾਰ ਨਿਗਰਾਨੀ

ਬਠਿੰਡਾ, 28 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਦੀ ਨਸ਼ਿਆਂ ਵਿਰੁੱਧ ਚੱਲ ਰਹੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਨਸ਼ਿਆਂ ਦੇ ਵੱਧ ਮਾਮਲੇ ਸਾਹਮਣੇ ਆਉਣ ਵਾਲੇ ਪਿੰਡਾਂ ਵਿੱਚ ਸਿਵਲ ਅਤੇ ਪੁਲਿਸ ਟੀਮਾਂ ਵੱਲੋਂ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ।

ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਐੱਸਐੱਸਪੀ ਬਠਿੰਡਾ ਸ੍ਰੀ ਸੁਹੇਲ ਕਾਸਿਮ ਮੀਰ ਨਾਲ ਇਨ੍ਹਾਂ ਪ੍ਰਭਾਵਿਤ ਪਿੰਡਾਂ ਵਿੱਚ ਕੀਤੇ ਜਾ ਰਹੇ ਕੰਮਾਂ ਦੀ ਸਮੀਖਿਆ ਕਰਦਿਆਂ ਇਹ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਇਨ੍ਹਾਂ ਪਿੰਡਾਂ ਵਿੱਚ ਅਣਵਰਤੀਆਂ ਅਤੇ ਛੱਡੀਆਂ ਹੋਈਆਂ ਇਮਾਰਤਾਂ ਨੂੰ ਖਾਲੀ ਕਰਵਾਉਣ ਅਤੇ ਉਨ੍ਹਾਂ ਦੀ ਸਫ਼ਾਈ ਕਰਨ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾ ਰਿਹਾ ਹੈ।

ਇਨ੍ਹਾਂ ਖੇਤਰਾਂ ਵਿੱਚ ਪੁਰਾਣੀਆਂ ਸਰਕਾਰੀ ਅਤੇ ਨਿੱਜੀ ਇਮਾਰਤਾਂ ਸਮੇਤ ਅਜਿਹੀਆਂ ਨੁੱਕਰਾਂ ਅਤੇ ਥਾਵਾਂ ਨੂੰ ਸਾਫ਼ ਕੀਤਾ ਜਾ ਰਿਹਾ ਹੈ, ਜਿੱਥੇ ਨਸ਼ਾ ਤਸਕਰਾਂ ਅਤੇ ਨਸ਼ਿਆਂ ਦੇ ਆਦੀ ਵਿਅਕਤੀਆਂ ਨੂੰ ਲੁਕਣ ਲਈ ਥਾਂ ਮਿਲ ਸਕਦੀ ਹੈ। ਇਸ ਤੋਂ ਇਲਾਵਾ, ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਰੋਕਣ ਲਈ ਇਨ੍ਹਾਂ ਥਾਵਾਂ 'ਤੇ ਉੱਗੀਆਂ ਝਾੜੀਆਂ ਦੀ ਵੀ ਕਟਾਈ ਕੀਤੀ ਜਾ ਰਹੀ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਨਸ਼ਿਆਂ ਤੋਂ ਪ੍ਰਭਾਵਿਤ ਪਿੰਡਾਂ ਵਿੱਚ ਵਾਲੀਬਾਲ ਅਤੇ ਕ੍ਰਿਕਟ ਦੀਆਂ ਟੀਮਾਂ ਬਣਾਈਆਂ ਗਈਆਂ ਹਨ। ਉਨ੍ਹਾਂ ਕਿਹਾ, ਖੇਡ ਵਿਭਾਗ ਵੱਲੋਂ ਇਨ੍ਹਾਂ ਟੀਮਾਂ ਨੂੰ ਲੋੜੀਂਦੀ ਸਹਾਇਤਾ ਦਿੱਤੀ ਜਾਵੇਗੀ ਅਤੇ ਜਲਦ ਹੀ ਅੰਤਰ-ਪਿੰਡ ਖੇਡ ਟੂਰਨਾਮੈਂਟ ਕਰਵਾਏ ਜਾਣਗੇ।

ਸੱਥਾਂ ਦੇ ਨਾਲ ਨਾਲ ਵਿਧਾਨ ਸਭਾ ਚੋਂ ਵੀ ਭੱਜਣ ਲੱਗੀ ਆਪ ਸਰਕਾਰ: ਟੌਹੜਾ

ਪਟਿਆਲਾ, 28 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਵਿਚ ਆਮ ਆਦਮੀ ਪਾਰਟੀ ਦੀ ਸਰਕਾਰ ਸੱਥਾਂ ਦੇ ਨਾਲ-ਨਾਲ ਵਿਧਾਨ ਸਭਾ ਵਿਚੋਂ ਭੱਜਦੀ ਨਜ਼ਰ ਆ ਰਹੀ ਹੈ।ਕਿਉਂਕਿ ਬੀਤੇ ਕੱਲ੍ਹ ਵਿਧਾਨ ਸਭਾ ਸਿਰਫ ਨੌਂ ਮਿੰਟ ਚਲਾ ਕੇ ਮੁਲਤਵੀ ਕਰ ਦਿੱਤੀ ਗਈ ਜੋ ਕਿ ਪੰਜਾਬ ਦੇ ਲੋਕਾਂ ਨਾਲ ਸਰਾਸਰ ਧੋਖਾ ਹੈ, ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਅਕਾਲੀ ਲ ਵਾਰਿਸ ਪੰਜਾਬ ਦੇ ਸੀਨੀਅਰ ਆਗੂ ਜਥੇ. ਸਤਵਿੰਦਰ ਸਿੰਘ ਟੌਹੜਾ ਨੇ ਕੀਤਾ। ਉਹਨਾਂ ਆਖਿਆ ਕਿ ਪੰਜਾਬ ਨਸ਼ਾ ਤਸਕਰਾਂ ਦਾ ਪੂਰੀ ਤਰ੍ਹਾਂ ਨਾਲ ਗੜ੍ਹ ਬਣ ਚੁੱਕਿਆ ਹੈ। ਨਸ਼ਾ ਰੋਕਣ ਵਾਲੇ ਨੂੰ ਮੌਤ ਦਾ ਸਾਹਮਣਾ ਕਰਨਾ ਪੈਂਦਾ ਹੈ । ਉਹਨਾਂ ਕਿਹਾ ਕਿ ਜਿਸ ਤਰਾਂ ਪਰਮਿੰਦਰ ਸਿੰਘ ਢੋਟਾ ਕਈ ਸਾਲਾਂ ਤੋਂ ਨਸ਼ਿਆਂ ਨੂੰ ਰੋਕਣ ਲਈ ਲੋਕਾਂ ਨੂੰ ਲਾਮਬੰਦ ਕਰ ਰਿਹਾ। ਜਿਸ ਨੂੰ ਆਪਣੀ ਜ਼ਿੰਦਗੀ ਦਾਅ ਤੇ ਲਗਾ ਕੇ ਖਮਿਆਜਾ ਭੁਗਤਣਾ ਪਿਆ। ਇਸੇ ਤਰ੍ਹਾਂ ਪੰਜਾਬ ਚ ਇਕ ਇਮਾਨਦਾਰ ਡਰੱਗ ਇੰਸਪੈਕਟਰ ਨੇਹਾ ਸ਼ੌਰੀ ਨੂੰ ਨਸ਼ਿਆਂ ਕਰਕੇ ਮੌਤ ਦਾ ਸਾਹਮਣਾ ਕਰਨਾ ਪਿਆ। ਉਹਨਾਂ ਕਿਹਾ ਪੰਜਾਬ ਵਿਧਾਨ ਸਭਾ ਅੰਦਰ ਪੰਜਾਬ ਦੇ ਆਮ ਲੋਕਾਂ ਦੇ ਲੱਖਾਂ ਰੁਪਏ ਦੇ ਟੈਕਸ ਨਾਲ ਸਿਰਫ ਖਾਨਾ ਪੂਰਤੀ ਕੀਤੀ ਜਾ ਰਹੀ ਹੈ ਤੇ ਲੋਕ ਮੁੱਦਿਆਂ ਤੇ ਕੋਈ ਗੱਲਬਾਤ ਨਹੀਂ ਹੋ ਰਹੀ। ਉਹਨਾਂ ਚਿੰਤਾ ਪ੍ਰਗਟ ਕਰਦਿਆਂ ਆਖਿਆ ਕਿ ਪੰਜਾਬ ਸਿਰ ਕਰੋੜਾਂ ਰੁਪਏ ਦਾ ਕਰਜ਼ਾ ਚੜ੍ਹ ਚੁੱਕਿਆ ਹੈ ਅਤੇ ਕਿਧਰੇ ਵੀ ਵਿਕਾਸ ਨਾਂ ਦੀ ਚੀਜ਼ ਦਿਖਾਈ ਨਹੀਂ ਦੇ ਰਹੀ ਤੇ ਲੋਕ ਆਉਣ ਵਾਲੀਆਂ ਵਿਧਾਨ ਸਭਾ ਵਿੱਚ ਆਪ ਆਦਮੀ ਪਾਰਟੀ ਦੀ ਸਰਕਾਰ ਤੋਂ ਜਲਦੀ ਛੁਟਕਾਰਾ ਪਾਉਣ ਲਈ ਤਤਪਰ ਹਨ।

ਮਿਹਨਤ ਦੇ ਸਿਤਾਰਿਆਂ ਨਾਲ ਜਗਮਗਾਇਆ ਸਿਲਵਰ ਓਕਸ ਸਕੂਲ

ਜੈਤੋ, 28 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਸਿਲਵਰ ਓਕਸ ਸਕੂਲ, ਸੇਵੇਵਾਲਾ ਵਿਖੇ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਨੂੰ ਮਾਨਤਾ ਦੇਣ ਅਤੇ ਉਨ੍ਹਾਂ ਦੀ ਮਿਹਨਤ ਤੇ ਪ੍ਰਤਿਭਾ ਨੂੰ ਉਤਸ਼ਾਹਿਤ ਕਰਨ ਲਈ ਸਨਮਾਨ ਸਮਾਰੋਹ ਕਰਵਾਇਆ ਗਿਆ। ਸਮਾਗਮ ਦਾ ਸੰਚਾਲਨ ਉਧਮ ਹਾਊਸ ਵੱਲੋਂ ਕੀਤਾ ਗਿਆ।

ਸਮਾਰੋਹ ਦਾ ਆਗਾਜ਼ ਮੁੱਖ ਮਹਿਮਾਨ ਸ੍ਰੀ ਸੁਭਾਸ਼ ਬਾਂਸਲ ਅਤੇ ਸਕੂਲ ਦੀ ਪ੍ਰਿੰਸੀਪਲ ਸ੍ਰ

ਲੂਪਸ : ਕਾਰਨ, ਲੱਛਣ ਤੇ ਬਚਾਅ

ਡਾ. ਅਮਰੀਕ ਸਿੰਘ ਕੰਡਾ
98557-35666

ਜਦੋਂ ਸਰੀਰ ਦਾ ਇਮਿਊਨ ਸਿਸਟਮ ਹੀ ਸਰੀਰ ਦੇ ਟਿਸ਼ੂ ਤੇ ਅੰਗਾਂ 'ਤੇ ਹਮਲਾ ਕਰਨ ਲੱਗ ਜਾਂਦਾ ਹੈ ਤਾਂ ਤੁਦੋਂ ਲੂਪਸ ਹੁੰਦਾ ਹੈ। ਇਸ ਨਾਲ ਨਾਡੇ ਚਿਹਰੇ, ਨੱਕ ਤੇ ਗੱਲ੍ਹਾਂ 'ਤੇ ਲਾਲ ਤੁਾਣੇ ਜਿਹੇ ਹੋ ਜਾਂਦੇ ਹਨ। ਲੂਪਸ ਨਾਡੇ ਸਰੀਰ ਦੇ ਕਈ ਅੰਗਾਂ ਫ਼ੇਫੜੇ, ਗੁਰਦੇ, ਦਿਲ, ਦਿਮਾਗ਼ ਆਦਿ ਨੂੰ ਨੁਕਸ਼ਾਨ ਕਰਨ ਦੇ ਨਾਲ-ਨਾਲ ਜੋੜਾਂ ਤੇ ਦਰਦ, ਚਮੜੀ 'ਚ ਕਈ ਵਿਗਾੜ ਪੈਦਾ ਦਿੰਦਾ ਹੈ। ਲੂਪਸ ਹਰ ਵਿਅਕਤੀ ਨੂੰ ਅਲੱਗ-ਅਲੱਗ ਤਰੀਕਿਆਂ ਨਾਲ ਨੁਕਸਾਨ ਪਹੁੰਚਾਉਂਦਾ ਹੈ। ਕੁਝ ਲੋਕਾਂ ਦੇ ਲੱਛਣ ਗੰਭੀਰ ਹੁੰਦੇ ਹਨ। ਜਿਹੜੇ ਲੋਕ ਅੰਗਰੇਜ਼ੀ ਦਵਾਈਆਂ ਜ਼ਿਆਦਾ ਖਾਂਦੇ ਹਨ, ਉਨ੍ਹਾਂ ਨੂੰ ਵੀ ਲੂਪਸ ਦੀ ਬਿਮਾਰੀ ਹੋ ਜਾਂਦੀ ਹੈ। ਆਓ, ਇਸ ਦੇ ਲੱਛਣ, ਕਾਰਨਾਂ ਅਤੇ ਬਚਾਅ ਬਾਰੇ ਜਾਣਕਾਰੀ ਹਾਸਲ ਕਰਦੇ ਹਾਂ :

ਕਾਰਨ

ਜਦੋਂ ਇਮਿਊਨ ਸਿਸਟਮ ਅੰਗਾਂ 'ਤੇ ਹਮਲਾ ਕਰਦਾ ਹੈ ਤਾਂ ਆਟੋਇਮਿਊਨ ਰੋਗ ਲੂਪਸ ਹੁੰਦਾ ਹੈ। ਲੂਪਸ ਹੋਣ ਦਾ ਸਹੀ ਪਤਾ ਨਹੀਂ ਲਗਾਇਆ ਜਾ ਸਕਦਾ, ਕਿਉਂਕਿ ਇਹ ਅੰਦਰੂਨੀ ਸਿਸਟਮ ਦੀ ਸਿਰਜਣਾ ਹੈ। ਪਰਿਵਾਰਕ ਇਤਿਹਾਸ ਵੀ ਇਸ ਨੂੰ ਜਨਮ ਦਿੰਦਾ ਹੈ, ਪ੍ਰਦੂਸ਼ਣ ਦਾ ਵੀ ਇਸ 'ਚ ਅਹਿਮ ਰੋਲ ਹੈ, ਸਿਗਰਟ-ਬੀੜੀ, ਧੂੜ ਮਿੱਟੀ ਦੇ ਸੰਪਰਕ ਵਿਚ ਰਹਿਣ ਨਾਲ ਵੀ ਲੂਪਸ ਹੋ ਜਾਂਦਾ ਹੈ। ਵਿਗਿਆਨੀ ਤੇ ਡਾਕਟਰ ਅਜੇ ਵੀ ਸਾਈਟੋਮੈਗਾਲੋ ਵਾਇਰਸ ਤੇ ਐਪਸਟੀਨਬਾਰ ਤੇ ਹੈਪੇਟਾਈਟਸ-ਸੀ ਨਾਮਕ ਵਾਇਰਸ 'ਤੇ ਲੂਪਸ ਇਨਫੈਕਸ਼ਨ ਦੇ ਕਾਰਨਾਂ ਦੇ ਸਬੰਧੀ ਅਧਿਐਨ ਕਰ ਰਹੇ ਹਨ।

ਕਿਸਮਾਂ

ਲੂਪਸ ਦੀਆਂ ਚਾਰ ਕਿਸਮਾਂ ਹਨ।

ਸਿਸਟੈਮਿਕ ਲੂਪਸ ਏਰੀਥੇਮੈਟੋਸਿਸ : ਇਹ ਲੂਪਸ ਦੀ ਇਕ ਆਮ ਕਿਸਮ ਹੈ। ਇਸ ਪ੍ਰਕਾਰ ਦੇ ਲੂਪਸ ਵਿਚ ਲੱਛਣ ਗੰਭੀਰ ਹੁੰਦੇ ਜਾਂਦੇ ਹਨ ਅਤੇ ਫਿਰ ਆਪਣੇ ਆਪ ਸੁਧਾਰ ਵੀ ਹੋਣਾ ਸ਼ੁਰੂ ਹੋ ਜਾਂਦਾ ਹੈ।

ਚਮੜੀ ਸਬੰਧੀ ਲੂਪਸ : ਇਸ ਪ੍ਰਕਾਰ ਦਾ ਲੂਪਸ ਚਮੜੀ ਤਕ ਹੀ ਸੀਮਤ ਹੁੰਦਾ ਹੈ। ਇਹ ਲੂਪਸ ਸਮੇਂ ਦੇ ਨਾਲ-ਲਾਲ ਦਾਣੇ ਜਾਂ ਫਿਰ ਜ਼ਖ਼ਮਾਂ ਦਾ ਕਾਰਨ ਬਣ ਜਾਂਦਾ ਹੈ।

ਨਵੇਂ ਜਨਮੇ ਬੱਚੇ : ਨਵ-ਜਨਮੇ ਬੱਚਿਆਂ ਵਿਚ ਇਹ ਸਥਿਤੀ ਬੜੀ ਦੁਰਲੱਭ ਹੁੰਦੀ ਹੈ। ਇਹ ਉਨ੍ਹਾਂ ਬੱਚਿਆਂ ਨੂੰ ਕਾਫ਼ੀ ਪ੍ਰਭਾਵਿਤ ਕਰਦੀ ਹੈ, ਜਿਹੜੀਆਂ ਮਾਵਾਂ ਪਹਿਲਾਂ ਹੀ ਲੂਪਸ ਤੋਂ ਪ੍ਰਭਾਵਿਤ ਹੋਣ, ਉਨ੍ਹਾਂ ਬੱਚਿਆਂ ਦੇ ਇਹ ਰੋਗ ਦਿਲ ਨੂੰ ਪ੍ਰਭਾਵਿਤ ਕਰਦਾ ਹੈ ਅਤੇ ਉਨ੍ਹਾਂ ਨੂੰ ਖ਼ੂਨ ਨਾਲ ਸਬੰਧਿਤ ਰੋਗ ਵੀ ਹੋ ਜਾਂਦੇ ਹਨ।

ਲੱਛਣ

ਬੁਖ਼ਾਰ ਹੋਣਾ, ਥਕਾਵਟ ਮਹਿਸੂਸ ਕਰਨਾ, ਸਰੀਰ 'ਚ ਦਰਦ ਰਹਿਣਾ, ਜੋੜਾਂ ਦਾ ਦਰਦ, ਚਿਹਰੇ 'ਤੇ ਤਿੱਤਲੀ ਦੇ ਖੰਭਾਂ ਵਰਗੇ ਨਿਸ਼ਾਨ ਪੈ ਜਾਣਾ, ਸੂਰਜ ਦੀ ਰੋਸ਼ਨੀ 'ਚ ਸਰੀਰ 'ਤੇ ਲਾਲ ਨਿਸ਼ਾਨ ਪੈਣਾ, ਸਾਹ ਲੈਣ 'ਚ ਤਕਲੀਫ਼ ਹੋਣਾ,

ਅੱਖਾਂ 'ਚ ਖ਼ੁਸ਼ਕੀ ਹੋਣਾ, ਛਾਤੀ 'ਚ ਦਰਦ, ਸਿਰ ਦਰਦ, ਦਿਮਾਗ਼ੀ ਉਲਝਣਾਂ ਜਾਂ ਵਹਿਮ-ਭਰਮ ਪੈਦਾ ਹੋ ਜਾਣਾ, ਯਾਦਦਾਸ਼ਤ ਦਾ ਘਟਣਾ ਆਦਿ ਲੂਪਸ ਬਿਮਾਰੀ ਦੇ ਮੁੱਖ ਲੱਛਣ ਹਨ। ਲੂਪਸ ਰੋਗ ਹੋਣ ਤੋਂ ਬਾਅਦ ਕੁਝ ਲੱਛਣਾਂ ਵਿਚ ਕਿਡਨੀ ਦੀ ਸੋਜ਼ ਵੀ ਹੋ ਸਕਦੀ ਹੈ, ਜਿਸ ਨੂੰ ਲਿਊਪਸ ਨੈਫਰਾਈਟਿਸ (**lupus nephritis**) ਵੀ ਕਿਹਾ ਜਾਂਦਾ ਹੈ।

ਆਯੁਰਵੈਦਿਕ ਇਲਾਜ

ਸੁਪਾਰੀ ਪਾਕ, ਸ਼ੁੱਧ ਪਾਰਦ, ਸ਼ੁੱਧ ਆਂਵਲਾਸਾਰ ਗੰਧਕ, ਚਾਂਦੀ ਭਸਮ, ਬੰਗਭਸਮ, ਸ਼ਿਲਾਜੀਤ ਸੂਰਯ ਤਾਪੀ, ਬਾਲ ਮਖੀਰਾ ਜੂਸ, ਵਰਾਟਿਕਾ ਭਸਮ, ਤਾਮਰ ਭਸਮ, ਕੋਡੀ ਭਸਮ, ਸੰਖ ਭਸਮ, ਪ੍ਰਵਾਲ ਭਸਮ, ਸੇਲਖੜੀ ਦੀ ਭਸਮ ਤੇ ਰਾਲ, ਇਨ੍ਹਾਂ ਸਾਰੀਆਂ ਚੀਜ਼ਾਂ ਨੂੰ ਬਰਾਬਰ ਮਾਤਰਾ 'ਚ ਲੈ ਕੇ ਲੋਹ ਭਸਮ ਚਾਰ ਸੌ ਪੁੱਠੀ ਤੇ ਅਬਰਕ ਭਸਮ ਹਜ਼ਾਰ ਪੁੱਠੀ ਬਰਾਬਰ ਲੈ ਕੇ ਮਿਲਾ ਲਉ। ਫਿਰ ਇਸ ਨੂੰ ਦੂਬ ਰਸ, ਅਨਾਰ ਰਸ, ਔਲੇ ਦੇ ਰਸ 'ਚ ਤਿੰਨ-ਤਿੰਨ ਦਿਨ ਖਰਲ ਕਰਨ ਤੋਂ ਬਾਅਦ ਕੁਆਰ ਗੰਦਲ ਦੇ ਰਸ 'ਚ ਦੋ ਦਿਨ ਖਰਲ ਕਰ ਕੇ ਦੋ-ਦੋ ਰੱਤੀ ਦੀਆਂ ਗੋਲ਼ੀਆਂ ਬਣਾ ਲਉ। ਲਿਕੋਰੀਆ, ਚਿੱਟਾ-ਪੀਲਾ ਪਾਣੀ ਪੈਣਾ ਠੀਕ ਹੁੰਦਾ ਹੈ। ਚੱਕਰ ਆਉਣੇ, ਸਹਿਣ ਸ਼ਕਤੀ ਨਾ ਹੋਣਾ, ਅੱਖਾਂ ਦੁਆਲੇ ਕਾਲੇ ਘੇਰੇ ਬਣ ਜਾਣਾ, ਦਿਲ ਦੀ ਧੜਕਨ ਘੱਟ-ਵੱਧ ਹੋਣਾ, ਥੋੜ੍ਹਾ ਜਿਹਾ ਕੰਮ ਕਰ ਕੇ ਥੱਕ ਜਾਣਾ, ਉਦਾਸੀਨਤਾ ਬਣੀ ਰਹਿਣਾ, ਪਾਚਨ ਤੰਤਰ ਦੀ ਖ਼ਰਾਬੀ, ਆਦਿ ਬਿਮਾਰੀਆਂ ਨੂੰ ਹਮੇਸ਼ਾ ਲਈ ਇਹ ਗੋਲ਼ੀ ਜੜ੍ਹੋਂ ਖ਼ਤਮ ਕਰ ਦਿੰਦੀ ਹੈ।

- ਅਧਰਕ 'ਚ ਐਂਟੀਇਨਫਲਾਮੇਟਰੀ (ਸੋਜ਼ ਨਾਸ਼ਕ) ਗੁਣ ਹੁੰਦੇ ਹਨ। ਇਹ ਗਠੀਆ ਤੇ ਸੋਜ਼ ਆਦਿ ਨਹੀਂ ਹੋਣ ਦਿੰਦਾ।
- ਨਾਰੀਅਲ ਦਾ ਤੇਲ ਕੋਲੈਸਟਰੋਲ ਅਤੇ ਸ਼ੂਗਰ ਨੂੰ ਠੀਕ ਰੱਖਦਾ ਹੈ ਤੇ ਪਾਚਨ ਸ਼ਕਤੀ 'ਚ ਵਾਧਾ ਕਰਦਾ ਹੈ।
- ਤੁਲਸੀ ਤਣਾਅ ਦੂਰ ਕਰਦੀ ਹੈ। ਇਸ 'ਚ ਐਂਟੀਆਕਸੀਡੈਂਟ ਤੇ ਐਂਟੀਇਨਫਲਾਮੇਟਰੀ ਗੁਣ ਹਨ। ਤੁਲਸੀ ਨੂੰ ਚਾਹ 'ਚ ਪਾ ਕੇ ਪੀਤਾ ਜਾ ਸਕਦਾ ਹੈ।

ਘਰੇਲੂ ਨੁਸਖ਼ੇ

- ਹਲਦੀ ਨੂੰ ਆਪਣੀ ਰੋਜ਼ਾਨਾ ਖ਼ੁਰਾਕ ਵਿਚ ਸ਼ਾਮਲ ਕਰੋ। ਇਹ ਆਟੋ ਇਮਿਊਨ ਸਿਸਟਮ ਨੂੰ ਠੀਕ ਕਰਦੀ ਹੈ। ਹਲਦੀ ਵਾਲਾ ਦੁੱਧ ਰੋਜ਼ ਪੀਓ।

ਡਾ. ਅਮੀਤਾ

ਡਾ. ਹੈਨੇਮਨ ਅੰਦਰ ਬਚਪਨ ਤੋਂ ਹੀ ਸੇਵਾ ਭਾਵਨਾ ਸੀ। ਇਹ ਸੁਭਾਅ ਉਨ੍ਹਾਂ ਨੂੰ ਆਪਣੇ ਘਰ ਤੋਂ ਹੀ ਹਾਸਲ ਹੋਇਆ ਤੇ ਸੇਵਾ ਕਰਨ ਦੀ ਲਗਨ ਕਾਰਨ ਰੋਗੀਆਂ ਨੂੰ ਰੋਗ-ਮੁਕਤ ਕਰਨ 'ਚ ਉਨ੍ਹਾਂ ਦੀ ਵੱਡੀ ਦਿਲਚਸਪੀ ਸੀ...

ਹੋਮਿਓਪੈਥੀ ਇਲਾਜ ਪ੍ਰਣਾਲੀ ਦੇ ਜਨਮਦਾਤਾ ਡਾ. ਸੈਮੂਅਲ ਹੈਨੇਮਨ

ਸੈਮੂਅਲ ਹੈਨੇਮਨ ਦੀ ਯਾਦ ਵਿਚ ਜਰਮਨ ਦੇ ਲਿਪਜਿਕ ਸ਼ਹਿਰ 'ਚ ਉਨ੍ਹਾਂ ਦਾ ਬੁੱਤ ਲੱਗਾਇਆ ਗਿਆ ਹੈ, ਜਿਸ ਨੂੰ ਲੋਕ ਸਿਰ ਝੁਕਾ ਕੇ ਲੰਘਦੇ ਹਨ।

ਬਹੁਤ ਸਾਰੇ ਲਾਇਲਾਜ ਰੋਗਾਂ ਨੂੰ ਸਿਰਫ਼ ਹੋਮਿਓਪੈਥੀ ਦਵਾਈ ਨਾਲ ਹੀ ਠੀਕ ਕੀਤਾ ਜਾ ਸਕਦਾ ਹੈ। ਇਸ ਦਾਅਵੇ ਨੂੰ ਹੋਰਨਾਂ ਪ੍ਰਣਾਲੀਆਂ ਨਾਲ ਇਲਾਜ ਕਰ ਰਹੇ ਡਾਕਟਰਾਂ ਨੇ ਵੀ ਭਲੀਭਾਂਤ ਮੰਨ ਲਿਆ ਹੈ ਤੇ ਆਪਣਾ ਝੁਕਾਓ ਹੁਣ ਹੋਮਿਓਪੈਥੀ ਦਵਾਈਆਂ ਵੱਲ ਕਰ ਲਿਆ ਹੈ। ਇਹ ਦੁਨੀਆ ਦੀ ਇੱਕੋ ਇਕ ਅਜਿਹੀ ਇਲਾਜ ਪ੍ਰਣਾਲੀ ਹੈ, ਜੋ ਬਿਮਾਰੀ ਨੂੰ ਜੜ੍ਹ ਤੋਂ ਖ਼ਤਮ ਕਰਦੀ ਹੈ ਅਤੇ ਇਸ ਦਾ ਕੋਈ ਨੁਕਸਾਨ ਜਾਂ ਸਾਈਡ-ਇਫੈਕਟ ਨਹੀਂ ਹੁੰਦਾ। ਜਰਮਨ ਤੋਂ ਸ਼ੁਰੂ ਹੋ ਕੇ ਦੁਨੀਆ ਦੇ ਹਰ ਕੋਨੇ 'ਚ ਮਸ਼ਹੂਰ ਹੋਣ ਵਾਲੀਆਂ ਹੋਮਿਓਪੈਥਿਕ ਦਵਾਈਆਂ ਦੀ ਖੋਜ ਦੁਨੀਆ ਦੇ ਮਸੀਹਾ ਵਜੋਂ ਜਾਣੇ ਜਾਂਦੇ ਡਾਕਟਰ ਸੈਮਿਓਲ ਹੈਨੇਮਨ ਨੇ ਕੀਤੀ ਹੈ।

ਡਾਕਟਰ ਸੈਮੂਅਲ ਹੈਨੇਮਨ ਦਾ ਜਨਮ 10 ਅਪ੍ਰੈਲ 1755 ਨੂੰ ਜਰਮਨ (ਯੂਰਪ) ਦੇ ਪਿੰਡ ਮੀਸ਼ਨ ਵਿਖੇ ਹੋਇਆ। ਉਨ੍ਹਾਂ ਦੇ ਘਰ ਅੰਤਾਂ ਦੀ ਗ਼ਰੀਬੀ ਸੀ ਅਤੇ ਪਿਤਾ ਚੀਨੀ ਦੇ ਬਰਤਨਾਂ ਉੱਪਰ ਚਿੱਤਰਕਾਰੀ ਦਾ ਕੰਮ ਕਰਦੇ ਸਨ। ਉਨ੍ਹਾਂ ਪੜ੍ਹਾਈ ਦੇ ਨਾਲ-ਨਾਲ ਪਿਤਾ ਨਾਲ ਕੰਮ 'ਚ ਹੱਥ ਵਟਾਉਣਾ ਸ਼ੁਰੂ ਕੀਤਾ। ਗ਼ਰੀਬੀ ਅਤੇ ਪਰਿਵਾਰਕ ਦੁੱਖ ਉਨ੍ਹਾਂ ਦੇ ਰਾਹ ਵਿਚ ਵੱਡੀਆਂ ਮੁਸੀਬਤਾਂ ਲੈ ਕੇ ਆਏ ਪਰ ਉਨ੍ਹਾਂ ਬੜੇ ਹੌਸਲੇ ਨਾਲ ਇਨ੍ਹਾਂ ਮੁਸੀਬਤਾਂ ਦਾ ਸਾਹਮਣਾ ਕਰਦੇ ਹੋਏ ਪੂਰੀ ਲਗਨ ਤੇ ਮਿਹਨਤ ਨਾਲ ਪੜ੍ਹਾਈ ਜਾਰੀ ਰੱਖੀ ਤੇ ਅੱਗੇ ਵਧਦੇ ਗਏ। ਇਹੀ ਕਾਰਨ ਸੀ ਕਿ ਡਾਕਟਰ ਸੈਮੂਅਲ ਹੈਨੇਮਨ ਦੁਨੀਆ ਦੀਆਂ 11 ਭਾਸ਼ਾਵਾਂ ਦਾ ਗਿਆਨ ਰੱਖਦੇ ਸਨ। ਉਨ੍ਹਾਂ 24 ਸਾਲ ਦੀ ਉਮਰ ਵਿਚ ਮੈਡੀਕਲ ਸਾਇੰਸ 'ਚ ਵੱਡੀਆਂ ਮੱਲਾਂ ਮਾਰਦਿਆਂ ਡਾਕਟਰੀ ਦੀ ਅਹਿਮ ਡਿਗਰੀ ਐੱਮਡੀ ਕਰ ਲਈ ਸੀ। ਇਹ ਡਿਗਰੀ ਮਿਲਦਿਆਂ ਹੀ ਉਹ ਡਰੂਸਡਿਨ ਹਸਪਤਾਲ ਵਿਚ ਬਤੌਰ ਮੁੱਖ ਡਾਕਟਰ ਨਿਯੁਕਤ ਹੋਏ।

ਬਿਮਾਰੀਆਂ 'ਤੇ ਖੋਜ

1821 ਤਕ ਡਾਕਟਰ ਹੈਨੇਮਨ ਦੀ ਜ਼ਿੰਦਗੀ ਵਿਚ ਮਿੱਤਰਾਂ ਦੇ ਨਾਲ-ਨਾਲ ਵਿਰੋਧੀਆਂ ਦੀ ਗਿਣਤੀ ਵੀ ਵਧ ਗਈ, ਜਿਸ ਕਾਰਨ ਡਾ. ਹੈਨੇਮਨ ਨੂੰ ਲਿਪਜਿਕ ਸ਼ਹਿਰ ਛੱਡਣਾ ਪਿਆ। ਜਿਸ ਜਗ੍ਹਾ ਰਹਿੰਦਿਆਂ ਉਨ੍ਹਾਂ ਵੱਡੀਆਂ ਖੋਜਾਂ ਅਤੇ ਪ੍ਰਾਪਤੀਆਂ ਕੀਤੀਆਂ ਸਨ, ਉਸ ਨੂੰ ਛੱਡ ਕੇ ਜਾਣ ਦਾ ਉਨ੍ਹਾਂ ਨੂੰ ਬੇਹੱਦ ਦੁੱਖ ਹੋਇਆ। ਇਸ ਦੁੱਖ ਨੂੰ ਆਪਣੇ ਅੰਦਰ ਸਮੋ ਕੇ ਸ਼ਹਿਰ ਛੱਡ ਕੇ ਉਹ ਤੁਰ ਪਏ, ਪਰ ਕੁਦਰਤ ਨੂੰ ਕੁਝ ਹੋਰ ਹੀ ਮਨਜ਼ੂਰ ਸੀ। ਰਸਤੇ 'ਚ ਜਾਂਦਿਆਂ ਇਕ ਹਾਦਸਾ ਵਾਪਰਿਆ। ਇਸ ਹਾਦਸੇ ਦੌਰਾਨ ਡਾ. ਹੈਨੇਮਨ ਦੇ ਦੋ ਨੌਜਵਾਨ ਬੱਚਿਆਂ ਦੀਆਂ ਜਾਨਾਂ ਚਲੀਆਂ ਗਈਆਂ। ਐਨੇ ਵੱਡੇ ਦੁੱਖ ਦੇ ਬਾਵਜੂਦ ਉਨ੍ਹਾਂ ਹੌਸਲਾ ਨਾ ਹਾਰਿਆ, ਸਗੋਂ ਦਵਾਈ ਦੀਆਂ ਖੋਜਾਂ ਵਿਚ ਜੁਟੇ ਰਹੇ। 1828 ਵਿਚ ਹੈਨੇਮਨ ਨੇ ਗੰਭੀਰ ਅਤੇ ਪੁਰਾਣੀਆਂ ਬਿਮਾਰੀਆਂ 'ਤੇ ਖੋਜ ਕਰਦਿਆਂ ਇਕ ਕਿਤਾਬ ਲਿਖੀ। ਇਸ ਤੋਂ ਬਾਅਦ ਉਹ ਮੈਡੀਕਲ ਸਾਇੰਸ ਦੀ ਦੁਨੀਆ 'ਚ ਬੇਹੱਦ ਮਸ਼ਹੂਰ ਹੋ ਗਏ। ਇਸ ਪੁਸਤਕ ਵਿਚ ਬੜੀ ਬਾਰੀਕੀ ਨਾਲ ਖੋਜ ਦੇ ਵੇਰਵੇ ਦਿੰਦਿਆਂ ਉਨ੍ਹਾਂ ਲਿਖਿਆ ਕਿ ਕਿਸੇ ਵੀ ਦਵਾਈ ਨੂੰ ਜਿੰਨੇ ਸੂਖ਼ਮ ਰੂਪ ਵਿਚ ਬਣਾਇਆ ਜਾਵੇ, ਓਨੀ ਹੀ ਦਵਾਈ ਦੀ ਤਾਕਤ ਵਧਦੀ ਹੈ। ਕਈ ਛੋਟੀ ਸੋਚ ਵਾਲੇ ਲੋਕਾਂ ਨੇ ਡਾ. ਹੈਨੇਮਨ ਦਾ ਮਜ਼ਾਕ ਉਡਾਉਂਦਿਆਂ ਗ਼ਲਤ ਸ਼ਬਦਾਵਲੀ ਵੀ ਵਰਤੀ। ਉਨ੍ਹਾਂ ਲੋਕਾਂ ਨੇ ਕਿਹਾ ਕਿ ਇਹ ਸੂਖ਼ਮ ਦਵਾਈ ਵੱਡੀ ਤੋ ਵੱਡੀ ਬਿਮਾਰੀ ਨੂੰ ਖ਼ਤਮ ਕਰਨ ਦੀ ਤਾਕਤ ਕਿਵੇਂ ਰੱਖ ਸਕਦੀ ਹੈ ਪਰ ਇਹ ਗੱਲ ਹੁਣ ਵਿਗਿਆਨੀਆਂ ਦੀ ਸਮਝ ਵਿਚ ਵੀ ਆ ਚੁੱਕੀ ਹੈ। 1830 ਵਿਚ ਡਾ. ਹੈਨੇਮਨ ਦੀ ਪਤਨੀ ਦਾ ਦਿਹਾਂਤ ਹੋ ਗਿਆ, ਜਿਸ ਤੋਂ ਬਾਅਦ ਹੈਨੇਮਨ ਨੇ ਇਕੱਲਾਪਣ ਮਹਿਸੂਸ ਕਰਦਿਆਂ 80 ਸਾਲ ਦੀ ਉਮਰ ਵਿਚ ਦੂਸਰਾ ਵਿਆਹ ਮਾਲਿਨੀ ਨਾਂ ਦੀ ਔਰਤ ਨਾਲ ਕਰਵਾ ਲਿਆ ਅਤੇ ਵਿਆਹ ਤੋਂ ਤੇਰਾਂ ਸਾਲ ਬਾਅਦ 2 ਜੁਲਾਈ 1843 ਨੂੰ ਪੈਰਿਸ, ਫਰਾਂਸ ਵਿਖੇ ਇਸ ਫਾਨੀ ਦੁਨੀਆ ਨੂੰ ਅਲਵਿਦਾ ਆਖ ਗਏ। ਡਾ. ਹੈਨੇਮਨ ਦੀ ਮ੍ਰਿਤਕ ਦੇਹ ਨੂੰ ਸ਼ਮਸ਼ਾਨਘਾਟ ਮੋਟਮਿਟਰੀ ਵਿਖੇ ਲਿਜਾਣ ਲਈ 4 ਨੇੜਲੇ ਰਿਸ਼ਤੇਦਾਰਾਂ ਨੇ ਹੀ ਮੋਢਾ ਦਿੱਤਾ। ਉਨ੍ਹਾਂ ਦੀ ਮੌਤ 'ਤੇ ਅਫ਼ਸੋਸ ਕਰਨ ਲਈ ਹੋਰ ਕੋਈ ਨਹੀਂ ਗਿਆ।

ਦੁਨੀਆ ਲਈ ਮਿਸਾਲ

ਸਮਾਂ ਬੀਤਦਿਆਂ ਵਿਰੋਧੀਆਂ ਨੂੰ ਇਸ ਗੱਲ ਦਾ ਪਤਾ ਲੱਗਾ ਕਿ ਡਾ. ਹੈਨੇਮਨ ਨਾਲ ਗ਼ਲਤ ਸਲੂਕ ਬਹੁਤ ਵੱਡੀ ਗ਼ਲਤੀ ਹੈ, ਸਗੋਂ ਉਹ ਤਾਂ ਦੁਨੀਆ ਲਈ ਦਵਾਈ ਦੇ ਰੂਪ ਵਿਚ ਇਕ ਬਹੁਤ ਵੱਡੀ ਸੌਗਾਤ ਦੇ ਗਏ ਹਨ। ਉਨ੍ਹਾਂ ਨੇ ਆਪਣੇ ਵਰਤਾਰੇ 'ਤੇ ਪਛਤਾਵਾ ਕਰਦਿਆਂ ਸੰਨ 1899 ਵਿਚ ਡਾ. ਹੈਨੇਮਨ ਦੀ ਮੌਤ ਤੋਂ 56 ਸਾਲ ਬਾਅਦ ਉਨ੍ਹਾਂ ਦੀ ਕਬਰ 'ਚੋ ਮ੍ਰਿਤਕ ਦੇਹ ਨੂੰ ਕੱਢ ਕੇ ਸ਼ਾਨੋ-ਸ਼ੌਕਤ ਨਾਲ ਸ਼ਾਹੀ ਢੰਗ ਨਾ ਕਬਰ ਵਿਚ ਦਫ਼ਨਾਇਆ। ਹੁਣ ਡਾਕਟਰ ਸੈਮੂਅਲ ਹੈਨੇਮਨ ਦੀ ਯਾਦਗਾਰ ਵਜੋਂ ਜਰਮਨ ਦੇ ਲਿਪਜਿਕ ਸ਼ਹਿਰ ਵਿਚ ਬੁੱਤ ਲੱਗਿਆ ਹੋਇਆ ਹੈ, ਜਿਸ ਨੂੰ ਲੋਕ ਸਿਰ ਝੁਕਾ ਕੇ ਲੰਘਦੇ ਹਨ। ਡਾਕਟਰ ਹੈਨੇਮਨ ਦੀ ਖੋਜ ਦੁਨੀਆ ਅੰਦਰ ਇਕ ਮਿਸਾਲ ਬਣ ਚੁੱਕੀ ਹੈ। •

99157-27311

ਤਜਰਬੇ

1790 ਵਿਚ ਇਕ ਕਿਤਾਬ ਦਾ ਅਨੁਵਾਦ ਕਰਦਿਆਂ ਡਾ. ਹੈਨੇਮਨ ਨੂੰ ਖ਼ਿਆਲ ਆਇਆ ਕਿ ਕੋਕੀਨ ਖਾਣ ਨਾਲ ਬੁਖ਼ਾਰ ਚੜ੍ਹ ਜਾਂਦਾ ਹੈ, ਇਹ ਖਿਆਲ ਪੂਰੀ ਦੁਨੀਆ ਲਈ ਸ਼ੁੱਭ ਸ਼ਗਨ ਸੀ। ਇਹ ਖਿਆਲ ਆਉਂਦਿਆਂ ਹੀ ਡਾ. ਹੈਨੇਮਨ ਨੇ ਦਿਨ 'ਚ ਦੋ ਵਾਰ ਕੋਨੀਨ ਖਾਣੀ ਸ਼ੁਰੂ ਕਰ ਦਿੱਤੀ ਅਤੇ ਉਨ੍ਹਾਂ ਨੂੰ ਬੁਖ਼ਾਰ ਚੜ੍ਹਨਾ ਸ਼ੁਰੂ ਹੋ ਗਿਆ ਅਤੇ ਬਾਅਦ ਵਿਚ ਇਸੇ ਨਾਲ ਹੀ ਠੀਕ ਹੋ ਗਿਆ। ਇਸ ਤਜਰਬੇ ਨਾਲ ਡਾ. ਹੈਨੇਮਨ ਖ਼ੁਸ਼ੀ 'ਚ ਖੀਵੇ ਹੁੰਦੇ ਗਏ। ਉਹ ਇਸ ਸਿੱਟੇ 'ਤੇ ਪੁੱਜੇ ਕਿ ਜੋ ਦਵਾਈ ਰੋਗ ਨੂੰ ਜਨਮ ਦੇ ਸਕਦੀ ਹੈ, ਉਹ ਉਸ ਰੋਗ ਨੂੰ ਖ਼ਤਮ ਵੀ ਕਰ ਸਕਦੀ ਹੈ। ਇਹੋ ਹੋਮਿਓਪੈਥੀ ਦਵਾਈ ਦਾ ਅਸਲੀ ਸਿਧਾਂਤ ਹੈ। ਹੋਮਿਓਪੈਥੀ ਨਿਯਮ ਅਨੁਸਾਰ ਦਵਾਈ ਰੋਗ ਅਤੇ ਰੋਗੀ ਨਾਲੋਂ ਵਧੇਰੇ ਸ਼ਕਤੀਸ਼ਾਲੀ ਹੋਣੀ ਚਾਹੀਦੀ ਹੈ। 1795 ਵਿਚ ਡਾ. ਹੈਨੇਮਨ ਨੇ ਹੋਮਿਓਪੈਥੀ ਉਪਰ ਇਕ ਹੋਰ ਕਿਤਾਬ ਦੀ ਸਿਰਜਣਾ ਕੀਤੀ, ਜਿਸ ਵਿਚ 27 ਦਵਾਈਆਂ ਦਾ ਜ਼ਿਕਰ ਕੀਤਾ ਅਤੇ ਅਲਾਮਤਾਂ ਦੱਸੀਆਂ। 1810 ਵਿਚ ਉਨ੍ਹਾਂ ਨੇ ਇਕ ਹੋਰ ਕਿਤਾਬ ਲਿਖੀ ਤੇ ਹੋਮਿਓਪੈਥੀ ਦੇ ਬੁਨਿਆਦੀ ਅਸੂਲਾਂ ਨੂੰ ਇਸ ਵਿਚ ਦਰਸਾਇਆ। ਇਹ ਕਿਤਾਬ ਹੋਮਿਓਪੈਥੀ ਵਿਚ ਇਕ ਵੱਡੇ ਧਾਰਮਿਕ ਗ੍ਰੰਥ ਵਾਂਗ ਸਤਿਕਾਰ ਦੀ ਦ੍ਰਿਸ਼ਟੀ ਨਾਲ ਵੇਖੀ ਜਾਂਦੀ ਹੈ।

ਦਵਾਈਆਂ ਦੀ ਖੋਜ

ਡਾਕਟਰ ਹੈਨੇਮਨ ਅੰਦਰ ਬਚਪਨ ਤੋਂ ਹੀ ਸੇਵਾ ਭਾਵਨਾ ਸੀ। ਇਹ ਸੁਭਾਅ ਉਨ੍ਹਾਂ ਨੂੰ ਆਪਣੇ ਘਰ ਤੋਂ ਹਾਸਲ ਹੋਇਆ। ਸੇਵਾ ਕਰਨ ਦੀ ਲਗਨ ਕਾਰਨ ਰੋਗੀਆਂ ਨੂੰ ਰੋਗ-ਮੁਕਤ ਕਰਨ 'ਚ ਉਨ੍ਹਾਂ ਦੀ ਵੱਡੀ ਦਿਲਚਸਪੀ ਸੀ। ਡਰੂਸਡਿਨ ਹਸਪਤਾਲ 'ਚ ਨੌਕਰੀ ਕਰਦਿਆਂ ਡਾਕਟਰ ਹੈਨੇਮਨ ਦੇ ਦਿਮਾਗ਼ ਵਿਚ ਦਵਾਈਆਂ ਦੇ ਅਸਰਾਂ ਬਾਰੇ ਤਰ੍ਹਾਂ-ਤਰ੍ਹਾਂ ਦੇ ਖਿਆਲ ਆਉਣ ਕਾਰਨ ਉਨ੍ਹਾਂ ਦੀ ਪਰੇਸ਼ਾਨੀ ਵਧ ਗਈ ਤੇ ਉਨ੍ਹਾਂ ਦਵਾਈਆਂ ਦੀ ਖੋਜ ਕਰਨੀ ਸ਼ੁਰੂ ਕਰ ਦਿੱਤੀ। ਜਦੋਂ ਡਾਕਟਰ ਹੈਨੇਮਨ ਨੇ ਦੇਖਿਆ ਕਿ ਇੱਕੋ ਦਵਾਈ ਇਕ ਤਰ੍ਹਾਂ ਦੀ ਬਿਮਾਰੀ ਵਾ

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਲਿਆਣ ਵਿਖੇ ਕਰੀਅਰ ਕਾਊਂਸਲਿੰਗ-ਕਮ-ਨਸ਼ਾ ਜਾਗਰੂਕਤਾ ਕੈਂਪ ਲਗਾਇਆ

ਪਟਿਆਲਾ, 28 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨਸ਼ਿਆਂ ਵਿਰੁੱਧ ਸਖ਼ਤ ਕਦਮ ਚੁੱਕ ਰਹੀ ਹੈ ਅਤੇ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।ਇਸੇ ਲੜੀ ਤਹਿਤ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ (ਡੀ.ਬੀ.ਈ.ਈ.), ਪਟਿਆਲਾ ਵੱਲੋਂ ਪੰਜਾਬ ਸਰਕਾਰ ਦੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਕਲਿਆਣ, ਪਟਿਆਲਾ ਵਿਖੇ ਕਰੀਅਰ ਕਾਊਂਸਲਿੰਗ-ਕਮ-ਨਸ਼ਾ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਲਗਭਗ 100 ਵਿਦਿਆਰਥੀਆਂ ਨੇ ਭਾਗ ਲਿਆ। ਕੈਂਪ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਸਹੀ ਕਰੀਅਰ ਦੀ ਚੋਣ, ਹੁਨਰ ਵਿਕਾਸ ਅਤੇ ਰੋਜ਼ਗਾਰ ਦੇ ਮੌਕਿਆਂ ਬਾਰੇ ਜਾਣਕਾਰੀ ਦੇਣਾ ਸੀ।

ਇਸ ਮੌਕੇ ਡੀ.ਬੀ.ਈ.ਈ., ਪਟਿਆਲਾ ਦੇ ਡਿਪਟੀ ਸੀ.ਈ.ਓ. ਸ੍ਰੀ ਸਤਿੰਦਰ ਸਿੰਘ ਅਤੇ ਕਰੀਅਰ ਕਾਊਂਸਲਰ ਡਾ. ਰੂਪਸੀ ਪਾਹੂਜਾ ਨੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਆਪਣੀ ਰੁਚੀ ਅਤੇ ਯੋਗਤਾ ਅਨੁਸਾਰ ਕਰੀਅਰ ਦੀ ਚੋਣ ਕਰਨ ਅਤੇ ਜੀਵਨ ਵਿੱਚ ਸਪੱਸ਼ਟ ਟੀਚੇ ਨਿਰਧਾਰਤ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦੱਸਿਆ ਕਿ ਸਹੀ ਸਮੇਂ 'ਤੇ ਲਿਆ ਗਿਆ ਕਰੀਅਰ ਸਬੰਧੀ ਫੈਸਲਾ ਅਤੇ ਲੋੜੀਂਦੇ ਹੁਨਰਾਂ ਦੀ ਸਿਖਲਾਈ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਰਾਹ ਖੋਲ੍ਹ ਸਕਦੀ ਹੈ।

ਕੈਂਪ ਦੌਰਾਨ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਸੰਦਰਭ ਵਿੱਚ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਸਰੀਰਕ ਅਤੇ ਮਾਨਸਿਕ ਸਿਹਤ, ਪਰਿਵਾਰਕ ਜੀਵਨ, ਸਿੱਖਿਆ ਅਤੇ ਸਮਾਜ ਉੱਤੇ ਪੈਣ ਵਾਲੇ ਗੰਭੀਰ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ। ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਗਲਤ ਸੰਗਤ ਤੋਂ ਬਚਣ, ਸਿਹਤਮੰਦ ਆਦਤਾਂ ਅਪਣਾਉਣ ਅਤੇ ਆਪਣਾ ਧਿਆਨ ਸਿੱਖਿਆ, ਖੇਡਾਂ ਅਤੇ ਉਸਾਰੂ ਗਤੀਵਿਧੀਆਂ ਵੱਲ ਕੇਂਦਰਿਤ ਕਰਨ ਲਈ ਪ੍ਰੇਰਿਤ ਕੀਤਾ ਗਿਆ।

ਵਿਦਿਆਰਥੀਆਂ ਨੂੰ ਡੀ.ਬੀ.ਈ.ਈ. ਪਟਿਆਲਾ ਵੱਲੋਂ ਮੁਹੱਈਆ ਕਰਵਾਈਆਂ ਜਾਂਦੀਆਂ ਸਹੂਲਤਾਂ, ਜਿਨ੍ਹਾਂ ਵਿੱਚ ਕਰੀਅਰ ਕਾਊਂਸਲਿੰਗ, ਪਲੇਸਮੈਂਟ ਕੈਂਪ, ਨੌਕਰੀਆਂ ਸਬੰਧੀ ਜਾਣਕਾਰੀ, ਹੁਨਰ ਵਿਕਾਸ ਕੋਰਸ ਅਤੇ ਸਵੈ-ਰੋਜ਼ਗਾਰ ਲਈ ਵੱਖ-ਵੱਖ ਸਰਕਾਰੀ ਕਰਜ਼ਾ ਯੋਜਨਾਵਾਂ ਸ਼ਾਮਲ ਹਨ, ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ। ਉਨ੍ਹਾਂ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਕਿੱਤਾਮੁਖੀ ਹੁਨਰ ਹਾਸਲ ਕਰਨ ਅਤੇ ਭਵਿੱਖ ਵਿੱਚ ਰੋਜ਼ਗਾਰ ਜਾਂ ਆਪਣਾ ਕਾਰੋਬਾਰ ਸ਼ੁਰੂ ਕਰਨ ਲਈ ਉਪਲਬਧ ਮੌਕਿਆਂ ਦਾ ਲਾਭ ਉਠਾਉਣ ਲਈ ਉਤਸ਼ਾਹਿਤ ਕੀਤਾ। ਇਸ ਮੌਕੇ ਇਹ ਸੰਦੇਸ਼ ਦਿੱਤਾ ਗਿਆ ਕਿ ਨੌਜਵਾਨਾਂ ਨੂੰ ਸਹੀ ਦਿਸ਼ਾ, ਮਿਆਰੀ ਸਿੱਖਿਆ, ਹੁਨਰ ਵਿਕਾਸ ਅਤੇ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਕੇ ਨਸ਼ਿਆਂ ਤੋਂ ਦੂਰ ਰੱਖਣ ਅਤੇ ਸਮਾਜ ਦੀ ਤਰੱਕੀ ਵਿੱਚ ਉਨ੍ਹਾਂ ਦੀ ਭਾਗੀਦਾਰੀ ਵਧਾਉਣ ਲਈ ਸਾਂਝੇ ਯਤਨ ਬੇਹੱਦ ਜ਼ਰੂਰੀ ਹਨ।ਇਹ ਵੀ ਦੱਸਿਆ ਗਿਆ ਕਿ ਲੋਕ ਨਸ਼ਾ ਤਸਕਰਾਂ ਸਬੰਧੀ ਜਾਣਕਾਰੀ ਟੋਲ ਫਰੀ ਨੰਬਰ 97791-00200 ਅਤੇ ਨਸ਼ਾ ਮੁਕਤੀ ਐਪ (ਐਨ.ਐਨ.ਐਮ.) ਰਾਹੀਂ ਵੀ ਸਾਂਝੀ ਕਰ ਸਕਦੇ ਹਨ।

ਪੋਲੋ ਗਰਾਊਂਡ ਪਟਿਆਲਾ ਵਿਖੇ ਦੋ ਸਿੰਥੈਟਿਕ ਬਾਸਕਟਬਾਲ ਕੋਰਟ ਤਿਆਰ ਕੀਤੇ ਜਾਣਗੇ

ਪਟਿਆਲਾ, 28 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਡਿਪਟੀ ਕਮਿਸ਼ਨਰ ਪਟਿਆਲਾ ਡਾ. ਹਿਮਾਂਸ਼ੂ ਅਗਰਵਾਲ ਦੀ ਅਗਵਾਈ ਹੇਠ ਅੱਜ ਸਕੱਤਰ, ਰੈਡ ਕਰਾਸ ਪਟਿਆਲਾ ਅਤੇ ਜਨਰਲ ਮੈਨੇਜਰ, ਇੰਡੀਅਨ ਆਇਲ ਵੱਲੋਂ ਇੱਕ ਸਮਝੌਤਾ ਪੱਤਰ (ਐਮ.ਓ.ਯੂ.) ਸਾਈਨ ਕੀਤਾ ਗਿਆ। ਇਸ ਸਮਝੌਤੇ ਤਹਿਤ ਪਟਿਆਲਾ ਦੇ ਪੋਲੋ ਗਰਾਊਂਡ ਵਿਖੇ ਦੋ ਸਿੰਥੈਟਿਕ ਬਾਸਕਟਬਾਲ ਕੋਰਟ ਤਿਆਰ ਕਰਵਾਏ ਜਾਣਗੇ, ਜਿਨ੍ਹਾਂ ਦੇ ਨਾਲ ਚੇਨ ਲਿੰਕ ਫੈਂਸਿੰਗ ਵੀ ਲਗਾਈ ਜਾਵੇਗੀ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਨੁਪ੍ਰੀਤ ਜੌਹਲ, ਪੀ.ਆਈ.ਐੱਸ. ਦੇ ਡਾਇਰੈਕਟਰ ਟ੍ਰੇਨਿੰਗ ਜੀਵਨਜੋਤ ਸਿੰਘ ਤੇਜਾ ਅਤੇ ਜ਼ਿਲ੍ਹਾ ਖੇਡ ਅਫ਼ਸਰ ਪਟਿਆਲਾ ਨਵਜੋਤ ਸਿੰਘ ਧਾਲੀਵਾਲ ਵੀ ਮੌਜੂਦ ਸਨ।

ਇਸ ਸਮਝੌਤੇ ਤਹਿਤ ਰੈਡ ਕਰਾਸ ਵੱਲੋਂ ਪੋਲੋ ਗਰਾਊਂਡ ਪਟਿਆਲਾ ਵਿਖੇ ਦੋ ਸਿੰਥੈਟਿਕ ਬਾਸਕਟਬਾਲ ਕੋਰਟ ਤਿਆਰ ਕਰਵਾ ਕੇ ਮੁਹੱਈਆ ਕਰਵਾਏ ਜਾਣਗੇ। ਇਹ ਪਹਿਲ ਸ਼ਹਿਰ ਵਿੱਚ ਖੇਡ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਅਤੇ ਖਿਡਾਰੀਆਂ ਨੂੰ ਬਿਹਤਰ ਖੇਡ ਸਹੂਲਤਾਂ ਪ੍ਰਦਾਨ ਕਰਨ ਵੱਲ ਇੱਕ ਅਹਿਮ ਕਦਮ ਹੈ। ਇਨ੍ਹਾਂ ਕੋਰਟਾਂ ਦੇ ਤਿਆਰ ਹੋਣ ਨਾਲ ਬਾਸਕਟਬਾਲ ਖਿਡਾਰੀਆਂ ਨੂੰ ਅਭਿਆਸ ਅਤੇ ਖੇਡ ਗਤੀਵਿਧੀਆਂ ਲਈ ਬਿਹਤਰ ਸਹੂਲਤਾਂ ਮਿਲਣਗੀਆਂ, ਜਿਸ ਨਾਲ ਉਨ੍ਹਾਂ ਨੂੰ ਆਪਣੀ ਖੇਡ ਪ੍ਰਤਿਭਾ ਨਿਖਾਰਨ ਲਈ ਢੁਕਵਾਂ ਮਾਹੌਲ ਮਿਲੇਗਾ।

ਸੀ ਆਰ ਐਮ ਸਕੀਮ ਅਧੀਨ ਪਿੰਡ ਸ਼ੇਰ ਮਾਜਰਾ ਵਿਖੇ ਨੁੱਕੜ ਨਾਟਕ ਰਾਹੀਂ ਪਰਾਲੀ ਦੀ ਸੰਭਾਲ ਸਬੰਧੀ ਕਿਸਾਨਾਂ ਨੂੰ ਕੀਤਾ ਜਾਗਰੂਕ

ਪਟਿਆਲਾ, 28 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਅਤੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਬਲਾਕ ਭੁੱਨਰਹੇੜੀ ਦੇ ਖੇਤੀਬਾੜੀ ਅਫਸਰ, ਮਨਦੀਪ ਸਿੰਘ ਦੀ ਅਗਵਾਈ ਹੇਠ ਸ਼੍ਰੀ ਜਸਪ੍ਰੀਤ ਸਿੰਘ ਰੰਧਾਵਾ ਖੇਤੀਬਾੜੀ ਵਿਕਾਸ ਅਫਸਰ ਨੇ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਤੋਂ ਰੋਕਣ ਸਬੰਧੀ ਅਤੇ ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਸੁਚੱਜੇ ਪ੍ਰਬੰਧਨ (ਫ਼ੂ ਸਕੀਮ) ਤਹਿਤ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਅਤੇ ਇਸ ਦੇ ਯੋਗ ਪ੍ਰਬੰਧਨ ਸਬੰਧੀ ਜਾਗਰੂਕ ਕਰਨ ਲਈ ਪਿੰਡ ਸ਼ੇਰ ਮਾਜਰਾ ਵਿਖੇ ਨੁੱਕੜ ਨਾਟਕ ਕਰਵਾਇਆ ਗਿਆ। ਇਸ ਮੌਕੇ ਦੇ ਮਧੁਬਨ ਥੀਏਟਰ ਗਰੁਪ ਦੇ ਪ੍ਰਧਾਨ ਚੰਦਨ ਕੁਮਾਰ ਵੱਲੋਂ ਜਾਗ ਬੰਦਿਆ ਜਾਗ ਨੇ ਨੁੱਕੜ ਨਾਟਕ ਰਾਹੀਂ ਕਿਸਾਨਾਂ ਨੂੰ ਪਰਾਲੀ ਸਾੜਨ ਨਾਲ ਵਾਤਾਵਰਨ, ਮਿੱਟੀ ਦੀ ਉਪਜਾਊ ਸ਼ਕਤੀ, ਮਨੁੱਖੀ ਸਿਹਤ ਅਤੇ ਜੀਵ-ਜੰਤੂਆਂ 'ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ ਗਈ। ਕਲਾਕਾਰਾਂ ਨੇ ਪ੍ਰਭਾਵਸ਼ਾਲੀ ਅੰਦਾਜ਼ ਵਿੱਚ ਕਿਸਾਨਾਂ ਨੂੰ ਸਮਝਾਇਆ ਕਿ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਇਸ ਨੂੰ ਖੇਤ ਵਿੱਚ ਹੀ ਵਾਹ ਕੇ ਮਿੱਟੀ ਦੀ ਸਿਹਤ ਸੁਧਾਰੀ ਜਾ ਸਕਦੀ ਹੈ ਅਤੇ ਵਾਤਾਵਰਨ ਨੂੰ ਪ੍ਰਦੂਸ਼ਣ ਤੋਂ ਬਚਾਇਆ ਜਾ ਸਕਦਾ ਹੈ।

ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਉਪਲਬਧ ਖੇਤੀ ਮਸ਼ੀਨਰੀ ਜਿਵੇਂ ਸੁਪਰ ਸੀਡਰ, ਹੈਪੀ ਸੀਡਰ, ਸਮਾਰਟ ਸੀਡਰ ਅਤੇ ਹੋਰ ਖੇਤੀ ਸੰਦਾਂ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ ਗਿਆ।

ਇਸ ਦੇ ਨਾਲ ਹੀ ਕਿਸਾਨਾਂ ਨੂੰ ਫ਼ਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਦੀ ਬਜਾਏ ਇਸ ਦਾ ਸੁਚੱਜਾ ਪ੍ਰਬੰਧਨ ਕਰਕੇ ਮਿੱਟੀ ਦੀ ਉਪਜਾਊ ਸ਼ਕਤੀ ਬਰਕਰਾਰ ਰੱਖਣ ਦਾ ਸੁਨੇਹਾ ਦਿੱਤਾ ਗਿਆ।ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਨਾ ਸਾੜਨ ਅਤੇ ਹੋਰ ਕਿਸਾਨਾਂ ਨੂੰ ਵੀ ਇਸ ਸਬੰਧੀ ਜਾਗਰੂਕ ਕਰਨ, ਤਾਂ ਜੋ ਸਾਫ਼-ਸੁਥਰੇ ਵਾਤਾਵਰਨ, ਸਿਹਤਮੰਦ ਸਮਾਜ ਅਤੇ ਟਿਕਾਊ ਖੇਤੀਬਾੜੀ ਨੂੰ ਉਤਸ਼ਾਹਿਤ ਕੀਤਾ ਜਾ ਸਕੇ।ਇਸ ਮੌਕੇ ਤੇ ਖੇਤੀਬਾੜੀ ਵਿਭਾਗ ਬਲਾਕ ਭੁੱਨਰਹੇੜੀ ਦਾ ਸਟਾਫ ਸ਼ੰਟੀ (ਏ.ਟੀ.ਐਮ), ਸਤਵੀਰ ਕੌਰ, ਗੁਰਦੀਪ ਸਿੰਘ ਅਤੇ ਪਿੰਡ ਦੇ ਮੌਹਤਵਾਰ ਕਿਸਾਨ ਵੀ ਮੌਜੂਦ ਸਨ।

ਸਿੱਧ ਸ੍ਰੀ ਬਾਬਾ ਬਾਲਕ ਨਾਥ ਜੀ ਦਾ ਕੀਰਤਨ ਦਰਬਾਰ ਮੌਕੇ ਕੱਢੀ ਗਈ ਸ਼ੋਭਾ ਯਾਤਰਾ

ਮੋਰਿੰਡਾ, 28 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਬਖਸ਼ਿਸ਼ ਪੋਣਹਾਰੀ ਦੀ ਸੋਸ਼ਲ ਵੈਲਫੇਅਰ ਕਲੱਬ ਰਜਿਸਟਰਡ ਮੋਰਿੰਡਾ ਵੱਲੋਂ ਸਿੱਧ ਸ੍ਰੀ ਬਾਬਾ ਬਾਲਕ ਨਾਥ ਜੀ ਦਾ ਸਰਬ ਸਾਂਝਾ ਕੀਰਤਨ ਦਰਬਾਰ ਮੰਦਰ ਸਿੱਧ ਬਾਬਾ ਬਾਲਕ ਨਾਥ ਜੀ ਨੇੜੇ ਸ਼ਿਵ ਨੰਦਾ ਸਕੂਲ ਮੋਰਿੰਡਾ ਵਿਖੇ ਕਰਵਾਇਆ ਗਿਆ। ਜਿਸ ਦੀ ਖੁਸ਼ੀ ਵਿੱਚ ਸ਼ਹਿਰ ਵਿੱਚ ਵਿਸ਼ਾਲ ਸ਼ੋਭਾ ਯਾਤਰਾ ਕੱਢੀ ਗਈ।

ਜਾਣਕਾਰੀ ਦਿੰਦੇ ਹੋਏ ਮਨੋਜ ਕੁਮਾਰ ਪੀਪਟ ਅਤੇ ਰਜਨੀਸ਼ ਕੁਮਾਰ ਨੇ ਦੱਸਿਆ ਕੀ ਇਸ ਪ੍ਰੋਗਰਾਮ ਵਿੱਚ ਜੋਤ ਪ੍ਰਚੰਡ ਕੀਤੀ ਗਈ ਅਤੇ 7 ਵਜੇ ਤੋਂ ਅਟੂਟ ਭੰਡਾਰਾ ਚਲਾਇਆ ਗਿਆ, ਪ੍ਰੋਗਰਾਮ ਵਿੱਚ ਸੰਤ ਬਾਬਾ ਸ੍ਰੀ ਸਤਨਾਮ ਦਾਸ ਜੀ ਮਹਾਰਾਜ 5 ਵਜੇ ਤੋਂ ਕੀਰਤਨ ਦਰਬਾਰ ਲਗਾਉਣਗੇ ਜਿਸ ਤੋਂ ਬਾਅਦ ਸੱਤਾ ਮੰਡਲੀ ਐਂਡ ਪਾਰਟੀ ਰਾਤ 9 ਵਜੇ ਤੱਕ ਬਾਬਾ ਜੀ ਦੇ ਭਜਨਾਂ ਦਾ ਗੁਣਗਾਨ ਕੀਤਾ। ਉਹਨਾਂ ਨੇ ਇਲਾਕਾ ਨਿਵਾਸੀਆਂ ਨੂੰ ਇਸ ਪ੍ਰੋਗਰਾਮ ਵਿੱਚ ਸ਼ਾਮਿਲ ਹੋ ਕੇ ਬਾਬਾ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ।

ਇਸ ਮੌਕੇ ਮੁੱਖ ਸੇਵਾਦਾਰ ਤਰਸੇਮ ਲਾਲ, ਸਵਰਨ ਸਿੰਘ, ਮਾਸਟਰ ਹਾਕਮ ਸਿੰਘ, ਵਿਵੇਕ ਮਹਿਰਾ, ਆਦੀ ਮੈਂਬਰ ਸ਼ੋਭਾ ਯਾਤਰਾ ਵਿੱਚ ਸ਼ਾਮਿਲ ਸਨ।

ਮੋਗਾ ਤੋਂ ਪੰਜਾਬ ਭਾਜਪਾ ਨੂੰ ਮਿਲੀ ਮਜ਼ਬੂਤੀ : ਅਕਾਲੀ ਆਗੂ ਤੇ ਸੀਨੀਅਰ ਐਡਵੋਕੇਟ ਰਮੇਸ਼ ਗਰੋਵਰ ਭਾਜਪਾ ਵਿੱਚ ਸ਼ਾਮਲ

ਮੋਗਾ, 28 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਭਾਰਤੀ ਜਨਤਾ ਪਾਰਟੀ ਪੰਜਾਬ ਨੂੰ ਅੱਜ ਉਸ ਸਮੇਂ ਹੋਰ ਮਜ਼ਬੂਤੀ ਮਿਲੀ, ਜਦੋਂ ਮੋਗਾ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਉੱਘੇ ਸੀਨੀਅਰ ਐਡਵੋਕੇਟ ਰਮੇਸ਼ ਗਰੋਵਰ ਭਾਜਪਾ ਵਿੱਚ ਸ਼ਾਮਲ ਹੋ ਗਏ। ਭਾਜਪਾ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਰਮੇਸ਼ ਗਰੋਵਰ ਦਾ ਪਾਰਟੀ ਪਰਿਵਾਰ ਵਿੱਚ ਸਵਾਗਤ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਆਉਣ ਨਾਲ ਮੋਗਾ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਪਾਰਟੀ ਨੂੰ ਹੋਰ ਮਜ਼ਬੂਤੀ ਮਿਲੇਗੀ। ਇਸ ਮੌਕੇ ਜ਼ਿਲ੍ਹਾ ਮੋਗਾ ਦੇ ਪ੍ਰਧਾਨ ਹਰਜੋਤ ਕਮਲ ਵੀ ਹਾਜ਼ਰ ਸਨ।

ਜ਼ਿਕਰਯੋਗ ਹੈ ਕਿ ਰਮੇਸ਼ ਗਰੋਵਰ ਅਕਾਲੀ ਦਲ ਤੋਂ ਪਹਿਲਾਂ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ, ਫ਼ਰੀਦਕੋਟ ਜ਼ੋਨ ਦੇ ਲੀਗਲ ਸੈੱਲ ਦੇ ਇੰਚਾਰਜ ਤੋਂ ਇਲਾਵਾ, ਉਹ ਸਾਲ 2017 ਵਿੱਚ ਮੋਗਾ ਵਿਧਾਨ ਸਭਾ ਹਲਕੇ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਵਜੋਂ ਵੀ ਚੋਣ ਲੜ ਚੁੱਕੇ ਹਨ। ਜਦਕਿ ਉਹ ਬਾਰ ਕਾਊਂਸਿਲ ਦੇ ਵੀ ਕਈ ਦਫ਼ਾ ਪ੍ਰਧਾਨ ਰਹਿ ਚੁੱਕੇ ਹਨ।

ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਰਮੇਸ਼ ਗਰੋਵਰ ਕਾਨੂੰਨੀ ਖੇਤਰ ਦੇ ਨਾਲ-ਨਾਲ ਸਮਾਜਿਕ ਅਤੇ ਸਿਆਸੀ ਜੀਵਨ ਵਿੱਚ ਵੀ ਆਪਣੀ ਵਿਸ਼ੇਸ਼ ਪਛਾਣ ਰੱਖਦੇ ਹਨ। ਲੋਕਾਂ ਵਿੱਚ ਲੰਮੇ ਸਮੇਂ ਤੋਂ ਵਿਚਰਦਿਆਂ ਉਨ੍ਹਾਂ ਨੇ ਆਪਣਾ ਇੱਕ ਵੱਖਰਾ ਸਥਾਨ ਬਣਾਇਆ ਹੈ। ਉਨ੍ਹਾਂ ਦਾ ਤਜਰਬਾ ਅਤੇ ਲੋਕਾਂ ਨਾਲ ਜੁੜਾਅ ਪਾਰਟੀ ਲਈ ਲਾਹੇਵੰਦ ਸਾਬਤ ਹੋਵੇਗਾ।

ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਦੀਆਂ ਨੀਤੀਆਂ ਅਤੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਦੇਸ਼ ਦੀ ਹੋ ਰਹੀ ਤਰੱਕੀ ਤੋਂ ਪ੍ਰਭਾਵਿਤ ਹੋ ਕੇ ਵੱਖ-ਵੱਖ ਖੇਤਰਾਂ ਦੇ ਲੋਕ ਭਾਜਪਾ ਨਾਲ ਜੁੜ ਰਹੇ ਹਨ। ਇਹ ਪਾਰਟੀ ਦੀਆਂ ਨੀਤੀਆਂ ਅਤੇ ਲੋਕ-ਪੱਖੀ ਸੋਚ ਵਿੱਚ ਲੋਕਾਂ ਦੇ ਵਧ ਰਹੇ ਵਿਸ਼ਵਾਸ ਨੂੰ ਦਰਸਾਉਂਦਾ ਹੈ।

ਸ੍ਰੀ ਢਿੱਲੋਂ ਨੇ ਕਿਹਾ ਕਿ ਭਾਜਪਾ ਵਿੱਚ ਸ਼ਾਮਲ ਹੋਣ ਵਾਲੇ ਹਰ ਆਗੂ ਅਤੇ ਵਰਕਰ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਂਦਾ ਹੈ। ਪਾਰਟੀ ਦਾ ਮੁੱਖ ਉਦੇਸ਼ ਪੰਜਾਬ ਦੀ ਤਰੱਕੀ, ਖ਼ੁਸ਼ਹਾਲੀ ਅਤੇ ਲੋਕਾਂ ਦੀ ਭਲਾਈ ਲਈ ਕੰਮ ਕਰਨਾ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਰਮੇਸ਼ ਗਰੋਵਰ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਅਤੇ ਪੰਜਾਬ ਦੀ ਬਿਹਤਰੀ ਲਈ ਆਪਣੀ ਅਹਿਮ ਭੂਮਿਕਾ ਨਿਭਾਉਣਗੇ।

ਉਹਨਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਤੋਂ ਹੀ ਪੰਜਾਬ ਦੇ ਲੋਕਾਂ ਨੂੰ ਚੰਗੇ ਭਵਿੱਖ ਦੀ ਉਮੀਦ ਦਿਖਾਈ ਦੇ ਰਹੀ ਹੈ। ਪੰਜਾਬ ਦੇ ਲੋਕਾਂ ਦੇ ਇਸੇ ਸਾਥ ਤੇ ਵਿਸ਼ਵਾਸ ਨਾਲ ਪੰਜਾਬ ਵਿੱਚ 2027 'ਚ ਭਾਰਤੀ ਜਨਤਾ ਪਾਰਟੀ ਬਹੁਮਤ ਨਾਲ ਸਰਕਾਰ ਬਣਾਏਗੀ।

'ਆਪ' ਸੁਪਰੀਮੋ ਅਰਵਿੰਦ ਕੇਜਰੀਵਾਲ ਨਾਲ ਬ੍ਰਹਮਪੁਰਾ ਦੀ ਮੁਲਾਕਾਤ

ਤਰਨ ਤਾਰਨ, 28 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਸਾਬਕਾ ਵਿਧਾਇਕ ਰਵਿੰਦਰ ਸਿੰਘ ਬ੍ਰਹਮਪੁਰਾ ਨੇ ਨਵੀਂ ਦਿੱਲੀ ਵਿਖੇ ਪਾਰਟੀ ਦੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਨਾਲ ਉਨ੍ਹਾਂ ਦੇ ਨਿਵਾਸ ਅਸਥਾਨ 'ਤੇ ਵਿਸ਼ੇਸ਼ ਮੁਲਾਕਾਤ ਕੀਤੀ। 'ਆਪ' ਵਿੱਚ ਸ਼ਾਮਲ ਹੋਣ ਤੋਂ ਬਾਅਦ ਪਾਰਟੀ ਸੁਪਰੀਮੋ ਨਾ

ਪਟਿਆਲਾ ਦੀ ਨੌਜਵਾਨ ਕਵਿੱਤਰੀ ਨੰਦਿਕਾ ਦੀ ਪਹਿਲੀ ਕਾਵਿ-ਪੁਸਤਕ 'Things That Make Life Worth Remembering' ਐਮਾਜ਼ਾਨ 'ਤੇ ਰਿਲੀਜ਼

ਪਟਿਆਲਾ, 28 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਸ਼ਹਿਰ ਦੀ ਹੋਣਹਾਰ ਨੌਜਵਾਨ ਕਵਿੱਤਰੀ ਨੰਦਿਕਾ ਨੇ ਆਪਣੀ ਪਹਿਲੀ ਕਾਵਿ-ਪੁਸਤਕ "Things That Make Life Worth Remembering: A Book of Poetry ਰਾਹੀਂ ਸਾਹਿਤਕ ਖੇਤਰ ਵਿੱਚ ਕਦਮ ਰੱਖਿਆ ਹੈ। ਜੀਵਨ ਦੀਆਂ ਖੂਬਸੂਰਤ ਯਾਦਾਂ, ਸੁਪਨਿਆਂ, ਸੰਘਰਸ਼, ਸ਼ੁਕਰਗੁਜ਼ਾਰੀ ਅਤੇ ਰਿਸ਼ਤਿਆਂ ਦੀ ਅਹਿਮੀਅਤ ਨੂੰ ਬਿਆਨ ਕਰਦੀ ਹੈ।



ਨੰਦਿਕਾ ਇਸ ਸਮੇਂ ਦਿੱਲੀ ਪਬਲਿਕ ਸਕੂਲ (ਡੀਪੀਐੱਸ), ਪਟਿਆਲਾ ਵਿੱਚ ਗਿਆਰ੍ਹਵੀਂ ਜਮਾਤ ਦੀ ਨਾਨ-ਮੈਡੀਕਲ ਦੀ ਵਿਦਿਆਰਥਣ ਹੈ। ਪਰਿਵਾਰ ਵਿੱਚ ਪਹਿਲਾਂ ਕੋਈ ਸਾਹਿਤਕ ਪਿਛੋਕੜ ਨਾ ਹੋਣ ਦੇ ਬਾਵਜੂਦ, ਉਸ ਨੇ ਆਪਣੀ ਸੋਚ, ਰੋਜ਼ਾਨਾ ਜੀਵਨ ਦੀਆਂ ਘਟਨਾਵਾਂ ਨੂੰ ਬਾਰੀਕੀ ਨਾਲ ਦੇਖਣ ਦੀ ਕਲਾ ਅਤੇ ਲਿਖਣ ਦੇ ਸ਼ੌਕ ਨਾਲ ਆਪਣੀ ਵੱਖਰੀ ਪਛਾਣ ਬਣਾਈ ਹੈ।

ਇਸ ਪੁਸਤਕ ਵਿੱਚ ਕੁੱਲ 23 ਕਵਿਤਾਵਾਂ ਸ਼ਾਮਲ ਹਨ, ਜੋ ਨੰਦਿਕਾ ਨੇ ਆਪਣੇ ਪਰਿਵਾਰਕ ਮੈਂਬਰਾਂ, ਅਧਿਆਪਕਾਂ ਅਤੇ ਜੀਵਨ ਵਿੱਚ ਪ੍ਰੇਰਣਾ ਦੇਣ ਵਾਲੀਆਂ ਸ਼ਖ਼ਸੀਅਤਾਂ ਨੂੰ ਸਮਰਪਿਤ ਕੀਤੀਆਂ ਹਨ।

ਨੰਦਿਕਾ ਦੇ ਪਿਤਾ ਇੰਜੀਨੀਅਰ ਗਗਨ ਚੋਪੜਾ ਪੀਐੱਸਪੀਸੀਐੱਲ ਵਿੱਚ ਡਿਪਟੀ ਚੀਫ਼ ਇੰਜੀਨੀਅਰ/ਆਈਟੀ ਵਜੋਂ ਸੇਵਾਵਾਂ ਨਿਭਾ ਰਹੇ ਹਨ, ਜਦਕਿ ਉਨ੍ਹਾਂ ਦੀ ਮਾਤਾ ਵੰਦਨਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਭਾਦਸੋਂ ਵਿਖੇ ਕੈਮਿਸਟਰੀ ਦੀ ਲੈਕਚਰਾਰ ਹਨ।

ਇਹ ਪੁਸਤਕ ਨੈਕਸਟ ਟੌਪਰ ਦੇ ਡਿਗਰਾਜ ਸਰ ਨੂੰ ਸਮਰਪਿਤ ਕੀਤੀ ਗਈ ਹੈ, ਜੋ ਵਿਦਿਆਰਥੀਆਂ ਲਈ ਪ੍ਰੇਰਣਾ ਦਾ ਸਰੋਤ ਹਨ। ਪੁਸਤਕ ਨੂੰ ਪ੍ਰਕਾਸ਼ਿਤ ਕਰਨ ਦੇ ਸਫ਼ਰ ਵਿੱਚ ਡਾ. ਕੁਲਦੀਪ ਸਿੰਘ ਦੇ ਮਾਰਗਦਰਸ਼ਨ ਅਤੇ ਹੌਸਲਾ-ਅਫ਼ਜ਼ਾਈ ਦਾ ਵੀ ਵਿਸ਼ੇਸ਼ ਯੋਗਦਾਨ ਰਿਹਾ ਹੈ।

ਇਸ ਮੌਕੇ ਆਪਣੀ ਖੁਸ਼ੀ ਸਾਂਝੀ ਕਰਦਿਆਂ ਨੰਦਿਕਾ ਦੇ ਪਰਿਵਾਰ ਨੇ ਕਿਹਾ ਕਿ ਇਹ ਪੁਸਤਕ ਸਿਰਫ਼ ਰਚਨਾਤਮਕ ਪ੍ਰਗਟਾਵਾ ਨਹੀਂ, ਸਗੋਂ ਨੌਜਵਾਨ ਪੀੜ੍ਹੀ ਲਈ ਇੱਕ ਪ੍ਰੇਰਣਾਦਾਇਕ ਸੰਦੇਸ਼ ਵੀ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਨੰਦਿਕਾ ਦੀਆਂ ਕਵਿਤਾਵਾਂ ਪਾਠਕਾਂ ਨੂੰ ਨਿਡਰ ਹੋ ਕੇ ਸੁਪਨੇ ਦੇਖਣ, ਆਪਣੇ ਆਲੇ-ਦੁਆਲੇ ਦੇ ਲੋਕਾਂ ਦੀ ਕਦਰ ਕਰਨ ਅਤੇ ਚੰਗੇ ਨਤੀਜਿਆਂ ਲਈ ਸਬਰ ਰੱਖਣ ਦੀ ਪ੍ਰੇਰਣਾ ਦੇਣਗੀਆਂ।

ਨੰਦਿਕਾ ਦੀ ਇਹ ਪਹਿਲੀ ਪੁਸਤਕ ਉਸ ਦੇ ਸਾਹਿਤਕ ਸਫ਼ਰ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਹੈ ਅਤੇ ਪੁਸਤਕ ਐਮਾਜ਼ਾਨ 'ਤੇ ਦੁਨੀਆ ਭਰ ਵਿੱਚ ਉਪਲਬਧ ਹੈ।

ਭਗਵਾਨ ਵਾਲਮੀਕਿ ਪ੍ਰਗਟ ਦਿਵਸ ਮੌਕੇ 25 ਅਕਤੂਬਰ ਨੂੰ ਸਜਾਈ ਜਾਵੇਗੀ 37ਵੀਂ ਵਿਸ਼ਾਲ ਸ਼ੋਭਾ ਯਾਤਰਾ

ਮੁੱਖ ਮੰਤਰੀ ਹੋਣਗੇ ਮੁੱਖ ਮਹਿਮਾਨ, 250 ਤੋਂ ਵੱਧ ਸੁੰਦਰ ਝਾਕੀਆਂ ਖਿੱਚਣਗੀਆਂ ਖਿੱਚ ਦਾ ਕੇਂਦਰ

ਲੁਧਿਆਣਾ, 28 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਭਾਰਤੀਯ ਵਾਲਮੀਕਿ ਧਰਮ ਸਮਾਜ (ਰਜਿ.) ਭਾਵਾਧਸ, ਭਾਰਤ ਵੱਲੋਂ ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਨੂੰ ਸਮਰਪਿਤ 37ਵੀਂ ਪਾਵਨ ਵਿਸ਼ਾਲ ਸ਼ੋਭਾ ਯਾਤਰਾ 25 ਅਕਤੂਬਰ, ਐਤਵਾਰ ਨੂੰ ਸ਼ਾਮ 4 ਵਜੇ ਸਜਾਈ ਜਾਵੇਗੀ। ਇਸ ਸਬੰਧੀ ਲੁਧਿਆਣਾ ਕਲੱਬ ਵਿਖੇ ਰਾਸ਼ਟਰੀ ਮੁੱਖ ਸੰਚਾਲਕ ਵੀਰੇਸ਼ ਵਿਜੈ ਦਾਨਵ ਦੀ ਅਗਵਾਈ ਹੇਠ ਪ੍ਰੈੱਸ ਵਾਰਤਾ ਕੀਤੀ ਗਈ, ਜਿਸ ਵਿੱਚ ਰਾਸ਼ਟਰੀ ਸੰਚਾਲਕ ਕਰਮਯੋਗੀ ਚੌਧਰੀ ਯਸ਼ਪਾਲ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।

ਪ੍ਰੈੱਸ ਵਾਰਤਾ ਦੌਰਾਨ ਦੱਸਿਆ ਗਿਆ ਕਿ ਸ਼ੋਭਾ ਯਾਤਰਾ ਦਰੇਸੀ ਦੇ ਖੁੱਲ੍ਹੇ ਮੈਦਾਨ ਤੋਂ ਸ਼ੁਰੂ ਹੋ ਕੇ ਕਪੂਰ ਮਾਰਕੀਟ, ਪੁਰਾਣੀ ਸਬਜ਼ੀ ਮੰਡੀ, ਪ੍ਰਤਾਪ ਬਾਜ਼ਾਰ, ਮਾਤਾ ਰਾਣੀ ਚੌਕ, ਘੰਟਾ ਘਰ, ਚੌੜਾ ਬਾਜ਼ਾਰ, ਘਾਹ ਮੰਡੀ, ਡਿਵੀਜ਼ਨ ਨੰਬਰ 3 ਅਤੇ ਇਸਲਾਮੀਆ ਸਕੂਲ ਰੋਡ ਤੋਂ ਹੁੰਦੀ ਹੋਈ ਘਾਟੀ ਮੁਹੱਲਾ ਵਿਖੇ ਸੰਪੰਨ ਹੋਵੇਗੀ। ਇਸ ਮੌਕੇ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ। ਇਸ ਤੋਂ ਇਲਾਵਾ ਮਨੀਸ਼ ਸਿਸੋਦੀਆ, ਹਰਦੀਪ ਸਿੰਘ ਮੁੰਡੀਆਂ, ਤਰਨਪ੍ਰੀਤ ਸਿੰਘ ਸੌਂਦ, ਪ੍ਰਿੰਸੀਪਲ ਇੰਦਰਜੀਤ ਕੌਰ ਸਮੇਤ ਕਈ ਰਾਜਨੀਤਿਕ ਅਤੇ ਸਮਾਜਿਕ ਸ਼ਖ਼ਸੀਅਤਾਂ ਦੀ ਸ਼ਮੂਲੀਅਤ ਰਹੇਗੀ।

ਸ਼ੋਭਾ ਯਾਤਰਾ ਦਾ ਉਦਘਾਟਨ ਸ. ਹਰਜੋਤ ਸਿੰਘ ਬੈਂਸ ਵੱਲੋਂ ਕੀਤਾ ਜਾਵੇਗਾ। ਯਾਤਰਾ ਵਿੱਚ 250 ਤੋਂ ਵੱਧ ਸੁੰਦਰ ਝਾਕੀਆਂ, ਬੈਂਡ-ਵਾਜੇ, ਸਕੂਲੀ ਬੱਚੇ, ਗਤਕਾ ਪਾਰਟੀਆਂ, ਭਜਨ ਮੰਡਲੀਆਂ ਅਤੇ ਭਗਵਾਨ ਵਾਲਮੀਕਿ ਮਹਾਰਾਜ ਜੀ ਦੀ ਪਾਲਕੀ ਸ਼ਰਧਾਲੂਆਂ ਲਈ ਖਿੱਚ ਦਾ ਕੇਂਦਰ ਹੋਵੇਗੀ। ਸੂਫ਼ੀ ਗਾਇਕ ਸੁਲਤਾਨ ਨੂਰਾਂ ਅਤੇ ਵੀਰ ਹੈਪੀ ਰਾਹਤ ਐਂਡ ਪਾਰਟੀ ਵੱਲੋਂ ਭਜਨਾਂ ਰਾਹੀਂ ਭਗਵਾਨ ਵਾਲਮੀਕਿ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ ਜਾਵੇਗਾ। ਰੂਟ ਦੌਰਾਨ ਵੱਖ-ਵੱਖ ਥਾਵਾਂ 'ਤੇ ਫੁੱਲਾਂ ਦੀ ਵਰਖਾ ਵੀ ਕੀਤੀ ਜਾਵੇਗੀ।

ਕਰਮਯੋਗੀ ਚੌਧਰੀ ਯਸ਼ਪਾਲ ਅਤੇ ਹੋਰ ਅਹੁਦੇਦਾਰਾਂ ਨੇ ਲੁਧਿਆਣਾ ਵਾਸੀਆਂ ਅਤੇ ਵਪਾਰੀ ਭਰਾਵਾਂ ਨੂੰ ਸ਼ੋਭਾ ਯਾਤਰਾ ਵਿੱਚ ਵੱਧ-ਚੜ੍ਹ ਕੇ ਸ਼ਾਮਲ ਹੋਣ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਸਮਾਗਮ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ ਅਤੇ ਪ੍ਰਬੰਧਾਂ ਲਈ ਕਾਰਜਕਰਤਾਵਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ। ਇਸ ਮੌਕੇ ਪੁਲਿਸ ਕਮਿਸ਼ਨਰ ਸਵਪਨ ਸ਼ਰਮਾ, ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਅਤੇ ਨਗਰ ਨਿਗਮ ਕਮਿਸ਼ਨਰ ਅੰਕੁਰ ਮਹਿੰਦਰੂ ਸਮੇਤ ਕਈ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਜਾਵੇਗਾ।

ਪ੍ਰੈੱਸ ਵਾਰਤਾ ਵਿੱਚ ਭਾਵਾਧਸ ਦੇ ਕਈ ਰਾਸ਼ਟਰੀ, ਸੂਬਾਈ ਅਤੇ ਜ਼ਿਲ੍ਹਾ ਪੱਧਰੀ ਅਹੁਦੇਦਾਰਾਂ ਤੇ ਕਾਰਜਕਰਤਾਵਾਂ ਨੇ ਸ਼ਮੂਲੀਅਤ ਕੀਤੀ।

ਨਵਾਬ ਸ਼ੇਰ ਮੁਹੰਮਦ ਖ਼ਾਂ ਦੇ ਨਾਂ 'ਤੇ ਸਿਆਸਤ ਕਰਕੇ ਸੱਤਾ ਦਾ ਸੁੱਖ ਮਾਣਨ ਵਾਲੀਆਂ ਪਾਰਟੀਆਂ ਨੇ ਉਨ੍ਹਾਂ ਦੀ ਵਿਰਾਸਤ ਨੂੰ ਅਣਗੌਲਿਆ ਕੀਤਾ: ਬਿੱਟੂ ਚੌਹਾਨ

ਮਲੇਰਕੋਟਲਾ, 28 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਨਵਾਬ ਸ਼ੇਰ ਮੁਹੰਮਦ ਖ਼ਾਂ ਮਾਲੇਰਕੋਟਲਾ ਦੀ ਉਹ ਮਾਣਮੱਤੀ ਇਤਿਹਾਸਕ ਸ਼ਖ਼ਸੀਅਤ ਹਨ, ਜਿਨ੍ਹਾਂ ਨੇ ਛੋਟੇ ਸਾਹਿਬਜ਼ਾਦਿਆਂ ਨੂੰ ਨੀਹਾਂ ਵਿੱਚ ਚਿਣਵਾਉਣ ਦੇ ਫ਼ੈਸਲੇ ਵਿਰੁੱਧ ਹਾਅ ਦਾ ਨਾਅਰਾ ਮਾਰ ਕੇ ਜ਼ੁਲਮ ਅਤੇ ਬੇਇਨਸਾਫ਼ੀ ਖ਼ਿਲਾਫ਼ ਆਵਾਜ਼ ਬੁਲੰਦ ਕੀਤੀ। ਪਰ ਅੱਜ ਅਫ਼ਸੋਸਨਾਕ ਹਾਲਤ ਇਹ ਹੈ ਕਿ ਉਨ੍ਹਾਂ ਦੇ ਨਾਂ 'ਤੇ ਸਿਆਸੀ ਰੋਟੀਆਂ ਸੇਕਣ ਵਾਲੀਆਂ ਸਰਕਾਰਾਂ ਅਤੇ ਰਾਜਨੀਤਿਕ ਪਾਰਟੀਆਂ ਨੇ ਉਨ੍ਹਾਂ ਦੇ ਨਾਂ ਨਾਲ ਜੁੜੀਆਂ ਸੰਸਥਾਵਾਂ ਦੀ ਤਰੱਕੀ ਵੱਲ ਬਣਦਾ ਧਿਆਨ ਨਹੀਂ ਦਿੱਤਾ।

ਅਕਾਲੀ ਦਲ ਵਾਰਸ ਪੰਜਾਬ ਦੇ ਜ਼ਿਲ੍ਹਾ ਸਿਨਿਅਰ ਮੀਤ ਪ੍ਰਧਾਨ ਹਾਜੀ ਬਿੱਟੂ ਚੌਹਾਨ ਨੇ ਇਸ ਅਣਗਹਿਲੀ 'ਤੇ ਸਖ਼ਤ ਇਤਰਾਜ਼ ਪ੍ਰਗਟ ਕਰਦਿਆਂ ਕਿਹਾ ਕਿ ਨਵਾਬ ਸ਼ੇਰ ਮੁਹੰਮਦ ਖ਼ਾਂ ਸੰਸਥਾ, ਮਾਲੇਰਕੋਟਲਾ (ਰੀਜਨਲ ਸੈਂਟਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ) ਪਿਛਲੇ ਲਗਭਗ 36 ਸਾਲਾਂ ਤੋਂ ਕਿਰਾਏ ਦੀ ਇਮਾਰਤ ਵਿੱਚ ਚੱਲ ਰਹੀ ਹੈ। ਇਹ ਸਵਾਲ ਉਨ੍ਹਾਂ ਸਾਰੀਆਂ ਸਰਕਾਰਾਂ ਦੇ ਮੱਥੇ 'ਤੇ ਹੈ ਜੋ ਸਾਲਾਂ ਤੱਕ ਸੱਤਾ ਵਿੱਚ ਰਹੀਆਂ—ਕੇ ਇੰਨੇ ਦਹਾਕਿਆਂ ਬਾਅਦ ਵੀ ਇਸ ਸੰਸਥਾ ਨੂੰ ਆਪਣੀ ਇਮਾਰਤ ਕਿਉਂ ਨਹੀਂ ਮਿਲ ਸਕੀ ? ਕੀ ਨਵਾਬ ਸ਼ੇਰ ਮੁਹੰਮਦ ਖ਼ਾਂ ਦਾ ਨਾਂ ਸਿਰਫ਼ ਚੋਣਾਂ ਵੇਲੇ ਯਾਦ ਕਰਨ ਅਤੇ ਸਿਆਸੀ ਲਾਹਾ ਲੈਣ ਲਈ ਹੀ ਰਹਿ ਗਿਆ ਹੈ ? ਅੱਜ ਜ਼ਰੂਰਤ ਹੈ ਕਿ ਨਵਾਬ ਸ਼ੇਰ ਮੁਹੰਮਦ ਖਾਂ ਸੰਸਥਾ ਲਈ ਹਾਅ ਦਾ ਨਾਅਰਾ ਮਾਰਿਆ ਜਾਵੇ ਅਤੇ ਇਸ ਨੂੰ ਤੁਰੰਤ ਮੁਨਾਸਿਬ ਥਾਂ ਅਲਾਟ ਕੀਤੀ ਜਾਵੇ।

ਇਸੇ ਤਰ੍ਹਾਂ ਨਵਾਬ ਸ਼ੇਰ ਮੁਹੰਮਦ ਖ਼ਾਂ ਲਾਇਬ੍ਰੇਰੀ ਦੀ ਇਮਾਰਤ ਖਸਤਾ ਹਾਲਤ ਵਿੱਚ ਹੈ। ਲਾਇਬ੍ਰੇਰੀ ਵਰਗੀ ਗਿਆਨ ਦੀ ਸੰਸਥਾ ਦੀ ਅਣਦੇਖੀ ਕਰਨਾ ਨੌਜਵਾਨ ਪੀੜ੍ਹੀ ਦੇ ਵਿਦਿਅਕ ਹਿੱਤਾਂ ਨੂੰ ਨੁਕਸਾਨ ਪਹੁੰਚਾਉਣ ਦੇ ਬਰਾਬਰ ਹੈ।

ਅਕਾਲੀ ਦਲ ਵਾਰਿਸ ਪੰਜਾਬ ਦੀ ਜਥੇਬੰਦੀ ਮੰਗ ਕਰਦੀ ਹੈ ਕਿ ਇਸ ਇਮਾਰਤ ਦੀ ਹਾਲਤ ਸੁਧਾਰ ਕੇ ਇਸ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕੀਤਾ ਜਾਵੇ ਅਤੇ ਤੁਰੰਤ ਲਾਇਬ੍ਰੇਰੀਅਨ ਦੀ ਨਿਯੁਕਤੀ ਕੀਤੀ ਜਾਵੇ ਤਾਂ ਜੋ ਲਾਇਬ੍ਰੇਰੀ ਸੁਚੱਜੇ ਤਰੀਕੇ ਨਾਲ ਚੱਲ ਸਕੇ। ਦੂਜੇ ਪਾਸੇ, ਨਵਾਬ ਸ਼ੇਰ ਮੁਹੰਮਦ ਖ਼ਾਂ ਦੇ ਨਾਂ 'ਤੇ ਮੈਡੀਕਲ ਕਾਲਜ ਦੀ ਸਥਾਪਨਾ ਲਈ ਅਜੇ ਤੱਕ ਜ਼ਮੀਨ ਅਤੇ ਲੋੜੀਂਦੇ ਬੁਨਿਆਦੀ ਪ੍ਰਬੰਧ ਨਾ ਹੋਣਾ ਵੀ ਮੌਜੂਦਾ ਆਮ ਆਦਮੀ ਪਾਰਟੀ ਅਤੇ ਪਿਛਲੀਆਂ ਸਰਕਾਰਾਂ ਦੇ ਦਾਅਵਿਆਂ 'ਤੇ ਸਵਾਲ ਖੜ੍ਹੇ ਕਰਦਾ ਹੈ। ਸਰਕਾਰ ਸਪੱਸ਼ਟ ਕਰੇ ਕਿ ਇਸ ਮੈਡੀਕਲ ਕਾਲਜ ਦੀ ਸਥਾਪਨਾ ਲਈ ਹੁਣ ਤੱਕ ਕੀ ਠੋਸ ਕਦਮ ਚੁੱਕੇ ਗਏ ਹਨ। ਅਤੇ ਇਸ ਨੂੰ ਹਕੀਕਤ ਬਣਾਉਣ ਲਈ ਕੀ ਸਮਾਂ-ਸੀਮਾ ਤੈਅ ਕੀਤੀ ਗਈ ਹੈ।

ਹਾਜੀ ਬਿੱਟੂ ਚੌਹਾਨ ਨੇ ਗੱਲਬਾਤ ਜਾਰੀ ਰੱਖਦੇਆਂ ਕਿਹਾ ਕਿ ਸੱਤਾ ਵਿੱਚ ਆਉਣ ਵਾਲੀਆਂ ਪਾਰਟੀਆਂ ਲਈ ਸਿਰਫ਼ ਇਤਿਹਾਸਕ ਸ਼ਖ਼ਸੀਅਤਾਂ ਦੇ ਨਾਂ 'ਤੇ ਸਮਾਗਮ ਕਰਵਾਉਣਾ, ਬਿਆਨ ਦੇਣਾ ਅਤੇ ਵਾਅਦੇ ਕਰਨਾ ਹੀ ਕਾਫ਼ੀ ਨਹੀਂ।

ਅਸਲ ਇਮਤਿਹਾਨ ਇਹ ਹੈ ਕਿ ਸਰਕਾਰਾਂ ਲੋਕਾਂ ਦੀਆਂ ਸੰਸਥਾਵਾਂ ਲਈ ਕੀ ਕਰਦੀਆਂ ਹਨ। ਜੇਕਰ ਦਹਾਕਿਆਂ ਬਾਅਦ ਵੀ ਸੰਸਥਾਵਾਂ ਕਿਰਾਏ ਦੀਆਂ ਇਮਾਰਤਾਂ ਵਿੱਚ ਚੱਲਣ, ਲਾਇਬ੍ਰੇਰੀਆਂ ਖਸਤਾ ਹਾਲਤ ਵਿੱਚ ਰਹਿਣ ਅਤੇ ਮੈਡੀਕਲ ਕਾਲਜ ਲਈ ਜ਼ਮੀਨ ਤੱਕ ਉਪਲਬਧ ਨਾ ਹੋਵੇ, ਤਾਂ ਸਰਕਾਰਾਂ ਨੂੰ ਆਪਣੇ ਦਾਅਵਿਆਂ ਅਤੇ ਕਾਰਗੁਜ਼ਾਰੀ ਦਾ ਜਵਾਬ ਲੋਕਾਂ ਨੂੰ ਦੇਣਾ ਚਾਹੀਦਾ ਹੈ।

ਐਸ ਬੀ ਆਈ ਨੇ ਆਰਸੇਟੀ ਪਟਿਆਲਾ ਵਿਖੇ 'ਜਨ ਸੁਰੱਖਿਆ ਸੈਚੁਰੇਸ਼ਨ ਮੁਹਿੰਮ' ਪ੍ਰੋਗਰਾਮ ਕਰਵਾਇਆ

ਪਟਿਆਲਾ, 28 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਸਟੇਟ ਬੈਂਕ ਆਫ਼ ਇੰਡੀਆ ਨੇ ਗ੍ਰਾਮ ਪੰਚਾਇਤ ਜੱਸੋਵਾਲ ਲਈ, ਐਸਬੀਆਈ ਦੇ 'ਦਿਹਾਤੀ ਸਵੈ-ਰੁਜ਼ਗਾਰ ਸਿਖਲਾਈ ਸੰਸਥਾਨ' (ਆਰਸੇਟੀ), ਪਟਿਆਲਾ ਵਿਖੇ ਰਾਜ-ਪੱਧਰੀ 'ਜਨ ਸੁਰੱਖਿਆ ਸੈਚੁਰੇਸ਼ਨ ਮੁਹਿੰਮ' ਪ੍ਰੋਗਰਾਮ ਕਰਵਾਇਆ। 31 ਦਸੰਬਰ, 2026 ਤੱਕ ਚੱਲਣ ਵਾਲੀ ਇਸ ਮੁਹਿੰਮ ਦਾ ਉਦੇਸ਼ ਹਰੇਕ ਯੋਗ ਨਾਗਰਿਕ ਤੱਕ ਸਮਾਜਿਕ ਸੁਰੱਖਿਆ ਲਾਭ ਪਹੁੰਚਾਉਣਾ ਹੈ।

ਇਸ ਮੌਕੇ ਆਰਬੀਆਰੀ, ਐਸਬੀਆਈ, ਨਬਾਰਡ, ਹੋਰ ਬੈਂਕਾਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀਆਂ ਦੇ ਨਾਲ-ਨਾਲ ਪਿੰਡ ਵਾਸੀ ਅਤੇ 'ਸਵੈ-ਸਹਾਇਤਾ ਸਮੂਹਾਂ' ਦੇ ਨੁਮਾਇੰਦੇ ਵੀ ਮੌਜੂਦ ਸਨ।

ਪ੍ਰਮੁੱਖ ਸ਼ਖ਼ਸੀਅਤਾਂ ਵਿੱਚ ਵਿਵੇਕ ਸ੍ਰੀਵਾਸਤਵ, ਖੇਤਰੀ ਨਿਰਦੇਸ਼ਕ, ਆਰਬੀਆਈ; ਅਮਰੇਸ਼ ਕੁਮਾਰ ਝਾਅ, ਮੁੱਖ ਜਨਰਲ ਮੈਨੇਜਰ, ਐਸਬੀਆਈ; ਮਨੋਹਰ ਲਾਲ, ਜਨਰਲ ਮੈਨੇਜਰ, ਨਬਾਰਡ; ਅਤੇ ਡਿਪਟੀ ਕਮਿਸ਼ਨਰ, ਪਟਿਆਲਾ ਦੇ ਵਿਸ਼ੇਸ਼ ਡਿਊਟੀ ਅਧਿਕਾਰੀ ਆਰ. ਮੁਕਿਲਨ ਸ਼ਾਮਲ ਹੋਏ। ਹੋਰ ਭਾਗੀਦਾਰਾਂ ਵਿੱਚ ਸ਼੍ਰੀ ਰਾਮ ਬਾਬੂ ਮਿਸ਼ਰਾ, ਡੀਜੀਐਮ, ਕੈਨਰਾ ਬੈਂਕ; ਆਰ.ਕੇ. ਮੀਨਾ, ਡੀਜੀਐਮ, ਪੀਐਨਬੀ ਅਤੇ ਕਨਵੀਨਰ, ਐਸਐਲਬੀਸੀ ਪੰਜਾਬ, ਵਿਜੇ ਬਿਹਾਰੀ ਪ੍ਰਸਾਦ, ਡੀਜੀਐਮ ਪੀਐਨਬੀ, ਸੁਸ਼੍ਰੀ ਉਪਾਸਨਾ ਸਿੰਘ, ਏਜੀਐਮ ਪੀਐਸਬੀ, ਵਿਕਾਸ ਭੱਲਾ, ਡੀਐਮ, ਪੀਸੀਸੀਬੀ, ਸੁਸ਼੍ਰੀ ਪਰਵਿੰਦਰ ਨਾਗਰਾ, ਏਜੀਐਮ ਨਬਾਰਡ; ਰਵੀ ਸ਼ੰਕਰ, ਏਜੀਐਮ ਐਸਬੀਆਈ, ਚੰਡੀਗੜ੍ਹ; ਅਤੇ ਸ਼੍ਰੀ ਵਿਨੈ ਕੁਮਾਰ, ਮੁੱਖ ਮੈਨੇਜਰ, ਐਸਬੀਆਈ ਮੋਹਾਲੀ ਸ਼ਾਮਲ ਸਨ।

ਇਹ ਮੁਹਿੰਮ ਪ੍ਰਧਾਨ ਮੰਤਰੀ ਜੀਵਨ ਜਯੋਤੀ ਬੀਮਾ ਯੋਜਨਾ ਅਤੇ ਅਟਲ ਪੈਨਸ਼ਨ ਯੋਜਨਾ ਅਧੀਨ ਰਜਿਸਟ੍ਰੇਸ਼ਨ ਨੂੰ ਉਤਸ਼ਾਹਿਤ ਕਰਦੀ ਹੈ। ਇਸ ਦੌਰਾਨ 'ਸਾਈਬਰ ਸੁਰੱਖਿਆ' ਬਾਰੇ ਇੱਕ ਸੈਸ਼ਨ ਵੀ ਆਯੋਜਿਤ ਕੀਤਾ ਗਿਆ, ਜਿਸ ਵਿੱਚ ਪਿੰਡ ਵਾਸੀਆਂ ਨੂੰ ਬੈਂਕਿੰਗ ਫੋਰਵਿਆਂ ਦੀ ਸੁਰੱਖਿਆ ਕਰਨ, ਸ਼ੱਕੀ ਲਿੰਕਾਂ ਤੋਂ ਬਚਣ ਅਤੇ ਧੋਖਾਧੜੀ ਦੀ ਤੁਰੰਤ ਰਿਪੋਰਟ ਕਰਨ ਬਾਰੇ ਜਾਗਰੂਕ ਕੀਤਾ ਗਿਆ।

ਔਰਤਾਂ ਦੇ ਉੱਦਮ ਅਤੇ ਪੇਂਡੂ ਰੋਜ਼ੀ-ਰੋਟੀ ਨੂੰ ਹੁਲਾਰਾ ਦੇਣ ਲਈ, 25 ਸਵੈ-ਸਹਾਇਤਾ ਸਮੂਹਾਂ ਨੂੰ ਕਰਜ਼ਾ ਮਨਜ਼ੂਰੀ ਪੱਤਰ ਵੰਡੇ ਗਏ। ਗੀਨਾ ਰਾਣੀ, ਜ਼ਿਲ੍ਹਾ ਪ੍ਰੋਗਰਾਮ ਮੈਨੇਜਰ, ਐਨਆਰਐਲਐਮ, ਪਟਿਆਲਾ ਨੇ ਇਸ ਪਹਿਲਕਦਮੀ ਵਿੱਚ ਸਹਿਯੋਗ ਦਿੱਤਾ।

ਇਹ ਪ੍ਰੋਗਰਾਮ ਜਸਵਿੰਦਰ ਸ਼ਰਮਾ, ਲੀਡ ਜ਼ਿਲ੍ਹਾ ਮੈਨੇਜਰ, ਪਟਿਆਲਾ ਅਤੇ ਸੰਜੀਵ ਅਗਰਵਾਲ, ਡਾਇਰੈਕਟਰ, ਐਸਬੀਆਈ ਆਰਸੇਟੀ ਪਟਿਆਲਾ ਨੇ ਕਰਵਾਇਆ। ਰਾਜੇਸ਼ ਕੁਮਾਰ ਕੌਂਡਲ, ਖੇਤਰੀ ਪ੍ਰਬੰਧਕ, ਐਸ.ਬੀ.ਆਈ-3, ਪਟਿਆਲਾ, ਅਜੈ ਸਿੰਘ, ਖੇਤਰੀ ਪ੍ਰਬੰਧਕ, ਐਸ.ਬੀ.ਆਈ. -4, ਪਟਿਆਲਾ ਨੇ ਧੰਨਵਾਦੀ ਸ਼ਬਦ ਕਹੇ।

84 ਫੁੱਟ ਉੱਚੀ ਗਿਆਰਾਂ ਮੁਖੀ ਹਨੂਮਾਨ ਜੀ

• ਚੰਦਰ ਪ੍ਰਕਾਸ਼
98762 15150



ਗੁਰਦੁਆਰਾ ਗੁਰੂਸਰ ਮਹਿਰਾਜ ਜੀ, ਜਿਸ ਵਿਚ ਦੋ ਨਿਸ਼ਾਨ ਸਾਹਿਬ ਨਜ਼ਰ ਆਉਂਦੇ ਹਨ।



ਗੁਰਦੁਆਰਾ ਸ਼ਹੀਦ ਗੰਜ ਸਾਹਿਬ।

ਗੁਰਦੁਆਰਾ ਸ਼ਹੀਦ ਗੰਜ ਵਿਚ ਜੋਤ, ਜੋ ਹਮੇਸ਼ਾ ਜਗਦੀ ਰਹਿੰਦੀ ਹੈ।

ਮਹਿਰਾਜ ਦੇ ਯੁੱਧ 'ਚ ਗੁਰੂ ਹਰਗੋਬਿੰਦ ਜੀ ਨੇ ਖ਼ੁਦ ਸ਼ਾਮਿਲ ਹੋ ਕੇ ਮੁਗ਼ਲ ਫ਼ੌਜਾਂ ਦੇ ਛੱਕੇ ਛੁਡਾਏ। ਉਨ੍ਹਾਂ ਜ਼ਖਮੀ ਮੁਗ਼ਲ ਸੈਨਿਕਾਂ ਦੀ ਮੱਲ੍ਹਮ ਪੱਟੀ ਕਰਵਾਈ ਅਤੇ ਮਾਰੇ ਗਿਆਂ ਨੂੰ ਦਫਨਾਇਆ। ਗੁਰੂ ਜੀ ਨੇ ਆਪਣੇ ਬਹਾਦਰ ਸਿੰਘਾਂ ਨੂੰ ਵਿਸ਼ੇਸ਼ ਸਨਮਾਨ ਦਿੱਤੇ...

ਮਹਿਰਾਜ ਯੁੱਧ ਦੀ ਅਨੂਠੀ ਦਾਸਤਾਨ

ਪੰਜਾਬ ਦੀ ਧਰਤੀ ਦੇ ਇਕ ਹਿੱਸੇ ਮਹਿਰਾਜ ਪਿੰਡ ਵਿਖੇ 1631 ਵਿਚ ਉਸ ਵੇਲੇ ਬਹੁਤ ਵੱਡੇ ਇਤਿਹਾਸ ਦੀ ਰਚਨਾ ਹੋਈ ਜਦ ਗੁਰੂ ਹਰਗੋਬਿੰਦ ਜੀ ਦੀ 4 ਹਜ਼ਾਰ ਫ਼ੌਜ ਨੇ ਮੁਗ਼ਲ ਸ਼ਾਸਕ ਸ਼ਾਹਜਹਾਂ ਦੀ 35 ਹਜ਼ਾਰ ਦੇ ਲਗਪਗ ਫ਼ੌਜ ਨੂੰ ਨੇਸਤੋ ਨਾਬੂਦ ਕਰ ਦਿੱਤਾ। ਲਾਹੌਰ ਦੇ ਮੁਗ਼ਲ ਸ਼ਾਸਕ ਦੀ ਦੋ ਘੋੜਿਆਂ ਨੂੰ ਪ੍ਰਾਪਤ ਕਰਨ ਅਤੇ ਉਸ ਨੂੰ ਗੁਰੂ ਹਰਗੋਬਿੰਦ ਜੀ ਦੇ ਕਬਜ਼ੇ ਵਿੱਚੋਂ ਛੁਡਾਉਣ ਦੀ ਨਾ ਖ਼ਤਮ ਹੋਣ ਵਾਲੀ ਲਾਲਸਾ ਨੇ ਮਹਿਰਾਜ ਦੇ ਯੁੱਧ ਨੂੰ ਜਨਮ ਦਿੱਤਾ, ਜੋ ਕਿ ਗੁਰੂ ਹਰਗੋਬਿੰਦ ਦੀ ਮੁਗ਼ਲਾਂ ਨਾਲ ਤੀਜੀ ਲੜਾਈ ਸੀ। ਇਸ ਯੁੱਧ ਵਿਚ 34 ਹਜ਼ਾਰ ਦੇ ਲਗਪਗ ਮੁਗ਼ਲ ਫ਼ੌਜੀ ਮਾਰੇ ਗਏ ਅਤੇ ਮੁਗ਼ਲ ਸ਼ਾਸਕ ਸ਼ਾਹਜਹਾਂ ਘੋੜਿਆਂ ਦੀ ਪ੍ਰਾਪਤੀ ਨਾ ਕਰ ਸਕਿਆ ਅਤੇ ਉਸ ਨੂੰ ਕਰਾਰੀ ਹਾਰ ਦਾ ਮੂੰਹ ਦੇਖਣਾ ਪਿਆ।

ਯੁੱਧ ਦਾ ਕਾਰਨ ਬਣੇ ਦਿਲਬਾਗ ਤੇ ਗੁਲਬਾਗ ਘੋੜੇ

ਬਠਿੰਡਾ ਜ਼ਿਲ੍ਹੇ ਦਾ ਮਹਿਰਾਜ ਪਿੰਡ ਦੁਨੀਆ ਦੇ ਨਕਸ਼ੇ 'ਤੇ ਇਕ ਵਿਸ਼ੇਸ਼ ਥਾਂ ਇਸ ਕਰਕੇ ਰੱਖਦਾ ਹੈ ਕਿ ਗੁਰੂ ਹਰਗੋਬਿੰਦ ਜੀ ਨੇ ਮੁਗ਼ਲਾਂ ਦੇ ਵਿਰੁੱਧ ਆਪਣਾ ਤੀਜਾ ਯੁੱਧ ਇਸ ਧਰਤੀ 'ਤੇ ਲੜਿਆ ਅਤੇ ਚਾਰ ਹਜ਼ਾਰ ਫ਼ੌਜ ਨਾਲ ਮੁਗ਼ਲਾਂ ਦੀ 35 ਹਜ਼ਾਰ ਫ਼ੌਜ ਨੂੰ ਕਰਾਰੀ ਹਾਰ ਦਿੱਤੀ। ਮਹਿਰਾਜ ਦਾ ਯੁੱਧ ਇਸ ਕਰਕੇ ਵੀ ਦੁਨੀਆ ਵਿਚ ਇਕ ਵਿਸ਼ੇਸ਼ ਥਾਂ ਰੱਖਦਾ ਹੈ ਕਿ ਇਸ ਯੁੱਧ ਦਾ ਮੁੱਖ ਕਾਰਨ ਦੋ ਬਹੁਤ ਸੋਹਣੇ ਅਤੇ ਫੁਰਤੀਲੇ ਘੋੜਿਆਂ, ਜਿਨ੍ਹਾਂ ਦਾ ਨਾਂ ਦਿਲਬਾਗ ਤੇ ਗੁਲਬਾਗ ਸੀ, ਦੀ ਪ੍ਰਾਪਤੀ ਲਈ ਸ਼ਾਹਜਹਾਂ ਦੀ ਨਾ ਖ਼ਤਮ ਹੋਣ ਵਾਲੀ ਲਾਲਸਾ ਸੀ। ਇਹ ਯੁੱਧ ਇਸ ਕਰਕੇ ਵੀ ਵਿਸ਼ੇਸ਼ ਥਾਂ ਰੱਖਦਾ ਹੈ ਕਿ ਇਸ ਯੁੱਧ ਵਿਚ 12 ਸੌ ਸਿਖ ਜਿਨ੍ਹਾਂ ਵਿਚ ਭਾਈ ਜੇਠਾ ਜੀ, ਜਿਸ ਨੂੰ ਗੁਰੂ ਜੀ ਦਾ ਸ਼ੇਰ ਵੀ ਕਿਹਾ ਜਾਂਦਾ ਸੀ, ਸ਼ਹੀਦ ਹੋਏ, ਜਦਕਿ ਮੁਗ਼ਲਾਂ ਦੇ 34 ਹਜ਼ਾਰ ਸੈਨਿਕਾਂ ਨੂੰ ਮੌਤ ਦਾ ਸਾਹਮਣਾ ਕਰਨਾ ਪਿਆ।

ਗੁਰੂ ਦਾ ਉਪਾਸ਼ਕ ਸੇਠ ਕਰੋੜੀ ਮੱਲ

ਮਾਲਵੇ ਦੇ ਸਭ ਤੋਂ ਵੱਡੇ ਪਿੰਡ ਮਹਿਰਾਜ ਵਿਚ ਕਿਸੇ ਵੇਲੇ 9 ਪੱਤੀਆਂ ਚ ਵੰਡਿਆ ਹੋਇਆ ਸੀ। ਹੁਣ ਇਸ ਦਾ ਕੰਮਕਾਜ ਨਗਰ ਪੰਚਾਇਤ ਚਲਾ ਰਹੀ ਹੈ। ਪੰਜਾਬ ਦੇ ਮੌਜੂਦਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦਾ ਇਹ ਪੁਰਖਿਆਂ ਦਾ ਪਿੰਡ ਹੈ ਉਸ ਦੇ ਪੁਰਖੇ ਜੈਸਲਮੇਰ ਤੇ ਬੀਕਾਨੇਰ ਤੋਂ ਆ ਕੇ ਇੱਥੇ ਕਈ ਸੌ ਸਾਲ ਪਹਿਲਾਂ ਆ ਕੇ ਵਸੇ ਸਨ। ਇਤਿਹਾਸਕ ਤੱਥਾਂ ਤੋਂ ਪ੍ਰਾਪਤ ਕੀਤੀ ਜਾਣਕਾਰੀ ਮੁਤਾਬਕ ਕਾਬਲ ਇਲਾਕੇ ਦਾ ਇਕ ਮਸ਼ਹੂਰ ਵਪਾਰੀ ਸੇਠ ਕਰੋੜੀ ਮੱਲ, ਜੋ ਕਿ ਗੁਰੂ ਹਰਗੋਬਿੰਦ ਦਾ ਉਪਾਸ਼ਕ ਸੀ ਦੋ ਘੋੜਿਆਂ ਨੂੰ ਲੈ ਕੇ ਗੁਰੂ ਸਾਹਿਬ ਦੇ ਦਰਸ਼ਨਾਂ ਲਈ ਪੰਜਾਬ ਵੱਲ ਤੁਰ ਪਿਆ। ਰਸਤੇ ਵਿਚ ਇਨ੍ਹਾਂ ਦਰਿਆਈ ਘੋੜਿਆਂ ਨੂੰ ਦੇਖਣ ਲਈ ਲੋਕਾਂ ਦੀ ਭੀੜ ਇਕੱਠੀ ਹੁੰਦੀ ਰਹੀ ਅਤੇ ਕਈ ਵਪਾਰੀਆਂ ਨੇ ਜਾਂ ਅਮੀਰ ਬੰਦਿਆਂ ਨੇ ਸੇਠ ਕਰੋੜੀ ਮੱਲ ਤੋਂ ਇਨ੍ਹਾਂ ਘੋੜਿਆਂ ਨੂੰ ਖ਼ਰੀਦਣ ਦੀ ਕੋਸ਼ਿਸ਼ ਵੀ ਕੀਤੀ ਪਰ ਸੇਠ ਕਰੋੜੀ ਮੱਲ ਨੇ ਹਰੇਕ ਖ਼ਰੀਦਦਾਰ ਨੂੰ ਇਹ ਕਹਿ ਕੇ ਚੁੱਪ ਕਰਵਾ ਦਿੱਤਾ ਕਿ ਇਹ ਦੋਵੇਂ ਘੋੜੇ ਤਾਂ ਗੁਰੂ ਸਾਹਿਬ ਦੇ ਹਨ।

ਬਿਧੀ ਚੰਦ ਨੂੰ ਸੌਂਪੀ ਡਿਊਟੀ

ਜਦ ਇਨ੍ਹਾਂ ਘੋੜਿਆਂ ਦੀ ਜਾਣਕਾਰੀ ਲਾਹੌਰ ਦੇ ਉਸ ਵੇਲੇ ਦੇ ਸੂਬੇਦਾਰ ਕਾਸਮ ਬੇਗ ਨੂੰ ਮਿਲੀ ਤਾਂ ਉਸ ਨੇ ਸੇਠ ਕਰੋੜੀ ਮੱਲ ਤੋਂ ਮੱਲੋ ਮੱਲੀ ਉਹ ਘੋੜੇ ਲੈ ਲਏ ਅਤੇ ਉਸ ਨੂੰ 2 ਲੱਖ 5 ਹਜ਼ਾਰ ਰੁਪਏ ਦੀ ਹੁੰਡੀ ਸ਼ਾਹੀ ਦਰਬਾਰ ਵਿਚ ਬੁਲਾ ਕੇ ਦੇ ਦਿੱਤੀ। ਇਨ੍ਹਾਂ ਘੋੜਿਆਂ ਦੀ ਜਾਣਕਾਰੀ ਕਾਸਮ ਬੇਗ ਨੇ ਮੁਗ਼ਲ ਬਾਦਸ਼ਾਹ ਸ਼ਾਹਜਹਾਂ ਨੂੰ ਵੀ ਦੇ ਦਿੱਤੀ।

ਉਦਾਸ ਮਨ ਨਾਲ ਅਤੇ ਭਰੀਆਂ ਅੱਖਾਂ ਨਾਲ ਜਦ ਸੇਠ ਕਰੋੜੀ ਮੱਲ ਨੇ ਗੁਰੂ ਹਰਗੋਬਿੰਦ ਦੇ ਸਾਹਮਣੇ ਪੇਸ਼ ਹੋ ਕੇ ਸਾਰੀ ਕਹਾਣੀ ਗੁਰੂਸਰ ਸੁਧਾਰ ਵਿਖੇ ਦੱਸੀ ਤਾਂ ਗੁਰੂ ਜੀ ਨੇ ਉਸ ਨੂੰ ਕਿਹਾ ਕਿ ਤੂੰ ਕਿਸੇ ਗੱਲ ਦੀ ਵੀ ਚਿੰਤਾ ਨਾ ਕਰ, ਤੇਰੇ ਘੋੜੇ ਗੁਰੂ ਘਰ ਵਿਚ ਪ੍ਰਵਾਨ ਹੋ ਚੁੱਕੇ ਹਨ ਅਤੇ ਆਪਣੇ ਆਪ ਗੁਰੂ ਘਰ ਵਿਚ ਆ ਜਾਣਗੇ। ਉਸ ਤੋਂ ਬਾਅਦ ਗੁਰੂ ਜੀ ਨੇ ਆਪਣੇ ਇਕ ਹੋਰ ਸਿੱਖ ਭਾਈ ਬਿਧੀ ਚੰਦ ਦੀ ਜ਼ਿੰਮੇਵਾਰੀ ਲਗਾ ਦਿੱਤੀ ਕਿ ਲਾਹੌਰ ਦਰਬਾਰ ਵਿੱਚੋਂ ਦੋਵੇਂ ਘੋੜੇ ਲੈ ਕੇ ਆਵੇ।

ਬਿਧੀ ਚੰਦ ਦੀ ਸਕੀਮ

ਗੁਰੂ ਦੇ ਹੁਕਮ ਮਿਲਦੇ ਹੀ ਭਾਈ ਬਿਧੀ ਚੰਦ ਲਾਹੌਰ ਵੱਲ ਕੂਚ ਕਰ ਗਿਆ ਅਤੇ ਕੁਝ ਦਿਨਾਂ ਦੇ ਅੰਦਰ-ਅੰਦਰ ਹੀ ਉਹ ਘਸੇਰਾ ਬਣ ਕੇ ਘਾਹ ਲਿਆ ਕੇ ਵੇਚਣ ਲੱਗ ਪਿਆ ਅਤੇ ਸ਼ਾਹੀ ਦਰਬਾਰ ਦੇ ਤਬੇਲੇ ਵਿਚ, ਜਿੱਥੇ ਦੋਵੇਂ ਘੋੜੇ ਰੱਖੇ ਹੋਏ ਸਨ, ਆਉਣਾ ਜਾਣਾ ਸ਼ੁਰੂ ਕਰ ਦਿੱਤਾ ਅਤੇ ਉਥੋਂ ਦੇ ਪਹਿਰੇਦਾਰਾਂ ਅਤੇ ਸੈਨਿਕਾਂ ਨਾਲ ਵਿਸ਼ਵਾਸ ਪੈਦਾ ਕਰ ਲਿਆ।

ਕੁਝ ਦਿਨਾਂ ਬਾਅਦ ਈਦ ਵਾਲੇ ਦਿਨ ਭਾਈ ਬਿਧੀ ਚੰਦ ਨੇ ਸ਼ਾਹੀ ਦਰਬਾਰ ਦੇ ਤਬੇਲੇ ਦੇ ਪਹਿਰੇਦਾਰਾਂ ਅਤੇ ਸੈਨਿਕਾਂ ਨੂੰ ਕਿਸੇ ਨਸ਼ੇ ਵਾਲੀ ਚੀਜ਼ ਦਾ ਸੇਵਨ ਕਰਵਾ ਕੇ ਮਦਹੋਸ਼ ਕਰ ਦਿੱਤਾ ਅਤੇ ਰਾਤ ਨੂੰ ਗੁਲਬਾਗ ਘੋੜਾ ਲੈ ਕੇ ਉਥੋਂ ਚੱਲ ਪਿਆ ਅਤੇ ਮਾਲਵੇ ਦੇ ਭਾਈਰੂਪੇ ਪਿੰਡ ਵਿਚ ਗੁਰੂ ਸਾਹਿਬ ਦੇ ਹਵਾਲੇ ਕਰ ਦਿੱਤਾ।

ਉਸ ਤੋਂ ਬਾਅਦ ਦੂਜਾ ਘੋੜਾ ਲੈ ਕੇ ਆਉਣ ਲਈ ਭਾਈ ਬਿਧੀ ਚੰਦ ਨੇ ਜੋਤਸ਼ੀ ਜਾਂ ਨਜੂਮੀ ਦਾ ਰੂਪ ਧਾਰਨ ਕਰ ਕੇ ਇਕ ਵਾਰ ਫਿਰ ਲਾਹੌਰ ਦੇ ਸ਼ਾਹੀ ਦਰਬਾਰ ਦੇ ਤਬੇਲੇ ਵਿਚ ਆਪਣਾ ਆਉਣਾ ਜਾਣਾ ਸ਼ੁਰੂ ਕਰ ਦਿੱਤਾ। ਕੁਝ ਦਿਨਾਂ ਵਿਚ ਹੀ ਦਿਲਬਾਗ ਘੋੜਾ ਗੁਰੂ ਹਰਗੋਬਿੰਦ ਦੇ ਚਰਨਾਂ ਵਿਚ ਪਿੰਡ ਕਾਂਗੜ ਵਿਖੇ ਹਾਜ਼ਰ ਕਰ ਦਿੱਤਾ। ਗੁਰੂ ਜੀ ਕੋਲ ਜਦ ਇਹ ਦੋਵੇਂ ਘੋੜੇ ਪਹੁੰਚ ਗਏ ਤਾਂ ਉਨ੍ਹਾਂ ਨੇ ਦਿਲਬਾਗ ਦਾ ਨਾਂ ਜਾਨ ਭਾਈ ਰੱਖਿਆ ਅਤੇ ਗੁਲਬਾਗ ਦਾ ਨਾਂ ਸੁਹੇਲਾ ਰੱਖਿਆ।

ਦੂਜੇ ਘੋੜੇ ਲਈ ਤਿਆਰੀ

ਜਦ ਭਾਈ ਬਿਧੀ ਚੰਦ ਦੂਸਰਾ ਘੋੜਾ ਲਾਹੌਰ ਦੇ ਸ਼ਾਹੀ ਦਰਬਾਰ ਵਿੱਚੋਂ ਲੈ ਕੇ ਆ ਰਿਹਾ ਸੀ ਤਾਂ ਉਸ ਨੇ ਸ਼ਾਹੀ ਦਰਬਾਰ ਦੇ ਪਹਿਰੇਦਾਰਾਂ, ਸੈਨਿਕਾਂ ਤੇ ਹੋਰ ਉੱਚ ਕੋਟੀ ਦੇ ਕਰਮਚਾਰੀਆਂ ਨੂੰ ਦੱਸ ਦਿੱਤਾ ਕਿ ਇਹ ਘੋੜੇ ਗੁਰੂ ਜੀ ਦੇ ਸਨ ਅਤੇ ਉਹ ਇਹ ਘੋੜੇ ਗੁਰੂ ਜੀ ਕੋਲ ਮਾਲਵੇ ਦੀ ਧਰਤੀ 'ਤੇ ਲੈ ਕੇ ਚੱਲਿਆ ਹੈ। ਉਸ ਨੇ ਇਹ ਵੀ ਐਲਾਨ ਕਰ ਦਿੱਤਾ ਕਿ ਉਹ ਗੁਰੂ ਦਾ ਸਿੰਘ ਬਿਧੀ ਚੰਦ ਹੈ ਜੇ ਕਿਸੇ ਵਿਚ ਤਾਕਤ ਹੈ ਤਾਂ ਉਸ ਦਾ ਪਿੱਛਾ ਕਰ ਕੇ ਦੇਖ ਲਵੇ। ਜਦ ਭਾਈ ਬਿਧੀ ਚੰਦ ਨੇ ਗੁਰੂ ਜੀ ਨੂੰ ਇਹ ਸਾਰੀ ਕਹਾਣੀ ਦੱਸੀ ਤਾਂ ਗੁਰੂ ਜੀ ਨੇ ਉਨ੍ਹਾਂ ਕੋਲ ਬੈਠੇ ਭਾਈ ਰਾਏ ਜੋਧ ਨੂੰ ਕਿਹਾ ਕਿ ਮੁਗ਼ਲ ਫ਼ੌਜ ਯੁੱਧ ਕਰਨ ਪਿੱਛੇ ਅਵੱਸ਼ ਆਵੇਗੀ ਇਸ ਕਰਕੇ ਕੋਈ ਇਸ ਤਰ੍ਹਾਂ ਦੀ ਜਗ੍ਹਾ ਦੱਸੀ ਜਾਵੇ, ਜਿੱਥੇ ਯੁੱਧ ਲੜ ਕੇ ਮੁਗ਼ਲ ਫ਼ੌਜ 'ਤੇ ਫ਼ਤਹਿ ਪ੍ਰਾਪਤ ਕੀਤੀ ਜਾ ਸਕੇ।

ਯੁੱਧ ਦੀ ਤਿਆਰੀ

ਰਾਏ ਜੋਧ ਦੇ ਕਹਿਣ 'ਤੇ ਗੁਰੂ ਜੀ ਨੇ ਮਹਿਰਾਜ ਵਿਖੇ ਆਪਣੇ ਤੰਬੂ ਗੱਡ ਲਏ ਕਿਉਂਕਿ ਇਸ ਦੇ ਲਾਗੇ ਹੀ ਪਾਣੀ ਦੀ ਢਾਬ ਸੀ ਜਿਸ ਨੂੰ ਕਾਲੂ ਨਾਥ ਦੀ ਗੰਗਾ ਵੀ ਕਹਿੰਦੇ ਸਨ, ਇਹ ਇਲਾਕਾ ਯੁੱਧ ਨੀਤੀ ਦੇ ਪੱਖੋਂ ਪਰਪੱਕ ਸੀ। ਇਸ ਤੋਂ ਬਾਅਦ ਗੁਰੂ ਜੀ ਨੇ ਆਪਣੇ ਸਿੰਘ ਇਕੱਠੇ ਕਰਨੇ ਸ਼ੁਰੂ ਕਰ ਦਿੱਤੇ ਅਤੇ ਥੋੜ੍ਹੇ ਸਮੇਂ ਵਿਚ ਹੀ ਗੁਰੂ ਜੀ ਕੋਲ ਰਾਏ ਜੋਧ, ਸਲੇਮ ਸ਼ਾਹ, ਭਾਈ ਜੇਠਾ, ਭਾਈ ਮੰਝ, ਭਾਈ ਮਿੱਤੂ, ਭਾਈ ਭੋਮਾ, ਭਾਈ ਕਟਾਰਾ, ਭਾਈ ਭਾਗੂ, ਭਾਈ ਭਾਗਾ, ਭਾਈ ਬਿਧੀ ਚੰਦ ਅਤੇ ਭਾਈ ਜੈਤਾ ਆਪਣੀ ਸਿੱਖ ਫ਼ੌਜ ਸਮੇਤ ਹਾਜ਼ਰ ਹੋ ਗਏ। ਇਸ ਇਲਾਕੇ ਦੇ ਬਸ਼ਿੰਦਿਆਂ ਨੇ ਗੁਰੂ ਜੀ ਦੀ ਅਤੇ ਸਿੰਘਾਂ ਦੀ ਫ਼ੌਜ ਰਸਦ ਦਾ ਇੰਤਜ਼ਾਮ ਬਹੁਤ ਵੱਡੀ ਤਾਦਾਦ ਵਿਚ ਕਰ ਦਿੱਤਾ।

ਮੁਗ਼ਲ ਅਤੇ ਤੁਰਕ ਫ਼ੌਜਾਂ ਦੇ ਲਗਪਗ 35 ਹਜ਼ਾਰ ਸਿਪਾਹੀ ਚੋਣਵੇਂ ਜਰਨੈਲਾਂ, ਜਿਨ੍ਹਾਂ ਵਿਚ ਲਾਲ ਬੇਗ, ਉਸ ਦਾ ਭਰਾ ਕਮਰ ਬੇਗ, ਕਾਬਲੀ ਬੇਗ, ਇਸਮਾਈਲ ਖ਼ਾਨ, ਨਾਹਰ ਖ਼ਾਨ, ਜ਼ਾਲਮ ਖ਼ਾਨ ਅਤੇ ਸ਼ਮਸ਼ ਬੇਗ ਦੀ ਕਮਾਨ ਹੇਠ ਮਹਿਰਾਜ ਦੇ ਲਾਗੇ ਪਹੁੰਚ ਗਏ ਅਤੇ ਮੁਗ਼ਲ ਬਾਦਸ਼ਾਹ ਸ਼ਾਹਜਹਾਂ ਦੇ ਹੁਕਮ 'ਤੇ ਗੁਰੂ ਹਰਗੋਬਿੰਦ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਲੜਾਈ ਦੇ ਮੈਦਾਨ ਵਿਚ ਮਾਰਨ ਲਈ ਤਿਆਰੀ ਕਰਨ ਲੱਗ ਪਏ।

ਮੁਗ਼ਲ ਫ਼ੌਜਾਂ ਬਹੁਤ ਵੱਡੀ ਗਿਣਤੀ ਵਿਚ ਗੁਰੂ ਜੀ 'ਤੇ ਹਮਲਾ ਕਰਨ ਲਈ ਮਹਿਰਾਜ ਵਿਖੇ ਲਾਹੌਰ ਤੋਂ ਚੱਲ ਕੇ ਹਰੀਕੇ ਪੱਤਣ ਸਤਲੁਜ ਦਰਿਆ ਪਾਰ ਕਰ ਕੇ ਪਹੁੰਚ ਗਈਆਂ। ਜਦ ਮੁਗ਼ਲ ਫ਼ੌਜਾਂ ਕੋੜੀਆਂ ਦੀ ਮਾੜੀ ਲਾਗੇ ਪਾਣੀ ਦੀ ਭਾਲ ਵਿਚ ਰਾਤ ਦੇ ਸਮੇਂ ਪਹੁੰਚੀਆਂ ਤਾਂ ਗੁਰੂ ਹਰਗੋਬਿੰਦ ਦੇ ਸਿੰਘ ਜੋ ਪੂਰੀ ਵਿਉਂਤਬੰਦੀ ਕਰ ਕੇ ਛੋਟੇ-ਛੋਟੇ ਜੱਥਿਆਂ ਦੇ ਰੂਪ ਵਿਚ ਉਸ ਇਲਾਕੇ ਵਿਚ ਪੂਰੀ ਤਿਆਰੀ ਨਾਲ ਬੈਠੇ ਸਨ ਅਤੇ ਇਸ ਮੌਕੇ ਦੀ ਤਲਾਸ਼ ਵਿਚ ਸਨ, ਇਕਦਮ ਮੁਗ਼ਲ ਫ਼ੌਜਾਂ 'ਤੇ ਟੁੱਟ ਪਏ ਅਤੇ ਥੋੜ੍ਹੇ ਸਮੇਂ ਵਿਚ ਹੀ ਬਹੁਤ ਵੱਡੀ ਗਿਣਤੀ ਵਿਚ ਮੁਗ਼ਲ ਫ਼ੌਜਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਹਜ਼ਾਰਾਂ ਮੁਗ਼ਲ ਫ਼ੌਜੀਆਂ ਦੀ ਮੌਤ ਦੇ ਪਿੱਛੋਂ ਇਨ੍ਹਾਂ ਦੇ ਜਰਨੈਲ ਲਾਲ ਬੇਗ ਨੇ ਆਪਣੇ ਭਰਾ ਕਮਰ ਬੇਗ ਨੂੰ 7 ਹਜ਼ਾਰ ਫ਼ੌਜੀਆਂ ਨਾਲ ਸਿਖਾਂ ਦਾ ਮੁਕਾਬਲਾ ਕਰਨ ਲਈ ਕਹਿ ਦਿੱਤਾ ਅਤੇ ਆਪ ਹੋਰ ਫ਼ੌਜੀ ਅਫ਼ਸਰਾਂ ਦੇ ਲਈ ਤੰਬੂ, ਰਸਦ ਅਤੇ ਹੋਰ ਇੰਤਜ਼ਾਮਾਂ ਵਿਚ ਰੁੱਝ ਗਿਆ ਪਰ ਸਿੰਘਾਂ ਦੀ ਦੇਗ ਚਲਾਉਣ ਦੀ ਗਤੀ ਨੂੰ ਵੇਖ ਕੇ ਮੁਗ਼ਲ ਫ਼ੌਜੀ ਅਫ਼ਸਰ ਭੈਭੀਤ ਹੋ ਗਏ ਅਤੇ ਯੁੱਧ ਦੇ ਮੈਦਾਨ ਵਿੱਚੋਂ ਦੂਰ ਜਾ ਕੇ ਅੱਗ ਸੇਕ ਕੇ ਠੰਢ ਨੂੰ ਦੂਰ ਕਰਨ ਲੱਗ ਪਏ।

ਮੁਗ਼ਲ ਫ਼ੌਜ ਦੇ ਛੱਕੇ ਛੁਡਾਏ

ਗੁਰੂ ਦੇ ਸਿੰਘ ਯੋਧੇ ਜਿਨ੍ਹਾਂ ਵਿਚ ਰਾਏ ਜੋਧ ਅਤੇ ਸਲੇਮ ਸ਼ਾਹ ਆਪਣੀ ਪੰਜ-ਪੰਜ ਸੌ ਫ਼ੌਜੀਆਂ ਦੀ ਟੁਕੜੀ ਨਾਲ ਲੜਾਈ ਲੜ ਰਹੇ ਸਨ, ਨੇ ਮੁਗ਼ਲ ਫ਼ੌਜਾਂ ਦੇ ਛੱਕੇ ਛੁਡਾ ਦਿੱਤੇ ਅਤੇ ਕੁਝ ਘੰਟਿਆਂ ਵਿਚ ਹੀ ਲੜਾਈ ਦਾ ਮੈਦਾਨ ਮੁਗ਼ਲ ਫ਼ੌਜਾਂ ਦੇ ਸਿਪਾਹੀਆਂ ਦੇ ਅਤੇ ਉਨ੍ਹਾਂ ਦੇ ਘੋੜਿਆਂ ਦੇ ਕੱਟੇ ਹੋਏ ਅੰਗਾਂ ਨਾਲ ਭਰ ਗਿਆ। ਮੁਗ਼ਲ ਫ਼ੌਜੀ ਹਨੇਰੀ ਤੇ ਠੰਢੀ ਰਾਤ ਨੂੰ ਲੜਾਈ ਦੇ ਮੈਦਾਨ 'ਚ ਤਾਸ਼ ਦੇ ਪੱਤਿਆਂ ਵਾਂਗ ਧਰਤੀ 'ਤੇ ਡਿੱਗ ਰਹੇ ਸਨ। ਇਸ ਤਰ੍ਹਾਂ ਸਿਖ ਯੋਧਿਆਂ ਨੇ 7 ਹਜ਼ਾਰ ਮੁਗ਼ਲ ਫ਼ੌਜਾਂ ਦੀ ਟੁਕੜੀ ਨੂੰ ਲੜਾਈ ਦੇ ਮੈਦਾਨ ਵਿੱਚੋਂ ਸਾਫ਼ ਕਰ ਦਿੱਤਾ।

ਦੂਸਰੇ ਦਿਨ ਫਿਰ ਲਾਲ ਬੇਗ, ਕਮਰ ਬੇਗ ਅਤੇ ਕੁਝ ਚੋਣਵੇਂ ਜਰਨੈਲ ਸਵੇਰੇ ਹੀ 8000 ਫ਼ੌਜੀਆਂ ਦੀ ਟੁਕੜੀ ਲੈ ਕੇ ਯੁੱਧ ਦੇ ਮੈਦਾਨ ਵਿਚ ਕੁੱਦ ਪਏ। ਸਿਖ ਯੋਧੇ, ਜਿਨ੍ਹਾਂ ਦਾ ਹੌਸਲਾ ਚੜ੍ਹਦੀਕਲਾ ਵਿਚ ਸੀ ਬਗ਼ੈਰ ਕਿਸੇ ਸਮੇਂ ਦੀ ਬਰਬਾਦੀ ਤੋਂ ਫਿਰ ਮੁਗ਼ਲ ਫ਼ੌਜਾਂ 'ਤੇ ਟੁੱਟ ਪਏ ਅਤੇ ਕੁੱਝ ਹੀ ਘੰਟਿਆਂ ਵਿਚ 8000 ਫ਼ੌਜੀਆਂ ਨੂੰ ਵੀ ਜੀਵਨ ਮੁਕਤੀ ਦੇ ਦਿੱਤੀ।

ਕਰੋ ਜਾਂ ਮਰੋ ਦੀ ਰਣਨੀਤੀ

8000 ਮੁਗ਼ਲ ਫ਼ੌਜੀਆਂ ਦੇ ਮਾਰੇ ਜਾਣ ਪਿੱਛੋਂ ਲਾਲ ਬੇਗ ਨੇ ਆਪਣੇ ਭਾਣਜੇ ਕਾਬਲੀ ਬੇਗ ਨਾਲ ਸਲਾਹ ਕੀਤੀ ਕਿ ਹੁਣ ਗੁਰੂ ਹਰਗੋਬਿੰਦ ਤੇ ਉਸ ਦੀਆਂ ਫ਼ੌਜਾਂ 'ਤੇ ਅਗਲੇ ਦਿਨ ਹਮਲਾ ਕਰੋ ਜਾਂ ਮਰੋ ਦੀ ਰਣਨੀਤੀ ਨਾਲ ਕੀਤਾ ਜਾਵੇਗਾ ਤਾਂ ਕਿ ਗੁਰੂ ਹਰਗੋਬਿੰਦ ਉੱਤੇ ਇਸ ਯੁੱਧ ਵਿਚ ਜਿੱਤ ਪ੍ਰਾਪਤ ਕੀਤੀ ਜਾ ਸਕੇ। ਪਰ ਲਾਲ ਬੇਗ ਦੇ ਦੋ ਪੁੱਤਰ ਕਾਸਮ ਬੇਗ ਅਤੇ ਸ਼ਮਸ਼ ਬੇਗ, ਜਿਹੜੇ ਬਹੁਤ ਗੁੱਸੇ ਵਿਚ ਸਨ, ਆਪਣੇ ਪਿਤਾ ਦੀ ਗੱਲ ਨਾ ਮੰਨਦੇ ਹੋਏ ਇਸ ਗੱਲ 'ਤੇ ਬਾਜ਼ਿੱਦ ਹੋ ਗਏ ਕਿ ਗੁਰੂ ਦੇ ਸਿਖਾਂ 'ਤੇ ਹਮਲਾ ਅੱਜ ਰਾਤ ਨੂੰ ਹੀ ਕਈ ਹਜ਼ਾਰ ਫ਼ੌਜ ਦੀ ਟੁਕੜੀ ਲੈ ਕੇ ਕੀਤਾ ਜਾਵੇਗਾ।

ਇਸ ਹਮਲੇ ਦਾ ਮੂੰਹ ਤੋੜ ਜਵਾਬ ਦੇਣ ਲਈ ਇਕ ਹਜ਼ਾਰ ਸਿੰਘ ਯੋਧਿਆਂ ਦਾ ਇਕ ਜਥਾ ਭਾਈ ਬਿਧੀ ਚੰਦ ਦੀ ਅਗਵਾਈ ਹੇਠ ਲੜਾਈ ਦੇ ਮੈਦਾਨ ਵਿਚ ਆ ਗਿਆ ਅਤੇ ਉਨ੍ਹਾਂ ਨੇ ਇਸ ਤਰ੍ਹਾਂ ਤੇਗ਼ ਵਾਹੀ ਕਿ ਦਿਨ ਚੜ੍ਹਦੇ ਨੂੰ ਮੁਗ਼ਲ ਫ਼ੌਜਾਂ ਵਿਚ ਭਾਜੜ ਪਾ ਦਿੱਤੀ ਅਤੇ ਲਾਸ਼ਾਂ ਦੇ ਢੇਰ ਵਿਛਾ ਦਿੱਤੇ। ਅਸਮਾਨ ਵਿਚ ਗਿਰਜਾਂ ਮੰਡਰਾਉਣ ਲੱਗ ਪਈਆਂ ਅਤੇ ਧਰਤੀ ਦਾ ਰੰਗ ਲਾ

ਵਿਰੋਧੀ ਪਾਰਟੀਆਂ ਨੂੰ ਸਦਨ ਵਿੱਚ ਬੋਲਣਾ ਚਾਹੀਦਾ ਸੀ, ਕਾਂਗਰਸ ਦਾ ਰਵੱਈਆ ਨਿਰਾਸ਼ਾਜਨਕ: ਭਗਵੰਤ ਮਾਨ

ਹੈੱਡਵਰਕਸ ਦਾ ਪ੍ਰਬੰਧ ਪੰਜਾਬ ਅਧੀਨ ਲਿਆਉਣ ਲਈ ਵਿਧਾਨ ਸਭਾ 'ਚ ਮਤਾ ਪੇਸ਼

ਚੰਡੀਗੜ੍ਹ 28 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਸੈਸ਼ਨ ਦੇ ਆਖਰੀ ਦਿਨ ਹੰਗਾਮੇ ਅਤੇ ਵਿਵਾਦਾਂ ਦਰਮਿਆਨ ਮੁੱਖ ਮੰਤਰੀ ਭਗਵੰਤ ਮਾਨ ਨੇ ਪ੍ਰੈੱਸ ਕਾਨਫਰੰਸ ਕਰਦਿਆਂ ਵਿਰੋਧੀ ਧਿਰਾਂ ਖ਼ਾਸ ਕਰਕੇ ਕਾਂਗਰਸ 'ਤੇ ਤਿੱਖੇ ਨਿਸ਼ਾਨੇ ਸਾਧੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਅੱਜ ਵਿਧਾਨ ਸਭਾ ਦਾ ਆਖ਼ਰੀ ਦਿਨ ਸੀ ਅਤੇ ਵਿਰੋਧੀ ਪਾਰਟੀਆਂ ਨੂੰ ਸਦਨ ਦੇ ਅੰਦਰ ਆ ਕੇ ਜਨਤਕ ਮੁੱਦਿਆਂ 'ਤੇ ਬੋਲਣਾ ਚਾਹੀਦਾ ਸੀ, ਪਰ ਕਾਂਗਰਸ ਨੇ ਜੋ ਹੰਗਾਮਾ ਕੀਤਾ ਹੈ, ਉਹ ਉਨ੍ਹਾਂ ਦੀ ਸਿਆਸੀ ਨਿਰਾਸ਼ਾ ਅਤੇ ਆਖਰੀ ਪਲਾਂ ਦੀ ਬੇਚੈਨੀ ਦੀ ਨਿਸ਼ਾਨੀ ਹੈ।

ਕਰਤਾਰਪੁਰ ਲਾਂਘੇ ਅਤੇ ਪਾਕਿਸਤਾਨ ਨਾਲ ਸਬੰਧਾਂ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਮਾਨ ਨੇ ਕਿਹਾ ਕਿ ਜਿਵੇਂ ਸ਼੍ਰੋਮਣੀ ਕਮੇਟੀ ਜਾਂ ਸ਼ਰਧਾਲੂ ਜਾਂਦੇ ਹਨ, ਜੇਕਰ ਰਸਮੀ ਸੱਦਾ ਮਿਲਦਾ ਹੈ ਤਾਂ ਭਾਰਤ ਸਰਕਾਰ ਤੋਂ ਇਜਾਜ਼ਤ ਲਈ ਜਾਵੇਗੀ। ਉਨ੍ਹਾਂ ਕਿਹਾ ਕਿ ਸਾਡੇ ਪਰਿਵਾਰ ਪਾਕਿਸਤਾਨ ਤੋਂ ਆਏ ਹਨ, ਇਸ ਲਈ ਦੋਵਾਂ ਦੇਸ਼ਾਂ ਵਿਚਾਲੇ ਸਬੰਧਾਂ ਵਿੱਚ ਸੁਧਾਰ ਹੋਣਾ ਚਾਹੀਦਾ ਹੈ ਅਤੇ ਸਮਝੌਤਾ ਐਕਸਪ੍ਰੈਸ ਵਰਗੀਆਂ ਸੇਵਾਵਾਂ ਚੱਲਦੀਆਂ ਰਹਿਣੀਆਂ ਚਾਹੀਦੀਆਂ ਹਨ।

ਇਸ ਤੋਂ ਇਲਾਵਾ ਸਿਆਸੀ ਤਾਣੇ-ਬਾਣੇ 'ਤੇ ਟਿੱਪਣੀ ਕਰਦਿਆਂ ਮੁੱਖ ਮੰਤਰੀ ਨੇ ਕਾਂਗਰਸ ਲੀਡਰਸ਼ਿਪ ਨੂੰ ਘੇਰਿਆ ਅਤੇ ਕਿਹਾ ਕਿ ਰਾਹੁਲ ਗਾਂਧੀ ਦੇ ਆਉਣ ਤੋਂ ਪਹਿਲਾਂ ਸੋਨੀਆ ਗਾਂਧੀ ਬਰਨਾਲਾ ਆਏ ਸਨ ਜਦੋਂ ਉਹ ਸੰਸਦ ਮੈਂਬਰ ਸਨ, ਪਰ ਉਸ ਸਮੇਂ ਵੀ ਢਿੱਲੋਂ ਦੀ ਜ਼ਮਾਨਤ ਜ਼ਬਤ ਹੋ ਗਈ ਸੀ ਅਤੇ ਰਾਹੁਲ ਗਾਂਧੀ ਦੇ ਕਾਰਜਕਾਲ ਦੌਰਾਨ ਵੀ ਅਜਿਹਾ ਹੀ ਹੋਇਆ। ਪੰਜਾਬ ਕਾਂਗਰਸ ਪ੍ਰਧਾਨ ਪਰਗਟ ਸਿੰਘ ਬਾਰੇ ਗੱਲ ਕਰਦਿਆਂ ਉਨ੍ਹਾਂ ਆਖਿਆ ਕਿ ਕਾਂਗਰਸ ਪਾਰਟੀ ਵਿੱਚ ਖ਼ੁਦ ਪਰਗਟ ਸਿੰਘ ਲਈ ਸਹੀ ਸੀਟ ਨਹੀਂ ਬਣਾਈ ਗਈ, ਫਿਰ ਵੀ ਅਸੀਂ ਉਨ੍ਹਾਂ ਨੂੰ ਸੱਦਾ ਦੇਵਾਂਗੇ ਕਿ ਉਨ੍ਹਾਂ ਨੂੰ ਆਉਣਾ ਚਾਹੀਦਾ ਹੈ ਅਤੇ ਇਸ ਵਿੱਚ ਕੋਈ ਰਾਜਨੀਤੀ ਨਹੀਂ ਹੋਣੀ ਚਾਹੀਦੀ।

ਪੰਜਾਬ ਵਿਧਾਨ ਸਭਾ ਵਿੱਚ ਅੱਜ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਯਮੁਨਾ ਦੇ ਪਾਣੀਆਂ ਵਿੱਚ ਰਾਜ ਦੇ ਹੱਕੀ ਅਤੇ ਜਾਇਜ਼ ਹਿੱਸੇ ਦੀ ਪ੍ਰਾਪਤੀ ਲਈ ਇੱਕ ਵਿਸ਼ੇਸ਼ ਮਤਾ ਪੇਸ਼ ਕੀਤਾ। ਮਤੇ ਵਿੱਚ ਕਿਹਾ ਗਿਆ ਹੈ ਕਿ 1966 ਵਿੱਚ ਪੰਜਾਬ ਦੇ ਪੁਨਰਗਠਨ ਤੋਂ ਪਹਿਲਾਂ ਯਮੁਨਾ ਨਦੀ ਅਣਵੰਡੇ ਪੰਜਾਬ ਵਿੱਚੋਂ ਵਗਦੀ ਸੀ, ਜਿਸ ਕਰਕੇ ਪੰਜਾਬ ਦਾ ਇਸ ਦੇ ਪਾਣੀਆਂ ਉੱਤੇ ਇਤਿਹਾਸਕ ਅਤੇ ਕਾਨੂੰਨੀ ਹੱਕ ਬਣਦਾ ਹੈ।

ਜਲ ਸਰੋਤ ਮੰਤਰੀ ਬਰਿੰਦਰ ਗੋਇਲ ਨੇ ਸਦਨ ਵਿੱਚ ਰੋਪੜ, ਹਰੀਕੇ ਅਤੇ ਫਿਰੋਜ਼ਪੁਰ ਵਿਖੇ ਸਥਿਤ ਸਿੰਚਾਈ ਹੈੱਡਵਰਕਸ ਦੇ ਪ੍ਰਬੰਧ ਅਤੇ ਸੰਚਾਲਨ ਨੂੰ ਪੰਜਾਬ ਸਰਕਾਰ ਦੇ ਅਧੀਨ ਕਰਨ ਲਈ ਪੰਜਾਬ ਪੁਨਰਗਠਨ ਐਕਟ, 1966 ਦੀ ਧਾਰਾ 79(1)(c) ਵਿੱਚ ਸੋਧ ਕਰਨ ਸਬੰਧੀ ਮਤਾ ਪੇਸ਼ ਕੀਤਾ। ਮਤੇ ਵਿੱਚ ਕਿਹਾ ਗਿਆ ਹੈ ਕਿ ਇਹ ਹੈੱਡਵਰਕਸ ਪੰਜਾਬ ਦੀ ਭੂਗੋਲਿਕ ਹੱਦ ਅੰਦਰ ਆਉਂਦੇ ਹਨ, ਇਸ ਲਈ ਇਨ੍ਹਾਂ ਦਾ ਨਿਯੰਤਰਣ (ਕੰਟਰੋਲ) ਪੰਜਾਬ ਕੋਲ ਹੀ ਹੋਣਾ ਚਾਹੀਦਾ ਹੈ।

ਮਤੇ ਵਿੱਚ ਕਿਹਾ ਗਿਆ ਕਿ ਪੰਜਾਬ ਪੁਨਰਗਠਨ ਐਕਟ, 1966 ਦੀ ਧਾਰਾ 79 ਤਹਿਤ ਭਾਖੜਾ ਬਿਆਸ ਮੈਨੇਜਮੈਂਟ ਬੋਰਡ (22$2) ਨੂੰ ਇਨ੍ਹਾਂ ਹੈੱਡਵਰਕਸ ਦਾ ਪ੍ਰਬੰਧ ਸੌਂਪਣਾ ਸੰਵਿਧਾਨ ਦੀ ਸੱਤਵੀਂ ਅਨੁਸੂਚੀ (ਰਾਜ ਸੂਚੀ) ਦੀ ਐਂਟਰੀ 17 ਦੇ ਵਿਰੁੱਧ ਹੈ, ਕਿਉਂਕਿ ਪਾਣੀ ਨੂੰ ਨਿਯਮਿਤ ਕਰਨ ਦਾ ਅਧਿਕਾਰ ਰਾਜ ਕੋਲ ਹੀ ਹੈ।

ਮਤੇ ਵਿੱਚ ਤਰਕ ਦਿੱਤਾ ਗਿਆ ਕਿ ਦੇਸ਼ ਦੇ ਹੋਰਨਾਂ ਸੂਬਿਆਂ (ਜਿਵੇਂ ਹਰਿਆਣਾ ਦਾ ਹਥਨੀਕੁੰਡ ਬੈਰੇਜ, ਰਾਜਸਥਾਨ ਦਾ ਕੋਟਾ ਬੈਰੇਜ ਅਤੇ ਦਿੱਲੀ ਦਾ ਓਖਲਾ ਬੈਰੇਜ) ਵਿੱਚ ਹੈੱਡਵਰਕਸ ਦੀ ਮਲਕੀਅਤ ਅਤੇ ਸੰਚਾਲਨ ਉਸੇ ਸੂਬੇ ਕੋਲ ਹੈ, ਜਿੱਥੇ ਉਹ ਸਥਿਤ ਹਨ। ਇਨ੍ਹਾਂ ਹੈੱਡਵਰਕਸ ਨੂੰ ਪੰਜਾਬ ਦੇ ਹਵਾਲੇ ਕਰਨ ਨਾਲ ਹਰਿਆਣਾ ਦੇ ਹਿੱਤ ਪ੍ਰਭਾਵਿਤ ਨਹੀਂ ਹੁੰਦੇ ਕਿਉਂਕਿ ਇੱਥੋਂ ਹਰਿਆਣਾ ਨੂੰ ਕੋਈ ਪਾਣੀ ਸਪਲਾਈ ਨਹੀਂ ਕੀਤਾ ਜਾਂਦਾ ਅਤੇ ਹਰੀਕੇ ਵਿਖੇ ਰਾਜਸਥਾਨ ਦੇ ਪਾਣੀ ਦੀ ਨਿਗਰਾਨੀ ਪਹਿਲਾਂ ਹੀ ਸਾਂਝੇ ਤੌਰ 'ਤੇ ਕੀਤੀ ਜਾਂਦੀ ਹੈ।

ਇਸ ਤੋਂ ਇਲਾਵਾ ਹੜ੍ਹਾਂ ਜਾਂ ਐਮਰਜੈਂਸੀ ਦੌਰਾਨ ਸਥਾਨਕ ਹਾਲਾਤਾਂ ਨੂੰ ਸਮਝਦਿਆਂ ਜਾਨ-ਮਾਲ ਦੀ ਰੱਖਿਆ ਲਈ ਤੁਰੰਤ ਕਦਮ ਚੁੱਕਣ ਵਾਸਤੇ ਇਨ੍ਹਾਂ ਦਾ ਕੰਟਰੋਲ ਸੂਬਾ ਸਰਕਾਰ ਕੋਲ ਹੋਣਾ ਬਹੁਤ ਜ਼ਰੂਰੀ ਹੈ। ਮਤੇ ਵਿੱਚ ਕਿਹਾ ਗਿਆ ਕਿ ਪੰਜਾਬ ਸਰਕਾਰ ਭਾਰਤ ਸਰਕਾਰ ਨੂੰ ਅਪੀਲ ਕਰੇਗੀ ਕਿ ਪੰਜਾਬ ਪੁਨਰਗਠਨ ਐਕਟ, 1966 ਦੀ ਧਾਰਾ 79(1)(*) ਵਿੱਚ ਢੁਕਵੀਂ ਸੋਧ ਕੀਤੀ ਜਾਵੇ ਤਾਂ ਜੋ ਰੋਪੜ, ਹਰੀਕੇ ਅਤੇ ਫਿਰੋਜ਼ਪੁਰ ਹੈੱਡਵਰਕਸ ਦਾ ਪ੍ਰਬੰਧ ਸਥਾਈ ਤੌਰ 'ਤੇ ਪੰਜਾਬ ਦੇ ਨਿਯੰਤਰਣ ਅਧੀਨ ਆ ਸਕੇ। ਨਾਲ ਹੀ ਪੰਜਾਬ ਸਰਕਾਰ ਵੱਲੋਂ ਜੁਲਾਈ 2007 ਵਿੱਚ ਸੁਪਰੀਮ ਕੋਰਟ ਵਿੱਚ ਦਾਇਰ ਕੀਤੇ ਗਏ ਸਿਵਲ ਸੂਟ ਨੰਬਰ 2 ਆਫ਼ 2007 ਦੀ ਮਜ਼ਬੂਤੀ ਨਾਲ ਪੈਰਵੀ ਕੀਤੀ ਜਾਵੇਗੀ।

ਇਸ ਤੋਂ ਪਹਿਲਾਂ ਸਦਨ ਵਿੱਚ ਸਿਫ਼ਰ ਕਾਲ (ਜ਼ੀਰੋ ਆਵਰ) ਦੌਰਾਨ ਵਿਧਾਇਕ ਹਰਮੀਤ ਸਿੰਘ ਨੇ ਚੋਣਾਂ ਵਿੱਚ 'ਡਰੱਗ ਮਨੀ' ਦੀ ਵਰਤੋਂ ਦੀ ਜਾਂਚ ਲਈ ਵਿਸ਼ੇਸ਼ ਜਾਂਚ ਟੀਮ (ਸਿੱਟ) ਬਣਾਏ ਜਾਣ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੇ ਇੱਕ ਅਜਿਹੀ ਮਹਿਲਾ ਨੂੰ ਹਲਕਾ ਇੰਚਾਰਜ ਬਣਾਇਆ ਹੈ, ਜਿਸ ਦੇ ਪਤੀ ਵਿਰੁੱਧ ਰੈੱਡ ਕਾਰਨਰ ਨੋਟਿਸ ਜਾਰੀ ਹੋਇਆ ਹੈ। ਉਨ੍ਹਾਂ ਦੋਸ਼ ਲਾਇਆ ਕਿ ਤਰਨ ਤਾਰਨ ਦੀ ਜ਼ਿਮਨੀ ਚੋਣ ਵਿੱਚ ਡਰੱਗ ਮਨੀ ਦੀ ਵਰਤੋਂ ਹੋਈ ਹੈ ਅਤੇ ਹਲਕੇ ਦੇ ਕਈ ਸਰਪੰਚਾਂ ਦੇ ਕਤਲ ਹੋਏ ਹਨ, ਇਸ ਲਈ ਇਸ ਪੂਰੇ ਮਾਮਲੇ ਦੀ ਜਾਂਚ ਸਿੱਟ) ਗਠਿਤ ਕਰ ਕੇ ਕੀਤੀ ਜਾਵੇ। ਵਿਧਾਇਕ ਡਾਕਟਰ ਇੰਦਰਬੀਰ ਸਿੰਘ ਨਿੱਜਰ ਨੇ ਪੰਜਾਬ ਦੇ ਸਰਕਾਰੀ ਹਸਪਤਾਲਾਂ ਦੇ ਐਮਰਜੈਂਸੀ ਵਾਰਡਾਂ ਦਾ ਨਾਂ ਭਾਈ ਘਨੱਈਆ ਜੀ ਦੇ ਨਾਂ 'ਤੇ ਰੱਖਣ ਦੀ ਮੰਗ ਕੀਤੀ ਹੈ।

ਇਸ ਤੋਂ ਪਹਿਲਾਂ ਮੰਗਲਵਾਰ ਨੂੰ ਪੰਜਾਬ ਵਿਧਾਨ ਸਭਾ ਇਜਲਾਸ ਦੀ ਆਖਰੀ ਬੈਠਕ ਤੋਂ ਪਹਿਲਾਂ, ਕਾਂਗਰਸੀ ਵਿਧਾਇਕਾਂ ਨੇ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵਿਰੁੱਧ ਵੱਖ-ਵੱਖ ਮੁੱਦਿਆਂ 'ਤੇ ਨਾਕਾਮ ਰਹਿਣ ਦੇ ਦੋਸ਼ ਲਾਉਂਦਿਆਂ ਆਮ ਆਦਮੀ ਪਾਰਟੀ (ਆਪ) ਦਾ ਚੋਣ ਨਿਸ਼ਾਨ 'ਝਾੜੂ' ਸਾੜ ਕੇ ਰੋਸ ਪ੍ਰਦਰਸ਼ਨ ਕੀਤਾ।

ਇਸ ਦੇ ਨਾਲ ਹੀ ਕਾਂਗਰਸੀ ਵਿਧਾਇਕਾਂ ਨੇ ਸੂਬੇ ਵਿੱਚ ਵਿਗੜ ਰਹੀ ਕਾਨੂੰਨ ਵਿਵਸਥਾ ਅਤੇ ਨਸ਼ਿਆਂ ਦੇ ਮੁੱਦੇ ਉੱਤੇ ਸਰਕਾਰ ਦੀ ਘੇਰਾਬੰਦੀ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਕਾਨੂੰਨ ਵਿਵਸਥਾ ਲਗਾਤਾਰ ਵਿਗੜਦੀ ਜਾ ਰਹੀ ਹੈ ਅਤੇ ਸੂਬਾ ਸਰਕਾਰ ਉਸ ਨੂੰ ਸਾਂਭਣ ਵਿੱਚ ਨਾਕਾਮ ਸਾਬਤ ਹੋ ਰਹੀ ਹੈ।

ਇਸੇ ਤਰ੍ਹਾਂ ਮਾਨਸਾ ਵਿਖੇ ਪਰਵਿੰਦਰ ਸਿੰਘ ਝੋਟਾ ਦੇ ਕਤਲ ਦਾ ਇਨਸਾਫ਼ ਨਹੀਂ ਮਿਲ ਪਾ ਰਿਹਾ ਹੈ, ਜਦੋਂਕਿ ਲੰਘੇ ਦਿਨ ਮੋਗਾ ਵਿੱਚ ਹੋਏ ਕਤਲਾਂ ਨੇ ਨਵੀਂ ਚਰਚਾ ਛੇੜ ਦਿੱਤੀ ਹੈ।

ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ; ਲੱਖਾਂ ਸੰਗਤਾਂ ਹੋਈਆਂ ਨਤਮਸਤਕ

ਸੱਚਖੰਡ ਵਿਖੇ ਅਲੌਕਿਕ ਜਲੌ ਸਜਾਏ, ਦੇਸੀ-ਵਿਦੇਸ਼ੀ ਫੁੱਲਾਂ ਨਾਲ ਮਹਿਕਿਆ ਦਰਬਾਰ; ਸ਼ਾਮ ਨੂੰ ਹੋਵੇਗੀ ਦੀਪਮਾਲਾ ਤੇ ਆਤਿਸ਼ਬਾਜ਼ੀ

ਅੰਮ੍ਰਿਤਸਰ, 28 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਅੰਮ੍ਰਿਤਸਰ ਦੇ ਬਾਨੀ ਅਤੇ ਸਿੱਖ ਧਰਮ ਦੇ ਚੌਥੇ ਗੁਰੂ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਅੱਜ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਮਾਗਮ ਜਾਰੀ ਹਨ, ਜਿੱਥੇ ਵੱਡੀ ਗਿਣਤੀ ਵਿੱਚ ਸੰਗਤ ਨਤਮਸਤਕ ਹੋ ਕੇ ਇਸ ਪਾਵਨ ਦਿਹਾੜੇ 'ਤੇ ਗੁਰੂ ਪ੍ਰਤੀ ਸਤਿਕਾਰ ਭੇਟ ਕਰ ਰਹੀ ਹੈ।

ਇਸ ਸਬੰਧ ਵਿੱਚ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੁੰਦਰ ਜਲੌ ਸਜਾਏ ਗਏ ਹਨ। ਗੁਰੂ ਘਰ ਦੀ ਮੁੱਖ ਇਮਾਰਤ, ਪੁਲ, ਦਰਸ਼ਨੀ ਡਿਉੜੀ, ਅਕਾਲ ਤਖ਼ਤ ਤੇ ਪਰਿਕਰਮਾ ਸਮੇਤ ਹੋਰ ਥਾਵਾਂ 'ਤੇ ਫੁੱਲਾਂ ਦੀ ਸਜਾਵਟ ਕੀਤੀ ਗਈ ਹੈ। ਬੀਤੇ ਕੱਲ੍ਹ ਤੋਂ ਹੀ ਦੇਸ਼-ਵਿਦੇਸ਼ ਤੋਂ ਵੱਡੀ ਗਿਣਤੀ ਵਿੱਚ ਸੰਗਤ ਨਤਮਸਤਕ ਹੋਣ ਲਈ ਪੁੱਜ ਰਹੀ ਹੈ।ਮਿਲੀ ਜਾਣਕਾਰੀ ਮੁਤਾਬਕ ਇਸ ਸਬੰਧ ਵਿੱਚ ਗੁਰਦੁਆਰਾ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਲਗਾਤਾਰ ਗੁਰਮਤਿ ਸਮਾਗਮ ਜਾਰੀ ਹਨ, ਜਿੱਥੇ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਹਨ ਅਤੇ ਗੁਰਬਾਣੀ ਦੇ ਕੀਰਤਨ ਦਾ ਪ੍ਰਵਾਹ ਲਗਾਤਾਰ ਜਾਰੀ ਹੈ।

ਇਸ ਸਬੰਧ ਵਿੱਚ ਸ੍ਰੀ ਗੁਰੂ ਰਾਮਦਾਸ ਲੰਗਰ ਵਿੱਚ ਅੱਜ ਗੁਰਪੁਰਬ ਮੌਕੇ ਸੰਗਤ ਵਾਸਤੇ ਵਿਸ਼ੇਸ਼ ਪਕਵਾਨ ਤਿਆਰ ਕੀਤੇ ਗਏ ਹਨ ਅਤੇ ਵੱਡੀ ਗਿਣਤੀ ਵਿੱਚ ਸੰਗਤ ਲੰਗਰ ਛਕਣ ਲਈ ਪੁੱਜ ਰਹੀ ਹੈ। ਸ਼ਾਮ ਵੇਲੇ ਰਹਰਾਸਿ ਤੋਂ ਬਾਅਦ ਆਤਿਸ਼ਬਾਜ਼ੀ ਵੀ ਹੋਵੇਗੀ। ਇਸ ਸਬੰਧ ਵਿੱਚ ਗੁਰੂ ਘਰ ਦੀ ਇਮਾਰਤ 'ਤੇ ਦੀਪਮਾਲਾ ਵੀ ਕੀਤੀ ਗਈ ਹੈ।

ਇਸ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਿੱਖ ਸੰਗਤ ਨੂੰ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਉਨ੍ਹਾਂ ਦੇ ਜੀਵਨ, ਇਤਿਹਾਸ ਅਤੇ ਸਿੱਖਿਆਵਾਂ ਬਾਰੇ ਚਰਚਾ ਕੀਤੀ ਹੈ। ਉਨ੍ਹਾਂ ਗੁਰੂ ਸਾਹਿਬ ਦੇ ਜੀਵਨ ਅਤੇ ਸੇਵਾ ਭਾਵਨਾ ਤੋਂ ਪ੍ਰੇਰਨਾ ਲੈਣ ਲਈ ਸੰਗਤ ਨੂੰ ਆਖਿਆ।

ਗਿਆਨੇਸ਼ ਕੁਮਾਰ ਨੂੰ ਹਟਾਏ ਜਾਣ ਅਤੇ ਚੋਣ ਪ੍ਰਣਾਲੀ 'ਚ ਸੁਧਾਰ ਤੱਕ ਅਸੀਂ ਚੁੱਪ ਨਹੀਂ ਬੈਠਾਂਗੇ: ਵੇਣੂਗੋਪਾਲ

ਨਵੀਂ ਦਿੱਲੀ, 28 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

'ਵੋਟ ਚੋਰੀ' ਦੇ ਕਥਿਤ ਦੋਸ਼ਾਂ, ਐੱਸ.ਆਈ.ਆਰ. ਅਤੇ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵਿਰੁੱਧ 'ਇੰਡੀਆ' ਗੱਠਜੋੜ ਵਲੋਂ 1 ਨਵੰਬਰ ਨੂੰ ਕੀਤੀ ਜਾਣ ਵਾਲੀ ਰੈਲੀ ਤੋਂ ਪਹਿਲਾਂ, ਕਾਂਗਰਸ ਦੇ ਜਨਰਲ ਸਕੱਤਰ ਕੇ.ਸੀ. ਵੇਣੂਗੋਪਾਲ ਰਾਮਲੀਲਾ ਮੈਦਾਨ ਵਿਖੇ ਪਹੁੰਚੇ। ਇਸ ਮੌਕੇ ਉਨ੍ਹਾਂ ਕਿਹਾ, ÷ਸਾਨੂੰ ਨਹੀਂ ਪਤਾ ਕਿ ਪ੍ਰਧਾਨ ਮੰਤਰੀ ਮੋਦੀ ਅਤੇ ਅਮਿਤ ਸ਼ਾਹ ਕਿੰਨੇ ਡਰੇ ਹੋਏ ਹਨ, ਇੱਥੋਂ ਤੱਕ ਕਿ ਇਕ ਛੋਟੇ ਜਿਹੇ ਇਕੱਠ ਤੋਂ ਵੀ। ਅਸੀਂ ਗਿਆਨੇਸ਼ ਕੁਮਾਰ ਦੇ 'ਜਨਤਕ ਮਹਾਂਦੋਸ਼' ਦਾ ਐਲਾਨ ਕੀਤਾ ਸੀ। ਅਸੀਂ 1 ਨਵੰਬਰ ਨੂੰ ਇਕ ਮਾਰਚ ਦੀ ਯੋਜਨਾ ਬਣਾਈ ਸੀ... ਅਸੀਂ 25 ਅਕਤੂਬਰ ਤੋਂ 3 ਨਵੰਬਰ ਤੱਕ ਰਾਮਲੀਲ੍ਹਾ ਮੈਦਾਨ ਬੁੱਕ ਕੀਤਾ ਹੈ। ਉਨ੍ਹਾਂ ਨੇ ਸਾਨੂੰ ਪਹਿਲਾਂ ਹੀ 25 ਅਕਤੂਬਰ ਤੋਂ 3 ਨਵੰਬਰ ਤੱਕ ਦੀ ਇਜਾਜ਼ਤ ਦੇ ਦਿੱਤੀ ਸੀ। ਅਸੀਂ ਇੱਥੇ ਹੀ ਇਹ 'ਜਨਤਕ ਮਹਾਂਦੋਸ਼' ਪ੍ਰੋਗਰਾਮ ਕਰਨ ਦਾ ਫ਼ੈਸਲਾ ਕੀਤਾ। ਪਰਸੋਂ, ਸਾਡੇ ਲੋਕ ਉੱਥੇ ਪ੍ਰਬੰਧ ਕਰਨ (ਢਾਂਚਾ ਤਿਆਰ ਕਰਨ) ਲਈ ਪਹੁੰਚੇ, ਤਾਂ ਪੁਲਿਸ ਨੇ ਉਨ੍ਹਾਂ ਨੂੰ ਰੋਕ ਦਿੱਤਾ। ਸਾਨੂੰ ਨਹੀਂ ਪਤਾ ਕਿ ਇਸਦਾ ਕੀ ਕਾਰਨ ਹੈ... ਇਸਦਾ ਮਤਲਬ ਹੈ ਕਿ ਇਹ ਦਿੱਲੀ ਪੁਲਿਸ ਦਾ ਫ਼ੈਸਲਾ ਨਹੀਂ ਹੈ। ਇਹ ਪ੍ਰਧਾਨ ਮੰਤਰੀ ਮੋਦੀ ਅਤੇ ਅਮਿਤ ਸ਼ਾਹ ਦਾ ਫ਼ੈਸਲਾ ਹੈ। ਉਹ ਗਿਆਨੇਸ਼ ਕੁਮਾਰ ਨੂੰ ਬਚਾ ਰਹੇ ਹਨ... ਪਰ ਅਸੀਂ ਉਨ੍ਹਾਂ ਦੇ ਦਬਾਅ ਅੱਗੇ ਨਹੀਂ ਝੁਕਾਂਗੇ। ਸਾਨੂੰ ਪਤਾ ਹੈ ਕਿ ਪ੍ਰੋਗਰਾਮ ਕਿਵੇਂ ਕਰਨਾ ਹੈ... ਇਕ ਪਾਸੇ, ਉਹ ਵੋਟਰ ਸੂਚੀ ਵਿਚੋਂ ਅਸਲੀ ਵੋਟਰਾਂ ਦੇ ਨਾਮ ਪੂਰੀ ਤਰ੍ਹਾਂ ਹਟਾ ਰਹੇ ਹਨ। ਦੂਜੇ ਪਾਸੇ, ਜੋ ਲੋਕ ਆਪਣੇ ਲੋਕਤੰਤਰੀ ਅਧਿਕਾਰਾਂ ਨੂੰ ਬਚਾਉਣ ਲਈ ਪ੍ਰਦਰਸ਼ਨ ਕਰ ਰਹੇ ਹਨ, ਸਰਕਾਰ ਉਨ੍ਹਾਂ ਨੂੰ ਵੀ ਰੋਕਣ ਦੀ ਕੋਸ਼ਿਸ਼ ਕਰ ਰਹੀ ਹੈ... ਅਸੀਂ ਕਿਤੇ ਵੀ ਪ੍ਰਦਰਸ਼ਨ ਕਰ ਸਕਦੇ ਹਾਂ।

ਪੰਜਾਬ ਵਿਧਾਨ ਸਭਾ ਸੈਸ਼ਨ ਦੇ ਆਖ਼ਰੀ ਦਿਨ ਸੱਤ ਮਤੇ ਸਰਬਸੰਮਤੀ ਨਾਲ ਪਾਸ

ਚੰਡੀਗੜ੍ਹ, 28 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਵਿਧਾਨ ਸਭਾ 'ਚ ਅੱਜ ਬਹਿਸ ਮਗਰੋਂ ਦਰਿਆਈ ਪਾਣੀਆਂ ਤੇ ਹੱਕਾਂ ਦਾ ਦਾਅਵਾ ਕਰਦੇ ਹੋਏ ਸਰਬਸੰਮਤੀ ਨਾਲ ਪੰਜ ਮਤੇ ਪਾਸ ਕੀਤੇ ਗਏ। ਇਸ ਤੋਂ ਇਲਾਵਾ ਸਦਨ ਵਿੱਚ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਕਰਤਾਰਪੁਰ ਲਾਂਘੇ ਨੂੰ ਖੋਲ੍ਹਣ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਲੋਕ ਭਲਾਈ ਸਕੀਮਾਂ ਨੂੰ ਜਾਰੀ ਰੱਖਣ ਲਈ ਵੀ ਮਤਾ ਪਾਸ ਕੀਤਾ ਗਿਆ।

ਦਰਿਆਈ ਪਾਣੀਆਂ ਨਾਲ ਸਬੰਧਿਤ ਮਤੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਸਦਨ ਵਿੱਚ ਪੇਸ਼ ਕੀਤੇ ਗਏ। ਇਨ੍ਹਾਂ ਮਤਿਆਂ ਦਾ ਪਾਸ ਹੋਣਾ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸੱਤਾਧਾਰੀ ਆਮ ਆਦਮੀ ਪਾਰਟੀ (ਆਪ) ਵੱਲੋਂ ਕਿਸਾਨ ਭਾਈਚਾਰੇ ਤੱਕ

ਰਾਖੀ ਗੜ੍ਹੀ ਮਿਊਜ਼ੀਅਮ ਦਾ ਕੰਮ ਜਲਦੀ ਹੋਵੇਗਾ ਪੂਰਾ, ਬਾਕੀ ਕੰਮ ਲਈ 188 ਕਰੋੜ ਮਨਜ਼ੂਰ : ਡਾ. ਅਰਵਿੰਦ ਸ਼ਰਮਾ

ਚੰਡੀਗੜ੍ਹ, 28 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਦੇ ਸਹਿਕਾਰਤਾ, ਪੁਰਾਤਤਵ, ਸੈਰ-ਸਪਾਟਾ ਅਤੇ ਮਿਊਜ਼ੀਅਮ ਮੰਤਰੀ ਡਾ. ਅਰਵਿੰਦ ਸ਼ਰਮਾ ਨੇ ਕਿਹਾ ਕਿ ਹੜੱਪਾ ਸੱਭਿਆਚਾਰ ਦੇ ਪ੍ਰਮੁੱਖ ਸਥਾਨਾਂ ਵਿੱਚ ਸ਼ਾਮਲ ਇਤਿਹਾਸਕ ਪੁਰਾਤਤਵ ਸਥਾਨ ਰਾਖੀ ਗੜ੍ਹੀ ਨੂੰ ਵਿਸ਼ਵ ਪੱਧਰੀ ਪਛਾਣ ਦਿਵਾਉਣ ਲਈ ਅਹਿਮ ਕਦਮ ਚੁੱਕੇ ਜਾ ਰਹੇ ਹਨ। ਰਾਖੀਗੜ੍ਹੀ ਵਿੱਚ ਆਧੁਨਿਕ ਮਿਊਜ਼ੀਅਮ ਕੰਪਲੈਕਸ ਦਾ ਕੰਮ ਜਲਦੀ ਪੂਰਾ ਕੀਤਾ ਜਾਵੇਗਾ, ਬਾਕੀ ਬਚੇ ਕੰਮ ਲਈ 180 ਕਰੋੜ ਰੁਪਏ ਦੀ ਰਾਸ਼ੀ ਮਨਜ਼ੂਰ ਕੀਤੀ ਗਈ ਹੈ।

ਇਸ ਪ੍ਰੋਜੈਕਟ ਨਾਲ ਰਾਖੀਗੜ੍ਹੀ ਦੀ ਇਤਿਹਾਸਕ ਵਿਰਾਸਤ ਨੂੰ ਨਵਾਂ ਰੂਪ ਮਿਲੇਗਾ ਅਤੇ ਇਹ ਸਥਾਨ ਪੁਰਾਤਤਵ ਖੋਜ, ਸੱਭਿਆਚਾਰਕ ਗਤੀਵਿਧੀਆਂ ਅਤੇ ਸੈਰ-ਸਪਾਟੇ ਦੇ ਪ੍ਰਮੁੱਖ ਕੇਂਦਰ ਵਜੋਂ ਵਿਕਸਤ ਹੋਵੇਗਾ।

ਪੁਰਾਤਤਵ, ਸੈਰ-ਸਪਾਟਾ ਅਤੇ ਮਿਊਜ਼ੀਅਮ ਮੰਤਰੀ ਡਾ. ਅਰਵਿੰਦ ਸ਼ਰਮਾ ਰਾਖੀਗੜ੍ਹੀ ਮਹੋਤਸਵ ਤਹਿਤ ਆਯੋਜਿਤ ਅੰਤਰਰਾਸ਼ਟਰੀ ਕਾਨਫਰੰਸ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਰਾਖੀਗੜ੍ਹੀ ਭਾਰਤ ਦੀ ਪੁਰਾਣੀ ਸੱਭਿਆਚਾਰ, ਵਿਗਿਆਨਕ ਸੋਚ, ਵਿਕਸਤ ਸ਼ਹਿਰੀ ਯੋਜਨਾਬੰਦੀ ਅਤੇ ਅਮੀਰ ਸੱਭਿਆਚਾਰਕ ਪਰੰਪਰਾਵਾਂ ਦਾ ਅਹਿਮ ਪ੍ਰਤੀਕ ਹੈ। ਇੱਥੋਂ ਦੀ ਇਤਿਹਾਸਕ ਧਰੋਹਰ ਨੂੰ ਸੰਭਾਲਣ, ਪੁਰਾਤਤਵ ਖੋਜਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕਰਨ ਅਤੇ ਦੇਸ਼-ਵਿਦੇਸ਼ ਵਿੱਚ ਇਸਦੀ ਪਛਾਣ ਵਧਾਉਣ ਲਈ ਸਰਕਾਰ ਲਗਾਤਾਰ ਯਤਨ ਕਰ ਰਹੀ ਹੈ।

ਆਧੁਨਿਕ ਮਿਊਜ਼ੀਅਮ ਵਿੱਚ ਪ੍ਰਦਰਸ਼ਿਤ ਹੋਵੇਗੀ ਸ਼ਾਨਦਾਰ ਵਿਰਾਸਤ

ਸੈਰ-ਸਪਾਟਾ, ਪੁਰਾਤਤਵ ਅਤੇ ਮਿਊਜ਼ੀਅਮ ਮੰਤਰੀ ਨੇ ਦੱਸਿਆ ਕਿ 180 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲਾ ਆਧੁਨਿਕ ਮਿਊਜ਼ੀਅਮ ਕੰਪਲੈਕਸ ਰਾਖੀਗੜ੍ਹੀ ਦੇ ਵਿਕਾਸ ਵਿੱਚ ਮੀਲ ਦਾ ਪੱਥਰ ਸਾਬਤ ਹੋਵੇਗਾ। ਇਸ ਦੇ ਨਾਲ ਹੀ ਆਡੀਟੋਰੀਅਮ ਦਾ ਨਿਰਮਾਣ ਵੀ ਕੀਤਾ ਜਾਵੇਗਾ, ਜਿੱਥੇ ਇਤਿਹਾਸਕ, ਵਿਦਿਅਕ ਅਤੇ ਸੱਭਿਆਚਾਰਕ ਗਤੀਵਿਧੀਆਂ ਨੂੰ ਹੁਲਾਰਾ ਮਿਲੇਗਾ। ਆਧੁਨਿਕ ਅਜਾਇਬ ਘਰ ਰਾਹੀਂ ਇੱਥੋਂ ਮਿਲੇ ਪੁਰਾਤਤਵ ਅਵਸ਼ੇਸ਼ਾਂ ਅਤੇ ਪੁਰਾਣੀ ਸੱਭਿਆਚਾਰ ਨਾਲ ਜੁੜੇ ਤੱਥਾਂ ਨੂੰ ਵਿਵਸਥਿਤ ਅਤੇ ਪ੍ਰਭਾਵਸ਼ਾਲੀ ਤਰੀਕੇ ਨਾਲ ਪੇਸ਼ ਕਰਨ ਵਿੱਚ ਮਦਦ ਮਿਲੇਗੀ।

ਉਨ੍ਹਾਂ ਕਿਹਾ ਕਿ ਇਹ ਅਜਾਇਬ ਘਰ ਵਿਦਿਆਰਥੀਆਂ, ਖੋਜਾਰਥੀਆਂ, ਇਤਿਹਾਸਕਾਰਾਂ ਅਤੇ ਸੈਲਾਨੀਆਂ ਲਈ ਗਿਆਨਵਰਧਕ ਕੇਂਦਰ ਵਜੋਂ ਕੰਮ ਕਰੇਗਾ। ਇਸ ਨਾਲ ਲੋਕਾਂ ਨੂੰ ਹੜੱਪਾ ਸੱਭਿਆਚਾਰ ਦੀ ਜੀਵਨ ਸ਼ੈਲੀ, ਸਮਾਜਿਕ ਪ੍ਰਣਾਲੀ, ਸ਼ਿਲਪਕਲਾ, ਖੇਤੀਬਾੜੀ, ਰਿਹਾਇਸ਼ੀ ਬਣਤਰ ਅਤੇ ਸ਼ਹਿਰੀ ਯੋਜਨਾਬੰਦੀ ਨੂੰ ਨੇੜਿਓਂ ਸਮਝਣ ਦਾ ਮੌਕਾ ਮਿਲੇਗਾ। ਸੈਲਾਨੀਆਂ ਦੀਆਂ ਸਹੂਲਤਾਂ ਨੂੰ ਮੁੱਖ ਰੱਖਦਿਆਂ ਰਾਖੀਗੜ੍ਹੀ ਵਿੱਚ ਅਰਾਮ ਘਰ ਦਾ ਨਿਰਮਾਣ ਕੰਮ ਵੀ ਪੂਰਾ ਕੀਤਾ ਜਾ ਚੁੱਕਾ ਹੈ।

ਪੁਰਾਤਤਵ ਖੋਜਾਂ ਤੋਂ ਪੁਰਾਣੀ ਸੱਭਿਆਚਾਰ ਦੇ ਵਿਕਾਸ ਬਾਰੇ ਮਿਲਦੀ ਹੈ ਜਾਣਕਾਰੀ

ਡਾ. ਅਰਵਿੰਦ ਸ਼ਰਮਾ ਨੇ ਕਿਹਾ ਕਿ ਰਾਖੀਗੜ੍ਹੀ ਵਿੱਚ ਹੋਈ ਪੁਟਾਈ ਤੋਂ ਪੁਰਾਣੇ ਸਮਾਜ ਦੀ ਵਿਕਸਤ ਜੀਵਨ ਸ਼ੈਲੀ ਅਤੇ ਵਿਵਸਥਿਤ ਸਮਾਜਿਕ ਬਣਤਰ ਨਾਲ ਜੁੜੇ ਕਈ ਅਹਿਮ ਸਬੂਤ ਸਾਹਮਣੇ ਆਏ ਹਨ। ਇੱਥੇ ਪ੍ਰਾਪਤ ਪੁਰਾਤਤਵ ਅਵਸ਼ੇਸ਼ ਭਾਰਤੀ ਇਤਿਹਾਸ ਨੂੰ ਸਮਝਣ ਅਤੇ ਪੁਰਾਣੀਆਂ ਸੱਭਿਆਚਾਰਾਂ ਦੇ ਵਿਕਾਸ ਦਾ ਅਧਿਐਨ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

ਉਨ੍ਹਾਂ ਕਿਹਾ ਕਿ ਇਸ ਵਿਰਾਸਤ ਦੀ ਸਾਂਭ-ਸੰਭਾਲ ਸਿਰਫ਼ ਇਤਿਹਾਸਕ ਧਰੋਹਰਾਂ ਨੂੰ ਸੁਰੱਖਿਅਤ ਰੱਖਣ ਤੱਕ ਸੀਮਤ ਨਹੀਂ ਹੈ, ਸਗੋਂ ਇਹ ਆਉਣ ਵਾਲੀਆਂ ਪੀੜ੍ਹੀਆਂ ਨੂੰ ਆਪਣੀ ਸੱਭਿਆਚਾਰ ਅਤੇ ਰੀਤੀ-ਰਿਵਾਜਾਂ ਨਾਲ ਜੋੜਨ ਦਾ ਜ਼ਰੀਆ ਵੀ ਹੈ। ਆਧੁਨਿਕ ਮਿਊਜ਼ੀਅਮ ਕੰਪਲੈਕਸ ਬਣਨ ਨਾਲ ਇਨ੍ਹਾਂ ਅਹਿਮ ਖੋਜਾਂ ਨੂੰ ਬਿਹਤਰ ਢੰਗ ਨਾਲ ਪੇਸ਼ ਕੀਤਾ ਜਾ ਸਕੇਗਾ ਅਤੇ ਰਾਖੀਗੜ੍ਹੀ ਨੂੰ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਨਵੀਂ ਪਛਾਣ ਮਿਲੇਗੀ।

ਸੈਰ-ਸਪਾਟਾ ਵਧਣ ਨਾਲ ਸਥਾਨਕ ਲੋਕਾਂ ਲਈ ਖੁੱਲ੍ਹਣਗੇ ਰੁਜ਼ਗਾਰ ਦੇ ਮੌਕੇ

ਪੁਰਾਤਤਵ, ਸੈਰ-ਸਪਾਟਾ ਅਤੇ ਮਿਊਜ਼ੀਅਮ ਮੰਤਰੀ ਨੇ ਕਿਹਾ ਕਿ ਰਾਖੀਗੜ੍ਹੀ ਵਿੱਚ ਬੁਨਿਆਦੀ ਸਹੂਲਤਾਂ ਦੇ ਪਸਾਰ ਅਤੇ ਸੈਰ-ਸਪਾਟੇ ਨੂੰ ਹੁਲਾਰਾ ਦੇਣ ਨਾਲ ਸਥਾਨਕ ਅਰਥਚਾਰੇ ਨੂੰ ਵੀ ਮਜ਼ਬੂਤੀ ਮਿਲੇਗੀ। ਇੱਥੇ ਸੈਲਾਨੀਆਂ ਦੀ ਗਿਣਤੀ ਵਧਣ ਨਾਲ ਸਥਾਨਕ ਲੋਕਾਂ ਲਈ ਰੁਜ਼ਗਾਰ, ਸਵੈ-ਰੁਜ਼ਗਾਰ, ਦਸਤਕਾਰੀ ਅਤੇ ਹੋਰ ਆਰਥਿਕ ਗਤੀਵਿਧੀਆਂ ਦੇ ਨਵੇਂ ਮੌਕੇ ਪੈਦਾ ਹੋ ਸਕਦੇ ਹਨ।

ਮਿਊਜ਼ੀਅਮ ਅਤੇ ਆਡੀਟੋਰੀਅਮ ਰਾਹੀਂ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਦੇ ਵਿਦਿਅਕ ਸੰਮੇਲਨ, ਸੱਭਿਆਚਾਰਕ ਪ੍ਰੋਗਰਾਮ ਅਤੇ ਪੁਰਾਤਤਵ ਗਤੀਵਿਧੀਆਂ ਕਰਵਾਉਣ ਦੀਆਂ ਸੰਭਾਵਨਾਵਾਂ ਵੀ ਵਧਣਗੀਆਂ।

ਉਨ੍ਹਾਂ ਕਿਹਾ ਕਿ ਰਾਖੀਗੜ੍ਹੀ ਵਰਗੇ ਅਹਿਮ ਇਤਿਹਾਸਕ ਸਥਾਨਾਂ ਨੂੰ ਆਧੁਨਿਕ ਸਹੂਲਤਾਂ ਨਾਲ ਜੋੜ ਕੇ ਹਰਿਆਣਾ ਦੀ ਸੱਭਿਆਚਾਰਕ ਵਿਰਾਸਤ ਨੂੰ ਗਲੋਬਲ ਮੰਚ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਜਾ ਸਕਦਾ ਹੈ। ਸਰਕਾਰ ਦਾ ਉਦੇਸ਼ ਵਿਰਾਸਤ ਦੀ ਸੰਭਾਲ ਦੇ ਨਾਲ-ਨਾਲ ਸੈਰ-ਸਪਾਟੇ ਨੂੰ ਹੁਲਾਰਾ ਦੇਣਾ ਅਤੇ ਸਥਾਨਕ ਵਿਕਾਸ ਨੂੰ ਗਤੀ ਪ੍ਰਦਾਨ ਕਰਨਾ ਹੈ।

ਇਸ ਮੌਕੇ ਸੀ.ਡੀ.ਐੱਲ.ਯੂ. ਦੇ ਵਾਈਸ ਚਾਂਸਲਰ ਪ੍ਰੋ. ਵਿਜੇ ਕੁਮਾਰ, ਪਦਮ ਸ਼੍ਰੀ ਡਾ. ਆਰ.ਐੱਸ. ਬਿਸ਼ਟ, ਉਪ ਨਿਰਦੇਸ਼ਕ ਡਾ. ਨਰਿੰਦਰ ਪਰਮਾਰ, ਡਾ. ਅਮਰਿੰਦਰ ਨਾਥ, ਡਾ. ਗਰਿਮਾ ਸਿੰਘ ਆਦਿ ਪੁਰਾਤਤਵ ਵਿਗਿਆਨੀਆਂ ਨੇ ਹੜੱਪਾ ਕਾਲੀਨ ਅਮੀਰ ਸੱਭਿਆਚਾਰ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।

ਹਰਿਆਣਾ ਵਿੱਚ ਸਿਹਤ ਸਹੂਲਤਾਂ ਦੇ ਬੁਨਿਆਦੀ ਢਾਂਚੇ ਨੂੰ ਮਿਲੇਗੀ ਨਵੀਂ ਮਜ਼ਬੂਤੀ : ਸਿਹਤ ਮੰਤਰੀ ਆਰਤੀ ਸਿੰਘ ਰਾਓ

ਚੰਡੀਗੜ੍ਹ, 28 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਦੀ ਸਿਹਤ, ਮੈਡੀਕਲ ਸਿੱਖਿਆ ਅਤੇ ਆਯੁਸ਼ ਮੰਤਰੀ ਆਰਤੀ ਸਿੰਘ ਰਾਓ ਨੇ ਦੱਸਿਆ ਕਿ ਸੂਬਾ ਸਰਕਾਰ ਨੇ ਰਾਜ ਦੇ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਬਣਾਉਣ ਦੀ ਦਿਸ਼ਾ ਵਿੱਚ ਇੱਕ ਹੋਰ ਮਹੱਤਵਪੂਰਨ ਕਦਮ ਚੁੱਕਦਿਆਂ ਲਗਭਗ 423.48 ਲੱਖ ਰੁਪਏ ਦੀ ਲਾਗਤ ਨਾਲ ਵੱਖ-ਵੱਖ ਸਿਹਤ ਸੰਸਥਾਵਾਂ ਦੀਆਂ ਨਵੀਆਂ ਇਮਾਰਤਾਂ ਅਤੇ ਬੁਨਿਆਦੀ ਢਾਂਚੇ ਦੇ ਨਿਰਮਾਣ ਕਾਰਜਾਂ ਨੂੰ ਪ੍ਰਸ਼ਾਸਨਿਕ ਮਨਜ਼ੂਰੀ ਪ੍ਰਦਾਨ ਕੀਤੀ ਹੈ। ਇਸ ਪਹਿਲ ਦਾ ਉਦੇਸ਼ ਉਨ੍ਹਾਂ ਸਬ-ਹੈਲਥ ਸੈਂਟਰਾਂ ਨੂੰ ਮਿਆਰੀ ਅਤੇ ਆਧੁਨਿਕ ਇਮਾਰਤਾਂ ਮੁਹੱਈਆ ਕਰਵਾਉਣਾ ਹੈ, ਜੋ ਇਸ ਸਮੇਂ ਬਿਨਾਂ ਇਮਾਰਤ ਦੇ ਚੱਲ ਰਹੇ ਹਨ ਜਾਂ ਪੰਚਾਇਤ ਭਵਨਾਂ ਅਤੇ ਹੋਰ ਇਮਾਰਤਾਂ ਵਿੱਚ ਸੰਚਾਲਿਤ ਹੋ ਰਹੇ ਹਨ।

ਆਰਤੀ ਸਿੰਘ ਰਾਓ ਨੇ ਦੱਸਿਆ ਕਿ ਇਸ ਯੋਜਨਾ ਤਹਿਤ ਭਿਵਾਨੀ ਜ਼ਿਲ੍ਹੇ ਦੇ ਪਿੰਡ ਰਾਜਗੜ੍ਹ ਅਤੇ ਕਲਿੰਗਾ-ਦੂਜਾ, ਪਲਵਲ ਜ਼ਿਲ੍ਹੇ ਦੇ ਪਿੰਡ ਮੰਗੋਰਕਾ ਅਤੇ ਗਦਪੁਰੀ ਅਤੇ ਜੀਂਦ ਜ਼ਿਲ੍ਹੇ ਦੇ ਪਿੰਡ ਦੇਵਰਾੜ ਅਤੇ ਢਰੌਲੀ ਵਿੱਚ ਸਥਿਤ ਉਪ-ਸਿਹਤ ਕੇਂਦਰਾਂ ਦੀਆਂ ਨਵੀਆਂ ਇਮਾਰਤਾਂ ਦੇ ਨਿਰਮਾਣ ਦੇ ਨਾਲ-ਨਾਲ ਸਿਰਸਾ ਜ਼ਿਲ੍ਹੇ ਦੇ ਰਾਨੀਆ ਕਮਿਊਨਿਟੀ ਹੈਲਥ ਸੈਂਟਰ ਦੀ ਬੀਪੀਐਚਯੂ (BPHU) ਲਈ ਜ਼ਮੀਨ ਦੀ ਭਰਾਈ ਅਤੇ ਇੰਟਰਲਾਕ ਪੇਵਮੈਂਟ ਬਲਾਕ ਲਗਾਉਣ ਦੇ ਕਾਰਜ ਵੀ ਸ਼ਾਮਲ ਹਨ। ਇਨ੍ਹਾਂ ਸਾਰੇ ਉਪ-ਸਿਹਤ ਕੇਂਦਰਾਂ ਵਿੱਚ ਲੋੜੀਂਦਾ ਮਨੁੱਖੀ ਸਰੋਤ ਪਹਿਲਾਂ ਤੋਂ ਹੀ ਉਪਲਬਧ ਹੈ ਅਤੇ ਇਹ ਪੂਰੀ ਤਰ੍ਹਾਂ ਕਾਰਜਸ਼ੀਲ ਹਨ। ਹੁਣ ਇਨ੍ਹਾਂ ਨੂੰ ਆਰਕੀਟੈਕਚਰ ਵਿਭਾਗ ਵੱਲੋਂ ਭਾਰਤੀ ਜਨ ਸਿਹਤ ਮਿਆਰਾਂ (IPHS) 2022 ਦੇ ਅਨੁਸਾਰ ਤਿਆਰ ਕੀਤੇ ਗਏ 187.60 ਵਰਗ ਮੀਟਰ ਦੇ ਮਿਆਰੀ ਡਿਜ਼ਾਈਨਾਂ ਦੇ ਆਧਾਰ 'ਤੇ ਪੱਕੀਆਂ ਅਤੇ ਆਧੁਨਿਕ ਇਮਾਰਤਾਂ ਮੁਹੱਈਆ ਕਰਵਾਈਆਂ ਜਾਣਗੀਆਂ।

ਇਸ ਤੋਂ ਇਲਾਵਾ, ਨੂਹ ਜ਼ਿਲ੍ਹੇ ਦੇ ਪਿੰਡ ਸਾਕਰਸ ਵਿੱਚ ਇੱਕ ਨਵੇਂ ਪ੍ਰਾਇਮਰੀ ਹੈਲਥ ਸੈਂਟਰ ਦੇ ਨਿਰਮਾਣ ਨੂੰ ਵੀ ਸੂਬਾ ਸਰਕਾਰ ਵੱਲੋਂ ਮਨਜ਼ੂਰੀ ਦਿੱਤੀ ਗਈ ਹੈ। ਸਿਹਤ ਮੰਤਰੀ ਨੇ ਦੱਸਿਆ ਕਿ ਸੂਬਾ ਸਰਕਾਰ ਵਿੱਤੀ ਵਰ੍ਹੇ 2026-27 ਦੌਰਾਨ ਨਵੇਂ ਸਿਹਤ ਸੰਸਥਾਨਾਂ ਦੇ ਨਿਰਮਾਣ ਲਈ ਵਚਨਬੱਧ ਹੈ ਅਤੇ ਇਸ ਤਹਿਤ ਬਜਟ ਵਿੱਚ ਲੋੜੀਂਦੀ ਵਿਵਸਥਾ ਵੀ ਕੀਤੀ ਗਈ ਹੈ। ਇਨ੍ਹਾਂ ਸਾਰੇ ਨਿਰਮਾਣ ਕਾਰਜਾਂ ਦੇ ਮੁਕੰਮਲ ਹੋਣ ਨਾਲ ਪੇਂਡੂ ਖੇਤਰਾਂ ਦੇ ਮਰੀਜ਼ਾਂ ਨੂੰ ਆਪਣੇ ਘਰ ਦੇ ਨੇੜੇ ਹੀ ਉੱਚ ਪੱਧਰੀ ਡਾਕਟਰੀ ਸਹੂਲਤਾਂ ਅਤੇ ਸਿਹਤ ਸੇਵਾਵਾਂ ਆਸਾਨੀ ਨਾਲ ਉਪਲਬਧ ਹੋ ਸਕਣਗੀਆਂ, ਜਿਸ ਨਾਲ ਸੂਬੇ ਦੇ ਸਿਹਤ ਢਾਂਚੇ ਵਿੱਚ ਇਤਿਹਾਸਕ ਸੁਧਾਰ ਆਵੇਗਾ।

ਗੰਨਾ ਕਿਸਾਨ ਖੇਤੀ ਸੰਦਾਂ 'ਤੇ ਸਬਸਿਡੀ ਦਾ ਲਾਭ ਲੈਣ ਲਈ 31 ਅਕਤੂਬਰ ਤੱਕ ਦੇ ਸਕਦੇ ਨੇ ਅਰਜ਼ੀ

ਚੰਡੀਗੜ੍ਹ, 28 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਗੰਨਾ ਤਕਨੀਕੀ ਉਦੇਸ਼ ਪ੍ਰੋਜੈਕਟ (ਟੈਕਨੋਲੋਜੀ ਮਿਸ਼ਨ ਆਨ ਸ਼ੂਗਰਕੇਨ) ਤਹਿਤ ਸਾਲ 2026-27 ਲਈ 'ਗੰਨਾ ਕਿਸਾਨ ਮੈਕਨਾਈਜ਼ੇਸ਼ਨ ਇਨ ਸ਼ੂਗਰਕੇਨ ਇੰਪਲੀਮੈਂਟ' ਸਕੀਮ ਚਲਾਈ ਜਾ ਰਹੀ ਹੈ। ਇਸ ਸਕੀਮ ਦਾ ਉਦੇਸ਼ ਗੰਨਾ ਕਿਸਾਨਾਂ ਨੂੰ ਆਧੁਨਿਕ ਖੇਤੀ ਸੰਦਾਂ ਦੀ ਵਰਤੋਂ ਲਈ ਉਤਸ਼ਾਹਿਤ ਕਰਨਾ ਅਤੇ ਗੰਨੇ ਦੀ ਖੇਤੀ ਨੂੰ ਵੱਧ ਸੁਖਾਲੀ ਅਤੇ ਲਾਹੇਵੰਦ ਬਣਾਉਣਾ ਹੈ।

ਖੇਤੀਬਾੜੀ ਵਿਭਾਗ ਦੇ ਇੱਕ ਬੁਲਾਰੇ ਨੇ ਦੱਸਿਆ ਕਿ ਸਕੀਮ ਤਹਿਤ ਗੰਨੇ ਦੀ ਫ਼ਸਲ ਵਿੱਚ ਵਰਤੇ ਜਾਣ ਵਾਲੇ ਵੱਖ-ਵੱਖ ਖੇਤੀ ਸੰਦਾਂ 'ਤੇ ਸਬਸਿਡੀ ਦਾ ਲਾਭ ਲੈਣ ਲਈ ਕਿਸਾਨਾਂ ਤੋਂ ਅਰਜ਼ੀਆਂ ਮੰਗੀਆਂ ਜਾ ਰਹੀਆਂ ਹਨ।

ਇਨ੍ਹਾਂ ਵਿੱਚ ਪਾਵਰ ਆਪ੍ਰੇਟਿਡ ਗੰਨਾ ਸੈੱਟ ਟ੍ਰੀਟਮੈਂਟ ਡਿਵਾਈਸ (30 ਤੋਂ 120 ਲੀਟਰ ਸਮਰੱਥਾ), ਪਾਵਰ ਵੀਡਰ (5 ਐੱਚ.ਪੀ. ਤੋਂ ਘੱਟ ਅਤੇ 7.5 ਬੀ.ਐੱਚ.ਪੀ. ਤੱਕ), ਗੰਨਾ ਰੈਟੂਨ ਮੈਨੇਜਰ, ਵਾਈਡ-ਰੋ ਰਿਜਰ/ਰਿਜਰ, ਰੋਟਾਵੇਟਰ (4 ਫੁੱਟ), ਟਰੈਕਟਰ ਚਾਲਿਤ ਸਪ੍ਰੇਅਰ, ਸਬ-ਸੋਇਲਰ/ਚਿਸਲਰ, ਗੰਨਾ ਕਟਰ/ਸਟ੍ਰਿਪਰ/ਪਲਾਂਟਰ ਅਤੇ ਮਿੰਨੀ ਟਰੈਕਟਰ ਸ਼ਾਮਲ ਹਨ।

ਉਨ੍ਹਾਂ ਦੱਸਿਆ ਕਿ ਚਾਹਵਾਨ ਕਿਸਾਨ ਇਸ ਸਕੀਮ ਤਹਿਤ ਸਬਸਿਡੀ ਪ੍ਰਾਪਤ ਕਰਨ ਲਈ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਹਰਿਆਣਾ ਦੀ ਅਧਿਕਾਰਤ ਵੈੱਬਸਾਈਟ www.agriharyana.gov.in 'ਤੇ 31 ਅਕਤੂਬਰ 2026 ਤੱਕ ਆਨਲਾਈਨ ਅਰਜ਼ੀ ਦੇ ਸਕਦੇ ਹਨ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮਿਥੇ ਸਮੇਂ ਦੇ ਅੰਦਰ ਅਰਜ਼ੀ ਦੇਣ ਅਤੇ ਸਕੀਮ ਦਾ ਲਾਭ ਉਠਾਉਣ।

ਉਨ੍ਹਾਂ ਕਿਹਾ ਕਿ ਸਕੀਮ ਨਾਲ ਸਬੰਧਤ ਵਿਸਥਾਰਪੂਰਵਕ ਜਾਣਕਾਰੀ, ਯੋਗਤਾ ਦੀਆਂ ਸ਼ਰਤਾਂ ਅਤੇ ਜ਼ਰੂਰੀ ਦਿਸ਼ਾ-ਨਿਰਦੇਸ਼ ਵਿਭਾਗ ਦੀ ਅਧਿਕਾਰਤ ਵੈੱਬਸਾਈਟ 'ਤੇ ਉਪਲਬਧ ਹਨ। ਕਿਸਾਨ ਅਰਜ਼ੀ ਦਣ ਤੋਂ ਪਹਿਲਾਂ ਸਕੀਮ ਦੇ ਨਿਯਮਾਂ ਅਤੇ ਸ਼ਰਤਾਂ ਦੀ ਜਾਣਕਾਰੀ ਜ਼ਰੂਰ ਪ੍ਰਾਪਤ ਕਰ ਲੈਣ।

ਵਿਜੀਲੈਂਸ ਅਤੇ ਏਂਟੀ ਕਰੱਪਸ਼ਨ ਬਿਊਰੋ ਨੂੰ ਸੂਚਨਾ ਮਹੁਇਆ ਕਰਵਾਉਣਾ ਲਈ ਹਰ ਵਿਭਾਗ ਵਿੱਚ ਹੋਵੇਗਾ ਨੋਡਲ ਅਧਿਕਾਰੀ

ਚੰਡੀਗੜ੍ਹ, 28 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਸਰਕਾਰ ਨੇ ਵੱਖ-ਵੱਖ ਵਿਭਾਗਾਂ ਅਤੇ ਰਾਜ ਵਿਜੀਲੈਂਸ ਅਤੇ ਭ੍ਰਿਸ਼ਟਾਚਾਰ ਰੋਕੂ ਬਿਊਰੋ ਦਰਮਿਆਨ ਸੂਚਨਾਵਾਂ ਦਾ ਸਮਾਂਬੱਧ ਅਤੇ ਸੁਚਾਰੂ ਆਦਾਨ-ਪ੍ਰਦਾਨ ਯਕੀਨੀ ਬਣਾਉਣ ਲਈ ਹਰ ਵਿਭਾਗ ਵਿੱਚ ਕਿਸੇ ਰਾਜਪੱਤਰਿਤ ਅਧਿਕਾਰੀ ਨੂੰ ਨੋਡਲ ਅਧਿਕਾਰੀ ਨਾਮਜ਼ਦ ਕਰਨ ਦੇ ਨਿਰਦੇਸ਼ ਦਿੱਤੇ ਹਨ।ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਵੱਲੋਂ ਜਾਰੀ ਇੱਕ ਪੱਤਰ ਅਨੁਸਾਰ, ਨਾਮਜ਼ਦ ਨੋਡਲ ਅਧਿਕਾਰੀ ਰਾਜ ਚੌਕਸੀ ਅਤੇ ਭ੍ਰਿਸ਼ਟਾਚਾਰ ਰੋਕੂ ਬਿਊਰੋ ਵੱਲੋਂ ਲਿਖਤੀ ਪੱਤਰ-ਵਿਹਾਰ ਰਾਹੀਂ ਮੰਗੀ ਗਈ ਜਾਣਕਾਰੀ ਲਈ ਤਾਲਮੇਲ ਸਥਾਪਤ ਕਰਨ ਅਤੇ ਅਜਿਹੀ ਜਾਣਕਾਰੀ ਮੁਹੱਈਆ ਕਰਵਾਉਣ ਲਈ ਜ਼ਿੰਮੇਵਾਰ ਹੋਣਗੇ।

ਸਰਕਾਰ ਨੇ ਨਿਰਦੇਸ਼ ਦਿੱਤੇ ਹਨ ਕਿ ਬਿਊਰੋ ਤੋਂ ਲਿਖਤੀ ਬੇਨਤੀ ਪ੍ਰਾਪਤ ਹੋਣ ਤੋਂ ਬਾਅਦ, ਜਿੱਥੋਂ ਤੱਕ ਵਿਹਾਰਕ ਤੌਰ 'ਤੇ ਸੰਭਵ ਹੋਵੇ, ਸਬੰਧਤ ਜਾਣਕਾਰੀ 48 ਘੰਟਿਆਂ ਦੇ ਅੰਦਰ ਮੁਹੱਈਆ ਕਰਵਾਈ ਜਾਵੇ, ਤਾਂ ਜੋ ਲੋੜੀਂਦੀ ਜਾਣਕਾਰੀ ਦੇ ਆਦਾਨ-ਪ੍ਰਦਾਨ ਵਿੱਚ ਬੇਲੋੜੀ ਦੇਰੀ ਨਾ ਹੋਵੇ।ਸਾਰੇ ਵਿਭਾਗਾਂ ਨੂੰ ਨਾਮਜ਼ਦ ਨੋਡਲ ਅਧਿਕਾਰੀ ਦਾ ਨਾਮ, ਅਹੁਦਾ, ਮੋਬਾਈਲ ਨੰਬਰ ਅਤੇ ਈ-ਮੇਲ ਆਈਡੀ ਸਮੇਤ ਪੂਰਾ ਵੇਰਵਾ ਇਨ੍ਹਾਂ ਨਿਰਦੇਸ਼ਾਂ ਦੇ ਜਾਰੀ ਹੋਣ ਦੇ 15 ਦਿਨਾਂ ਦੇ ਅੰਦਰ ਚੌਕਸੀ ਵਿਭਾਗ ਅਤੇ ਰਾਜ ਚੌਕਸੀ ਅਤੇ ਭ੍ਰਿਸ਼ਟਾਚਾਰ ਰੋਕੂ ਬਿਊਰੋ ਦੇ ਪੁਲਿਸ ਮਹਾਨਿਰਦੇਸ਼ਕ ਨੂੰ ਭੇਜਣ ਦੇ ਨਿਰਦੇਸ਼

ਬਾਬਾ ਅਨੰਤ ਰਾਮ ਡੰਡੇ ਵਾਲੇ

ਗੁਰਪ੍ਰੀਤ ਸਿੰਘ ਕਾਦੀਆਂ

ਬਾਬਾ ਅਨੰਤ ਰਾਮ ਉਦਾਸੀ ਡੰਡੇ ਵਾਲੇ ਤਿਆਗ ਤੇ ਉਦਾਸੀਨਤਾਂ ਦੀ ਮੂਰਤ ਸਨ। ਉਨ੍ਹਾਂ ਨੇ ਆਪਣਾ ਪੂਰਾ ਜੀਵਨ ਪ੍ਰਭੂ ਦਾ ਨਾਂ ਜਪਦਿਆ, ਸੱਚ ਦਾ ਉਪਦੇਸ਼ ਦਿੰਦਿਆ ਬਤੀਤ ਕੀਤਾ। ਬਾਬਾ ਜੀ 12 ਸਾਲ ਦੀ ਉਮਰ ਵਿਚ ਘਰ-ਬਾਰ ਦਾ ਤਿਆਗ ਕਰ ਕੇ ਨਿਰੰਕਾਰ ਦੀ ਮਹਿਮਾ 'ਚ ਜੁੜ ਗਏ। ਬਾਬਾ ਜੀ ਨੇ ਆਪਣਾ ਜੀਵਨ ਧੰਨ ਧੰਨ ਬਾਬਾ ਸ੍ਰੀਚੰਦ ਜੀ ਭਗਵਾਨ ਤੋਂ ਚੁਣਿਆ। ਭਾਰਤ-ਪਾਕਿ ਵੰਡ ਤੋਂ ਪਹਿਲਾਂ ਬਾਬਾ ਜੀ ਗੁਰਦਾਸਪੁਰ ਜ਼ਿਲ੍ਹੇ ਦੇ ਪਿੰਡਾਂ ਵਿਚ ਆ ਕੇ ਘੁੰਮਣ ਲੱਗੇ। ਆਪ ਜੀ ਦੇ ਤਨ ਤੇ ਸਾਫ਼ਾ ਬੰਨ੍ਹਿਆ ਹੁੰਦਾ ਸੀ। ਆਪ ਹੱਥ ਵਿਚ ਇਕ ਡੰਡਾ ਰੱਖਦੇ ਸਨਸ ਜਿਸ ਕਰਕੇ ਲੋਕ ਉਨ੍ਹਾਂ ਨੂੰ 'ਡੰਡੇ ਵਾਲੇ ਬਾਬਾ ਜੀ' ਕਹਿਣ ਲੱਗੇ। ਬਾਬਾ ਜੀ ਕਦੇ ਵੀ ਮਾਇਆ ਦੇ ਨੇੜੇ ਨਹੀਂ ਸਨ ਜਾਂਦੇ ਤੇ ਨਾ ਹੀ ਉਨ੍ਹਾਂ ਵੱਲੋਂ ਪੱਕੇ ਤੌਰ 'ਤੇ ਕੋਈ ਰਿਹਾਇਸ਼ ਬਣਾਈ ਗਈ ਹੈ। ਆਪ ਦੇ ਪਿਛੋਕੜ ਅਤੇ ਨਗਰ ਬਾਰੇ ਅਜੇ ਵੀ ਰਹੱਸ ਬਣਿਆ ਹੋਇਆ ਹੈ। ਇਸ ਬਾਰੇ ਉਨ੍ਹਾਂ ਨੇ ਕਿਸੇ ਨਾਲ ਕਦੇ ਕੋਈ ਭੇਦ ਸਾਝਾਂ ਨਹੀਂ ਕੀਤਾ। ਉਹ ਬਟਾਲਾ ਤੋਂ ਕਰੀਬ 10 ਕਿਲੋਮੀਟਰ ਦੂਰ ਕਾਦੀਆਂ ਰੋਡ 'ਤੇ ਪਿੰਡ ਭਾਗੀਆ ਤੇ ਇਸ ਦੇ ਨੇੜਲੇ ਨਗਰਾਂ 'ਚ ਵਿਚਰਦੇ ਰਹੇ। ਆਪਣੇ ਸਾਰੇ ਜੀਵਨ ਵਿਚ ਉਨ੍ਹਾਂ ਨੇ ਰਸਤਿਆਂ ਉੱਪਰ ਖੂਹ ਲਗਵਾਉਣ, ਸਰੋਵਰ ਸਥਾਪਿਤ ਕਰਨ, ਰੁੱਖ ਲਗਵਾਉਣ ਦੀ ਸੇਵਾ ਕਰਦੇ ਰਹੇ। ਆਪ ਨੇ ਲੋਕਾਂ ਨੂੰ ਪ੍ਰਭੂ ਦਾ ਨਾਮ ਜਪਣ, ਸਾਤਵਿਕ ਬਿਰਤੀ ਰੱਖਣ ਤੇ ਸੱਚ ਦੀ ਕਿਰਤ ਕਰਨ ਦਾ ਹੋਕਾ ਦਿੱਤਾ ਗਿਆ।

ਬਾਬਾ ਅਨੰਤ ਰਾਮ ਡੰਡੇ ਵਾਲਿਆਂ ਨੇ ਆਪਣਾ ਤਨ-ਮਨ ਸਿਮਰਨ ਵਿਚ ਢਾਲਿਆ ਹੋਇਆ ਸੀ। ਉਹ ਕਈ-ਕਈ ਦਿਨ ਅੰਨ-ਜਲ ਦਾ ਤਿਆਗ ਕਰ ਕੇ ਪਰਮਾਤਮਾ ਦੀ ਬੰਦਗੀ 'ਚ ਲੀਨ ਰਹਿੰਦੇ ਸਨ। ਪਿੰਡ ਭਾਗੀਆਂ ਦੀ ਜ਼ਮੀਨ, ਜੋ ਕਿ ਥਿੰਦ

ਧਾਰੀਵਾਲ ਨਹਿਰ ਦੇ ਨਜਦੀਕ ਹੈ, ਬਾਬਾ ਜੀ ਦੇ ਵੇਲੇ ਬੀਆਬਾਨ ਜੰਗਲ ਸੀ, ਜਿਸ ਵਿਚ ਬਾਬਾ ਜੀ ਬਹੁਤ ਸਮਾਂ ਕੱਚਾ ਭੋਰਾ ਪੁੱਟ ਕੇ ਤਪ ਕਰਦੇ ਰਹੇ। ਇਥੇ ਅੱਜ ਕੱਲ੍ਹ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਭੋਰਾ ਸਾਹਿਬ ਸੁਸ਼ੋਭਿਤ ਹੈ। ਉਹ ਸਹਿਜ ਸੁਭਾਅ ਜੋ ਵੀ ਬਚਨ ਕਰਿਆ ਕਰਦੇ ਸਨ, ਉਹ ਪੂਰਾ ਹੋ ਜਾਂਦਾ ਸੀ।

ਇਵੇਂ ਸਾਦਗੀ ਭਰਿਆ ਜੀਵਨ ਬਤੀਤ ਕਰਦਿਆਂ ਉਹ 30 ਸਤੰਬਰ 1972 ਨੂੰ ਪਿੰਡ ਥਿੰਦ ਧਾਰੀਵਾਲ ਵਿਖੇ ਪੰਜ ਭੂਤਕ ਸਰੀਰ ਦਾ ਤਿਆਗ ਕਰ ਕੇ ਪ੍ਰਭੂ ਚਰਨਾਂ ਵਿਚ ਜਾ ਬਿਰਾਜੇ। ਉਨ੍ਹਾਂ ਦੇ ਜਾਣ ਤੋਂ ਬਾਅਦ ਇਲਾਕੇ ਦੀਆਂ ਸੰਗਤਾਂ ਵੱਲੋਂ ਉਨ੍ਹਾਂ ਦੀ ਯਾਦ ਵਿਚ ਵੱਖ-ਵੱਖ ਨਗਰਾਂ ਵਿਚ ਨਵੀਂ ਗੁਰਦੁਆਰਾ ਸਾਹਿਬ ਉਸਾਰੇ ਗਏ। ਗੁਰਦੁਆਰਾ ਭੋਰਾ ਸਾਹਿਬ ਪਿੰਡ ਭਾਗੀਆ, ਗੁਰਦੁਆਰਾ ਅੰਗੀਠਾ ਸਾਹਿਬ ਪਿੰਡ ਧਾਰੀਵਾਲ, ਗੁਰਦੁਆਰਾ ਠੰਡੀ ਖੂਹੀ ਪਿੰਡ ਚੀਮਾ, ਗੁਰਦੁਆਰਾ ਸਾਧੂਆਣਾ ਸਾਹਿਬ ਪਿੰਡ ਹਰਚੋਵਾਲ, ਗੁਰਦੁਆਰਾ ਸਾਹਿਬ ਪਿੰਡ ਸਦਾਰੰਗ ਅੰਮੋਨੰਗਲ ਤੇ ਗੁਰਦੁਆਰਾ ਸਾਹਿਬ ਚਾਹ ਰਿੱਲ ਮੁੱਖ ਹਨ।

ਤਪ ਅਸਥਾਨ ਗੁਰਦੁਆਰਾ ਭੋਰਾ ਸਾਹਿਬ ਪਿੰਡ ਭਾਗੀਆ, ਬਟਾਲਾ ਜ਼ਿਲ੍ਹਾ ਗੁਰਦਾਸਪੁਰ ਵਿਖੇ ਹਰ ਸਾਲ ਦੀ ਤਰ੍ਹਾਂ ਮਿਤੀ 19 ਤੋਂ 22 ਅਕਤੂਬਰ ਦਾਨ ਨੂੰ ਗੁਰਮਤਿ ਸਮਾਗਮ, ਅੰਮ੍ਰਿਤ ਸੰਚਾਰ, ਖ਼ੂਨ ਕੈਂਪ ਤੇ ਕਬੱਡੀ ਕੱਪ ਕਰਵਾਇਆ ਜਾਂਦਾ ਹੈ। ● 02

75085-470

ਬ੍ਰਹਮ ਗਿਆਨੀ ਬਾਬਾ ਬੁੱਢਾ ਜੀ

113 ਸਾਲ ਲੰਬਾ ਸਮਾਂ ਸਿੱਖੀ ਕਮਾਉਣ ਵਾਲੇ, ਪੰਜ ਪਾਤਿਸ਼ਾਹੀਆਂ ਨੂੰ ਗੁਰਤਾਗੱਦੀ ਸਮੇਂ ਤਿਲਕ ਲਗਾਉਣ ਵਾਲੇ ਤੇ ਛੇ ਪਾਤਿਸ਼ਾਹੀਆਂ ਦੇ ਦਰਸ਼ਨ ਕਰਨ ਵਾਲੇ ਬ੍ਰਹਮ ਗਿਆਨੀ ਬਾਬਾ ਬੁੱਢਾ ਜੀ ਦਾ ਜਨਮ 22 ਅਕਤੂਬਰ 1506 ਈਸਵੀ ਨੂੰ ਪਿਤਾ ਭਾਈ ਸੁੱਖੇ ਰੰਧਾਵੇ ਤੇ ਮਾਤਾ ਸੋਰਾਂ ਦੇ ਘਰ ਪਿੰਡ ਕੱਥੂਨੰਗਲ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਹੋਇਆ। ਉਨ੍ਹਾਂ ਦੇ ਮਾਤਾ-ਪਿਤਾ ਨੇ ਉਨ੍ਹਾਂ ਦਾ ਨਾਂ ਬੂੜਾ ਰੱਖਿਆ।

ਸੰਨ 1518 ਵਿਚ ਬੂੜਾ ਦੀ ਉਮਰ 12 ਸਾਲ ਦੀ ਸੀ ਤੇ ਉਹ ਮੱਝਾਂ ਚਾਰ ਰਹੇ ਸਨ ਤੇ ਪਹਿਲੀ ਵਾਰ ਬਾਬਾ ਬੁੱਢਾ ਜੀ, ਗੁਰੂ ਨਾਨਕ ਦੇਵ ਜੀ ਨੂੰ ਪਿੰਡ ਰਮਦਾਸ ਦੀ ਹੱਦ 'ਤੇ ਮਿਲੇ ਅਤੇ ਉਸ ਸਮੇਂ ਭਾਈ ਮਰਦਾਨਾ ਜੀ ਵੀ ਨਾਲ ਸਨ। ਗੁਰੂ ਨਾਨਕ ਦੇਵ ਜੀ ਨੇ ਜਿਵੇਂ ਹੀ ਪਰਮਾਤਮਾ ਦਾ ਕੀਰਤਨ ਕੀਤਾ ਤਾਂ ਉਸੇ ਵੇਲੇ ਬਾਲ ਬੂੜਾ ਦਾ ਮਨ ਟੁੰਬਿਆ ਗਿਆ। ਉਹ ਆਪਣੇ ਘਰ ਗਿਆ ਤੇ ਆਪਣੀ ਮਾਂ ਨੂੰ ਕਹਿਣ ਲੱਗਾ ਕਿ ਮਾਂ ਅੱਜ ਜੰਗਲ ਵਿਚ ਰੱਬ ਦਾ ਪਿਆਰਾ ਆਇਆ ਤੇ ਉਨ੍ਹਾਂ ਦੇ ਮੁੱਖ ਵਿੱਚੋਂ ਅੰਮ੍ਰਿਤ ਬਾਣੀ ਨਿੱਕਲ ਰਹੀ ਹੈ। ਮਾਂ ਮੈਂ ਦੁੱਧ ਨਾਲ ਉਨ੍ਹਾਂ ਦੀ ਸੇਵਾ ਕਰਨੀ ਹੈ। ਦੁੱਧ ਲੈ ਕੇ ਜਦ ਬੂੜਾ ਜੀ ਗੁਰੂ ਨਾਨਕ ਦੇਵ ਜੀ ਸਾਹਮਣੇ ਆਏ ਤਾਂ ਉਨ੍ਹਾਂ ਕਿਹਾ ਕਿ ਸੰਤ ਜੀ ਮੇਰੀ ਮਾਂ ਨੇ ਕਾੜ੍ਹਨੀ ਵਿੱਚੋਂ ਦੁੱਧ ਦਿੱਤਾ ਹੈ, ਆਪ ਜੀ ਛਕੋ। ਗੁਰੂ ਨਾਨਕ ਦੇਵ ਜੀ ਨੇ ਕਿਹਾ ਕਿ ਤੈਨੂੰ ਸਾਡੇ ਨਾਲ ਐਨਾ ਪਿਆਰ ਹੈ। ਬਾਲ ਬੂੜੇ ਨੇ ਕਿਹਾ ਕਿ ਦੁੱਧ ਛਕ ਕੇ ਗੁਰੂ ਘਰ ਦੀ ਗੱਲ ਸੁਣਾਓ, ਪਰਮਾਤਮਾ ਦੀ ਗੱਲ ਕਰੋ, ਮੇਰਾ ਜਨਮ-ਮਰਨ ਕੱਟ ਦਿਓ।

ਗੁਰੂ ਨਾਨਕ ਦੇਵ ਜੀ ਨੇ ਦੁੱਧ ਛਕਣ ਉਪਰੰਤ ਕਿਹਾ ਕਿ ਬੇਟਾ ਤੂੰ ਅਜੇ ਬੱਚਾ ਹੈਂ ਤੇ ਇਹ ਬੁੱਧੀ ਤੈਨੂੰ ਕਿੱਥੋਂ ਮਿਲੀ? ਬੂੜੇ ਨੇ ਕਿਹਾ ਕਿ ਕੁਝ ਸਮਾਂ ਪਹਿਲਾਂ ਮੁਗ਼ਲਾਂ ਦੀ ਫ਼ੌਜ ਸਾਡੇ ਪਿੰਡ ਆਈ ਤੇ ਸਾਡੀਆਂ ਕੱਚੀਆਂ-ਪੱਕੀਆਂ ਫ਼ਸਲਾਂ ਵੱਢ ਲਈਆਂ। ਇਹ ਦੇਖ ਕੇ ਮਨ 'ਚ ਵਿਚਾਰ ਆਇਆ ਕਿ ਇਨ੍ਹਾਂ ਨੂੰ ਕਿਸੇ ਨੇ ਨਹੀਂ ਫੜਿਆ ਪਰ ਜਦੋਂ ਜਮਦੂਤ ਆਏ ਤਾਂ ਉਨ੍ਹਾਂ ਨੂੰ ਰੋਕੂਗਾ ਕੌਣ? ਗੁਰੂ ਨਾਨਕ ਦੇਵ ਜੀ ਨੇ ਬੂੜੇ ਨੂੰ ਗਲ਼ ਨਾਲ ਲਾਇਆ ਤੇ ਕਿਹਾ ਕਿ ਤੂੰ ਅਜੇ ਬੱਚਾ ਏਂ ਪਰ ਤੇਰੀ ਸੋਚ ਬੁੱਢਿਆਂ ਵਾਲੀ ਹੈ ਤੂੰ ਤਾਂ ਸਾਡਾ ਬੁੱਢਾ ਹੈਂ, ਤੂੰ ਸਿਮਰਨ ਕਰਿਆ ਕਰ, ਸਭ ਭਲੀ ਹੋਵੇਗੀ। ਬਾਅਦ ਵਿਚ ਉਨ੍ਹਾਂ ਦਾ ਨਾਂ ਬੂੜਾ ਤੋਂ ਬਾਬਾ ਬੁੱਢਾ ਜੀ ਪੈ ਗਿਆ।

ਜਦ ਗੁਰੂ ਨਾਨਕ ਦੇਵ ਜੀ ਨੇ ਉਦਾਸੀਆਂ ਸੰਪੂਰਨ ਕਰ ਲਈਆਂ ਤਾਂ ਬਾਬਾ ਬੁੱਢਾ ਜੀ, ਗੁਰੂ ਨਾਨਕ ਦੇਵ ਜੀ ਕੋਲ ਆਏ ਤੇ ਗੁਰੂ ਘਰ ਦੀ ਸੇਵਾ ਵਿਚ ਜੁਟ ਗਏ। ਉਹ ਦਿਨ ਵੇਲੇ ਸੰਗਤ ਦੀ ਸੇਵਾ ਕਰਦੇ ਅਤੇ ਖੇਤਾਂ 'ਚ ਵਾਹੀ ਦਾ ਕੰਮ ਕਰਦੇ ਸਨ ਅਤੇ ਨਾਲ ਗੁਰੂ ਦਾ ਨਾਮ ਜਪਦੇ। 1523 ਵਿਚ ਉਨ੍ਹਾਂ ਦਾ ਵਿਆਹ ਪਿੰਡ ਬਟਾਲਾ ਵਿਖੇ ਸਮਾਰੋਹ ਗੌਰ ਦੀ ਸਪੁੱਤਰੀ ਬੀਬੀ ਮਿਰੋਅ ਨਾਲ ਹੋਇਆ। ਉਨ੍ਹਾਂ ਦੇ ਚਾਰ ਪੁੱਤਰ ਭਾਈ ਸੁਧਾਰੀ ਜੀ, ਭਾਈ ਬਿਖਾਰੀ ਜੀ, ਭਾਈ ਮਹਿਮੂ ਜੀ, ਭਾਈ ਭਾਨਾ ਜੀ ਹੋਏ। 1539 ਈਸਵੀ ਵਿਚ ਗੁਰੂ ਨਾਨਕ ਦੇਵ ਜੀ ਦੇ ਜੋਤੀ ਜੋਤ ਸਮਾਉਣ ਸਮੇਂ ਬਾਬਾ ਬੁੱਢਾ ਜੀ ਨੇ ਭਾਈ ਲਹਿਣਾ ਜੀ ਨੂੰ ਤਿਲਕ ਲਗਾਇਆ ਤੇ ਫਿਰ ਭਾਈ ਲਹਿਣਾ ਜੀ ਗੁਰੂ ਅੰਗਦ ਦੇਵ ਜੀ ਬਣ ਗਏ। ਗੁਰੂ ਅੰਗਦ ਦੇਵ ਜੀ ਖਡੂਰ ਸਾਹਿਬ ਚਲੇ ਗਏ ਤੇ ਬਾਬਾ ਬੁੱਢਾ ਜੀ ਵੀ ਉੱਥੇ ਚਲੇ ਗਏ ਤੇ ਲੰਗਰ ਦੀ ਸੇਵਾ 'ਚ ਜੁਟ ਗਏ। 1552 ਵਿਚ ਗੁਰੂ ਅਮਰਦਾਸ ਜੀ ਨੂੰ ਗੁਰਗੱਦੀ ਸਮੇਂ ਤਿਲਕ ਲਗਾਇਆ। ਗੁਰੂ ਜੀ ਖਡੂਰ ਸਾਹਿਬ ਤੋਂ ਗੋਇੰਦਵਾਲ ਸਾਹਿਬ ਚਲੇ ਗਏ। ਗੁਰੂ ਅੰਗਦ ਦੇਵ ਜੀ ਦੇ ਪੁੱਤਰ ਦਾਤੂ ਨੇ ਗੁਰਗੱਦੀ 'ਤੇ ਆਪਣਾ ਹੱਕ ਜਿਤਾਇਆ ਅਤੇ ਉਸ ਸਮੇਂ ਗੁਰੂ ਅਮਰਦਾਸ ਜੀ ਗੋਇੰਦਵਾਲ ਸਾਹਿਬ ਛੱਡ ਕੇ ਆਪਣੇ ਪਿੰਡ ਬਾਸਰਕੇ ਚਲੇ ਗਏ ਤੇ ਘਰ ਵਿਚ ਦਰਵਾਜਾ ਬੰਦ ਕਰ ਕੇ ਭਗਤੀ ਕਰਨ ਲੱਗੇ। ਉਸ ਸਮੇਂ ਗੁਰੂ ਜੀ ਨੇ ਹੁਕਮ ਕੀਤਾ ਕਿ ਕੋਈ ਵੀ ਦਰਵਾਜਾ ਨਾ ਖੋਲੇ, ਨਾ ਹੀ ਕੋਸ਼ਿਸ਼ ਕਰੇ, ਜੇ ਕੋਈ ਇਸ ਤਰ੍ਹਾਂ ਕਰੇਗਾ ਤਾਂ ਉਹ ਗੁਰੂ ਘਰ ਦਾ ਵਿਰੋਧੀ ਹੋਵੇਗਾ। ਉਸ ਸਮੇਂ ਬਾਬਾ ਬੁੱਢਾ ਜੀ ਨੇ ਸਿਆਣਪ ਵਰਤਦੇ ਹੋਏ ਘਰ ਦੇ ਸਾਹਮਣੇ ਦਾ ਦਰਵਾਜਾ ਖੋਲਣ ਦੀ ਬਜਾਏ ਘਰ ਦੇ ਪਿਛਲੇ ਪਾਸੇ ਵਾਲੀ ਕੰਧ 'ਚ ਸੰਨ੍ਹ ਲਾ ਕੇ ਘਰ ਅੰਦਰ ਵੜ੍ਹ ਗਏ ਤੇ ਗੁਰੂ ਜੀ ਦੇ ਦਰਸ਼ਨ ਕੀਤੇ ਅਤੇ ਗੁਰੂ ਸਾਹਿਬ ਨਾਲ ਵਿਚਾਰਾਂ ਕਰ ਕੇ ਉਹ ਗੁਰੂ ਸਾਹਿਬ ਨਾਲ ਹੀ ਗੋਇੰਦਵਾਲ ਸਾਹਿਬ ਆ ਗਏ।

ਜਸਪਾਲ ਸਿੰਘ ਲੋਹਾਮ

ਸਮਾਜ ਵਿਚ ਛੂਤਛਾਤ, ਉਚ-ਨੀਚ ਨੂੰ ਖਤਮ ਕਰਨ ਅਤੇ ਇਸ ਦੇ ਸਦੀਵੀ ਹੱਲ ਲਈ ਜਦ ਗੁਰੂ ਸਾਹਿਬ ਨੇ ਬਾਉਲੀ ਬਣਵਾਉਣੀ ਚਾਹੀ ਤਾਂ ਬਾਉਲੀ ਦਾ ਪਹਿਲਾ ਟੱਕ ਸੰਨ 1552 ਵਿਚ ਗੁਰੂ ਸਾਹਿਬ ਨੇ ਬਾਬਾ ਬੁੱਢਾ ਜੀ ਪਾਸੋਂ ਲਗਵਾਇਆ। ਗੁਰੂ ਅਮਰਦਾਸ ਜੀ ਨੇ ਸਿੱਖ ਧਰਮ ਦੇ ਪ੍ਰਚਾਰ-ਪਸਾਰ ਲਈ 22 ਮੰਜੀਆਂ ਦੀ ਸਥਾਪਨਾ ਕੀਤੀ, ਜਿਸ ਦੇ ਮੁੱਖ ਪ੍ਰਬੰਧਕ ਬਾਬਾ ਬੁੱਢਾ ਜੀ ਥਾਪੇ ਗਏ। ਗੁਰੂ ਜੀ ਜਦ ਸੱਚਖੰਡ ਜਾਣ ਵਾਲੇ ਸਨ ਤਾਂ ਬਾਬਾ ਬੁੱਢਾ ਜੀ ਨੇ ਗੁਰੂ ਘਰ ਦੇ ਨਿਸ਼ਕਾਮ ਸੇਵਕ ਗੁਰੂ ਰਾਮਦਾਸ ਜੀ ਨੂੰ ਗੁਰਗੱਦੀ 'ਤੇ ਤਿਲਕ ਲਾ ਕੇ ਬਿਰਾਜਮਾਨ ਕੀਤਾ। ਗੁਰੂ ਰਾਮਦਾਸ ਜੀ ਨੇ ਅੰਮ੍ਰਿਤਸਰ ਨਗਰ ਦੀ ਸਥਾਪਨਾ ਕੀਤੀ ਤੇ ਸਰੋਵਰ ਦੀ ਖੁਦਾਈ ਦਾ ਕੰਮ ਬਾਬਾ ਬੁੱਢਾ ਜੀ ਦੇ ਕਰ ਕਮਲਾਂ ਦੁਆਰਾ ਕਰਵਾਇਆ। ਬਾਬਾ ਬੁੱਢਾ ਜੀ ਬੇਰੀ ਹੇਠਾਂ ਬੈਠ ਕੇ ਸਮੁੱਚੇ ਕੰਮ ਦੀ ਦੇਖ-ਰੇਖ ਕਰਦੇ। ਹੁਣ ਇਹ ਬੇਰੀ, 'ਬੇਰੀ ਬਾਬਾ ਬੁੱਢਾ ਜੀ' ਦੇ ਨਾਂ ਨਾਲ ਜਾਣੀ ਜਾਂਦੀ ਹੈ।

ਸੰਨ 1581 ਵਿਚ ਵਿਚ ਗੁਰੂ ਅਰਜਨ ਦੇਵ ਜੀ ਨੇ ਹਰਿਮੰਦਰ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪ੍ਰਕਾਸ਼ ਕਰਨ ਵੇਲੇ ਬਾਬਾ ਬੁੱਢਾ ਜੀ ਨੂੰ ਪਹਿਲਾ ਗ੍ਰੰਥੀ ਨਿਯੁਕਤ ਕੀਤਾ। ਉਸ ਸਮੇਂ ਬਾਬਾ ਬੁੱਢਾ ਜੀ ਨੇ ਸਭ ਤੋਂ ਪਹਿਲਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪ੍ਰਕਾਸ਼ ਕੀਤਾ ਤੇ ਸੰਗਤਾਂ ਨੂੰ ਗੁਰਬਾਣੀ ਸਰਵਣ ਕਰਵਾਈ। ਮਾਤਾ ਗੰਗਾ ਜੀ ਬਾਬਾ ਬੁੱਢਾ ਜੀ ਕੋਲ ਮਿੱਸੇ ਪ੍ਰਸ਼ਾਦੇ ਲੈ ਕੇ ਗਏ ਤੇ ਉਨ੍ਹਾਂ ਤੋਂ ਪੁੱਤਰ ਦੀ ਦਾਤ ਮੰਗੀ। ਉਸ ਸਮੇਂ ਬਾਬਾ ਬੁੱਢਾ ਜੀ ਨੇ ਕਿਹਾ ਕਿ ਤੁਹਾਡੇ ਘਰ ਮਹਾਂਬਲੀ ਯੋਧਾ ਪੈਦਾ ਹੋਵੇਗਾ, ਜਿਹੜਾ ਜਾਲਮਾਂ ਦਾ ਖ਼ਾਤਮਾ ਕਰੇਗਾ। ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਤੋਂ ਬਾਅਦ ਛੇਵੇਂ ਗੁਰੂ ਹਰਿਗੋਬਿੰਦ ਸਾਹਿਬ ਨੂੰ ਰਾਜ ਤਿਲਕ ਲਗਾਇਆ।

ਗੁਰੂ ਹਰਗੋਬਿੰਦ ਸਾਹਿਬ ਨੇ 1609 ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਥਾਪਨਾ ਲਈ ਨੀਂਹ ਬਾਬਾ ਬੁੱਢਾ ਜੀ ਪਾਸੋਂ ਰਖਵਾਈ ਤੇ ਬਾਬਾ ਬੁੱਢਾ ਜੀ ਨੂੰ ਸਮੁੱਚੀ ਜ਼ਿੰਮੇਵਾਰੀ ਸੌਪੀ। ਬਾਬਾ ਬੁੱਢਾ ਜੀ ਨੇ ਗੁਰੂ ਸਾਹਿਬ ਨੂੰ ਮੀਰੀ-ਪੀਰੀ ਦੀਆਂ ਦੋ ਕਿਰਪਾਨਾਂ ਪਹਿਨਾਈਆਂ ਤੇ 65 ਤਰ੍ਹਾਂ ਦੀ ਵਿੰਦਿਆ ਦਿੱਤੀ। ਗਵਾਲੀਅਰ ਦੇ ਕਿਲ੍ਹੇ ਵਿਚ ਗੁਰੂ ਹਰਗੋਬਿੰਦ ਸਾਹਿਬ ਨੂੰ ਜਹਾਂਗੀਰ ਨੇ ਕੈਦ ਕਰਵਾ ਦਿੱਤਾ। ਜਦੋਂ ਬਾਬਾ ਬੁੱਢਾ ਜੀ ਗਵਾਲੀਅਰ ਗਏ ਅਤੇ ਉੱਥੇ ਗੁਰੂ ਜੀ ਦੇ ਦਰਸ਼ਨ ਨਾ ਕਰ ਸਕੇ। ਗੁਰੂ ਹਰਗੋਬਿੰਦ ਸਾਹਿਬ ਕਿਲ੍ਹੇ ਵਿੱਚੋਂ ਰਿਹਾਅ ਹੋਏ ਤਾਂ ਬਾਬਾ ਬੁੱਢਾ ਜੀ ਨੇ ਸਾਰੇ ਸ਼ਹਿਰ ਵਿਚ ਦੀਪਮਾਲਾ ਕਰਵਾਈ। ਜਦੋਂ ਬਾਬਾ ਬੁੱਢਾ ਜੀ ਬਿਰਧ ਅਵਸਥਾ ਵਿਚ ਆਏ ਤਾਂ ਉਹ ਗੁਰੂ ਸਾਹਿਬ ਤੋਂ ਆਗਿਆ ਲੈ ਕੇ ਆਪਣੇ ਪਿੰਡ ਰਮਦਾਸ ਆ ਗਏ। 16 ਨਵੰਬਰ 1631 ਈਸਵੀ ਨੂੰ ਬਾਬਾ ਬੁੱਢਾ ਜੀ 125 ਸਾਲ ਦੀ ਉਮਰ ਬਤੀਤ ਕਰਨ ਉਪਰੰਤ ਅਕਾਲ ਚਲਾਣਾ ਕਰ ਗਏ। ਗੁਰੂ ਹਰਗੋਬਿੰਦ ਸਾਹਿਬ ਨੇ ਆਪਣੇ ਹੱਥਾਂ ਨਾਲ ਬਾਬਾ ਬੁੱਢਾ ਜੀ ਦਾ ਅੰਤਮ ਸੰਸਕਾਰ ਕੀਤਾ। ●

ਸੁਲਤਾਨ-ਉਲ-ਕੌਮ ਜੱਸਾ ਸਿੰਘ ਆਹਲੂਵਾਲੀਆ

20 ਅਕਤੂਬਰ ਬਰਸੀ 'ਤੇ

ਧਰਮਿੰਦਰ ਸਿੰਘ ਚੱਬਾ

ਸਰਦਾਰ ਜੱਸਾ ਸਿੰਘ ਆਹਲੂਵਾਲੀਆ ਦਾ ਜਨਮ 3 ਮਈ 1718 ਈਸਵੀ ਨੂੰ ਪਿਤਾ ਸ. ਬਦਰ ਸਿੰਘ ਤੇ ਮਾਤਾ ਜੀਵਨ ਕੌਰ ਜੀ ਦੇ ਘਰ ਪਿੰਡ ਆਹਲੂ ਜ਼ਿਲ੍ਹਾ ਲਾਹੌਰ (ਪਾਕਿਸਤਾਨ) ਵਿਖੇ ਹੋਇਆ। ਆਪ ਪੰਜ ਸਾਲ ਦੇ ਸਨ ਕਿ ਆਪ ਦੇ ਪਿਤਾ ਰੱਬ ਨੂੰ ਪਿਆਰੇ ਹੋ ਗਏ। ਆਪ ਦੀ ਮਾਤਾ ਨੇ ਆਪਣੇ ਭਰਾ ਸ. ਭਾਗ ਸਿੰਘ ਦੀ ਸਹਾਇਤਾ ਨਾਲ ਆਪ ਨੂੰ ਦਿੱਲੀ ਮਾਤਾ ਸੁੰਦਰੀ ਜੀ ਕੋਲ ਭੇਜ ਦਿੱਤਾ। ਗੁਰੂ ਗੋਬਿੰਦ ਸਿੰਘ ਜੀ ਦੇ ਮਹਿਲ ਮਾਤਾ ਸੁੰਦਰੀ ਜੀ ਕੋਲ ਰਹਿ ਕੇ ਆਪ ਸੇਵਾ-ਸਿਮਰਨ ਦਾ ਅਭਿਆਸ ਕਰਦੇ। ਮਾਤਾ ਸੁੰਦਰੀ ਜੀ ਆਪ ਦੀ ਨੇਕ ਨੀਤੀ ਤੋਂ ਖ਼ੁਸ਼ ਹੋ ਕੇ ਆਪ ਨੂੰ ਪੁੱਤਰਾਂ ਵਾਂਗ ਪਿਆਰ ਕਰਦੇ ਸਨ। ਦਿੱਲੀ ਵਿਖੇ ਰਹਿੰਦਿਆਂ ਆਪ ਨੇ ਕਈ ਭਾਸ਼ਾਵਾਂ ਸਿੱਖੀਆਂ। ਸ਼ਸਤਰ ਵਿੱਦਿਆ ਵੀ ਮਾਤਾ ਸੁੰਦਰੀ ਜੀ ਦੀ ਦੇਖ-ਰੇਖ ਵਿਚ ਪ੍ਰਾਪਤ ਕੀਤੀ। ਜਦੋਂ ਆਪ ਮਾਤਾ ਸੁੰਦਰੀ ਜੀ ਕੋਲੋਂ ਵਿਦਾ ਹੋਣ ਲੱਗੇ ਤਾਂ ਮਾਤਾ ਜੀ ਨੇ ਆਪ ਨੂੰ ਢਾਲ, ਕਿਰਪਾਨ, ਗੁਰਜ, ਤੀਰ-ਕਮਾਨ ਤੇ ਚਾਂਦੀ ਦੀ ਇਕ ਚੋਬ ਦੇ ਕੇ ਨਵਾਜਿਆ।

ਪੰਜਾਬ ਆਉਦਿਆਂ ਹੀ ਆਪ ਨਵਾਬ ਕਪੂਰ ਸਿੰਘ ਦੇ ਜਥੇ 'ਚ ਸ਼ਾਮਿਲ ਹੋ ਗਏ ਤੇ ਜਲਦੀ ਹੀ ਨਵਾਬ ਕਪੂਰ ਸਿੰਘ ਦੇ ਦਿਲ 'ਚ ਖ਼ਾਸ ਥਾਂ ਬਣਾ ਲਈ। 1748 ਈਸਵੀ ਨੂੰ ਨਵਾਬ ਕਪੂਰ ਸਿੰਘ ਤੇ ਜੱਸਾ ਸਿੰਘ ਆਹਲੂਵਾਲੀਆ ਨੇ ਮੁਗ਼ਲ ਸਲਾਬਤ ਖ਼ਾਨ ਨੂੰ ਹਰਾਇਆ ਤੇ ਵਿਸਾਖੀ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ 65 ਜਥਿਆਂ ਨੂੰ 11 ਮਿਸਲਾਂ (12ਵੀਂ ਮਿਸਲ ਫੂਲ

ਅਗਲੇ 10 ਸਾਲਾਂ ’ਚ ਦੁਨੀਆ ’ਚ ਹੋਣਗੇ 80 ਕਰੋੜ ਬੇਰੁਜ਼ਗਾਰ; ਅਜੇ ਬੰਗਾ ਨੇ ਜਾਰੀ ਕੀਤੀ ਇਹ

ਕੌਮੀ ਪਤ੍ਰਿਕਾ

ਬਿਜ਼ਨੈੱਸ ਡੈਸਕ 28 ਅਕਤੂਬਰ। ਵਿਸ਼ਵ ਬੈਂਕ ਦੇ President ਅਜੈ ਬੰਗਾ ਨੇ ਭਵਿੱਖ ਵਿੱਚ ਰੁਜ਼ਗਾਰ ਸੰਕਟ ਬਾਰੇ ਇੱਕ ਹੈਰਾਨ ਕਰਨ ਵਾਲੀ ਚਿਤਾਵਨੀ ਜਾਰੀ ਕੀਤੀ ਹੈ। ਬੰਗਾ ਦਾ ਅਨੁਮਾਨ ਹੈ ਕਿ ਅਗਲੇ 10-15 ਸਾਲਾਂ ਵਿੱਚ, ਦੁਨੀਆ ਭਰ ਵਿੱਚ ਲਗਭਗ 120 ਕਰੋੜ ਹੁਨਰਮੰਦ ਨੌਜਵਾਨ ਨੌਕਰੀ ਬਾਜ਼ਾਰ ਵਿੱਚ ਦਾਖਲ ਹੋਣਗੇ, ਪਰ ਸਿਰਫ 40 ਕਰੋੜ ਲੋਕਾਂ ਨੂੰ ਹੀ ਰੁਜ਼ਗਾਰ ਮਿਲੇਗਾ। ਬੈਂਕਾਕ ਵਿੱਚ ਅੰਤਰਰਾਸ਼ਟਰੀ ਮੁਦਰਾ ਫੰਡ ਅਤੇ ਵਿਸ਼ਵ ਬੈਂਕ ਸਮੂਹ ਦੀਆਂ ਸਾਲਾਨਾ ਮੀਟਿੰਗਾਂ ਦੇ ਸੈਸ਼ਨ ਨੂੰ ਸੰਬੋਧਨ ਕਰਦੇ ਹੋਏ, ਬੰਗਾ ਨੇ ਕਿਹਾ ਕਿ ਆਉਣ ਵਾਲੇ ਸਾਲਾਂ ਵਿੱਚ ਲਗਭਗ 80 ਕਰੋੜ ਨੌਜਵਾਨ ਬੇਰੁਜ਼ਗਾਰੀ ਦੇ ਵੱਡੇ ਸੰਕਟ ਦਾ ਸਾਹਮਣਾ ਕਰ ਸਕਦੇ ਹਨ। ਵਿਸ਼ਵ ਬੈਂਕ ਦੇ ਪ੍ਰਧਾਨ ਨੇ ਚੇਤਾਵਨੀ ਦਿੱਤੀ ਕਿ ਵਿਕਾਸਸ਼ੀਲ ਦੇਸ਼ ਇਸ ਸਮੇਂ ਦੋਹਰੇ ਝਟਕੇ ਦਾ ਸਾਹਮਣਾ ਕਰ ਰਹੇ ਹਨ। ਇੱਕ ਪਾਸੇ, ਉਨ੍ਹਾਂ ਦੇ ਵਿਦੇਸ਼ੀ ਕਰਜ਼ੇ ਦਾ ਬੋਝ ਲਗਾਤਾਰ ਵਧ ਰਿਹਾ ਹੈ, ਜਦੋਂ ਕਿ ਦੂਜੇ ਪਾਸੇ, ਵਿਕਾਸ ਕਾਰਜਾਂ ਲਈ ਅੰਤਰਰਾਸ਼ਟਰੀ ਸਹਾਇਤਾ ਵਿੱਚ ਭਾਰੀ ਕਮੀ ਆਈ ਹੈ। ਇਸ ਤੋਂ ਇਲਾਵਾ, ਦੁਨੀਆ ਭਰ ਵਿੱਚ ਚੱਲ ਰਹੀਆਂ ਜੰਗਾਂ ਅਤੇ ਤਣਾਅ ਵਿਸ਼ਵ ਵਿਕਾਸ ਨੂੰ ਪ੍ਰਭਾਵਤ ਕਰ ਰਹੇ ਹਨ। ਸਰਕਾਰਾਂ ਨੂੰ ਵਿਕਾਸ ਪ੍ਰੋਜੈਕਟਾਂ ਅਤੇ ਨੌਕਰੀਆਂ ਦੀ ਸਿਰਜਣਾ ਲਈ ਬਜਟ ਦੀ ਭਾਰੀ ਘਾਟ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਬੰਗਾ ਨੇ ਵਿਸ਼ਵ ਨੇਤਾਵਾਂ ਅਤੇ ਨੀਤੀ ਨਿਰਮਾਤਾਵਾਂ ਨੂੰ ਭਵਿੱਖ ਨੂੰ ਧਿਆਨ ਵਿੱਚ ਰੱਖਦੇ ਹੋਏ ਆਪਣੀਆਂ ਆਰਥਿਕ ਨੀਤੀਆਂ ਵਿੱਚ ਤੁਰੰਤ ਸੁਧਾਰ ਕਰਨ ਦੀ ਅਪੀਲ ਕੀਤੀ। ਭਾਰਤੀ ਉਪ ਮਹਾਂਦੀਪ (ਭਾਰਤ, ਬੰਗਲਾਦੇਸ਼, ਪਾਕਿਸਤਾਨ ਅਤੇ ਨੇਪਾਲ) ਦੁਨੀਆ ਦੇ ਸਭ ਤੋਂ ਨੌਜਵਾਨ ਖੇਤਰਾਂ ਵਿੱਚੋਂ ਇੱਕ ਹੈ, ਹਰ ਸਾਲ ਇਕੱਲੇ ਭਾਰਤ ਵਿੱਚ ਲਗਭਗ 1.2 ਕਰੋੜ ਨੌਜਵਾਨ ਕਿਰਤ ਬਾਜ਼ਾਰ ਵਿੱਚ ਦਾਖਲ ਹੁੰਦੇ ਹਨ। ਨੀਤੀ ਲਾਗੂ ਕਰਨ 'ਤੇ ਨਿਰਭਰ ਕਰਦਿਆਂ, ਇਸਦਾ ਨੌਜਵਾਨਾਂ 'ਤੇ ਦੋਹਰਾ ਪ੍ਰਭਾਵ ਪੈ ਸਕਦਾ ਹੈ। ਜੇਕਰ ਨਿੱਜੀ ਖੇਤਰ ਅਤੇ ਬੁਨਿਆਦੀ ਢਾਂਚੇ ਵਿੱਚ ਨਿਵੇਸ਼ ਵਧਦਾ ਹੈ, ਜਿਵੇਂ ਕਿ ਵਿਸ਼ਵ ਬੈਂਕ ਦੇ ਮਾਡਲ ਵਿੱਚ ਦੱਸਿਆ ਗਿਆ ਹੈ, ਤਾਂ ਇਹ ਵੱਡੀ ਗਿਣਤੀ ਵਿੱਚ ਗੁਣਵੱਤਾ ਵਾਲੀਆਂ ਨੌਕਰੀਆਂ ਪੈਦਾ ਕਰੇਗਾ। ਇਹ ਨੌਜਵਾਨਾਂ ਨੂੰ ਵਿੱਤੀ ਸੁਤੰਤਰਤਾ ਅਤੇ ਬਿਹਤਰ ਜੀਵਨ ਪੱਧਰ ਪ੍ਰਦਾਨ ਕਰੇਗਾ। ਜਦੋਂ ਕਿ ਵਿਕਸਤ ਦੇਸ਼ਾਂ ਦੀ ਆਬਾਦੀ ਬੁੱਢੀ ਹੋ ਰਹੀ ਹੈ, ਜੇਕਰ ਭਾਰਤੀ ਉਪ

ਮਹਾਂਦੀਪ ਦੇ ਨੌਜਵਾਨ ਆਪਣੇ ਹੁਨਰ ਨੂੰ ਅਪਗ੍ਰੇਡ ਕਰਦੇ ਹਨ, ਤਾਂ ਉਹ ਵਿਸ਼ਵ ਨੌਕਰੀ ਬਾਜ਼ਾਰ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਦੇ ਯੋਗ ਹੋਣਗੇ। ਵਿਸ਼ਵ ਬੈਂਕ ਦੇ ਪ੍ਰੋਗਰਾਮ (ਜਿਵੇਂ ਕਿ ਭਾਰਤ ਵਿੱਚ ਆਈ.ਟੀ.ਆਈ. ਦਾ ਆਧੁਨਿਕੀਕਰਨ) ਘੱਟੋ-ਘੱਟ 25% ਤੋਂ 30% ਮਹਿਲਾ ਭਾਗੀਦਾਰੀ ਨੂੰ ਯਕੀਨੀ ਬਣਾ ਰਹੇ ਹਨ, ਜੋ ਨੌਜਵਾਨ ਔਰਤਾਂ ਨੂੰ ਉੱਚ-ਤਨਖਾਹ ਵਾਲੀਆਂ ਨੌਕਰੀਆਂ ਵਿੱਚ ਦਾਖਲ ਹੋਣ ਦੇ ਮੌਕੇ ਪ੍ਰਦਾਨ ਕਰੇਗਾ। ਇਸ ਸੰਕਟ ਨੂੰ ਹੱਲ ਕਰਨ ਲਈ, ਵਿਸ਼ਵ ਬੈਂਕ ਦੇ ਪ੍ਰਧਾਨ ਨੇ ਇੱਕ ਨਵਾਂ ਵਿਕਾਸ ਮਾਡਲ ਪ੍ਰਸਤਾਵਿਤ ਕੀਤਾ ਹੈ ਜੋ ਜਨਤਕ ਵਿੱਤ, ਨਿੱਜੀ ਨਿਵੇਸ਼, ਤਕਨਾਲੋਜੀ ਅਤੇ ਪਰਉਪਕਾਰ ਨੂੰ ਏਕੀਕ੍ਰਿਤ ਕਰਦਾ ਹੈ। ਵਿਸ਼ਵ ਬੈਂਕ ਅਨੁਸਾਰ, 90% ਨੌਕਰੀਆਂ ਨਿੱਜੀ ਖੇਤਰ ਤੋਂ ਆਉਂਦੀਆਂ ਹਨ। ਇਸ ਲਈ, ਸਰਕਾਰਾਂ ਨੂੰ ਕਾਰੋਬਾਰ-ਅਨੁਕੂਲ ਰੈਗੂਲੇਟਰੀ ਸੁਧਾਰਾਂ ਨੂੰ ਲਾਗੂ ਕਰਨਾ ਚਾਹੀਦਾ ਹੈ ਅਤੇ ਸੂਖਮ, ਛੋਟੇ ਅਤੇ ਦਰਮਿਆਨੇ ਆਕਾਰ ਦੇ ਉੱਦਮਾਂ ਨੂੰ ਕਰਜ਼ੇ ਤੱਕ ਆਸਾਨ ਪਹੁੰਚ ਪ੍ਰਦਾਨ ਕਰਨੀ ਚਾਹੀਦੀ ਹੈ ਤਾਂ ਜੋ ਉਹ ਵੱਡੇ ਪੱਧਰ 'ਤੇ ਰੁਜ਼ਗਾਰ ਪੈਦਾ ਕਰ ਸਕਣ। ਵਿਸ਼ਵ ਬੈਂਕ ਨੇ ਪੰਜ ਮੁੱਖ ਖੇਤਰਾਂ ਦੀ ਪਛਾਣ ਕੀਤੀ ਹੈ ਜੋ ਸਭ ਤੋਂ ਵੱਧ ਨੌਕਰੀਆਂ ਪੈਦਾ ਕਰ ਸਕਦੇ ਹਨ: ਬੁਨਿਆਦੀ ਢਾਂਚਾ, ਮੁੱਲ-ਵਰਧਿਤ ਨਿਰਮਾਣ, ਤਕਨਾਲੋਜੀ-ਆਧਾਰਿਤ ਖੇਤੀਬਾੜੀ, ਸਿਹਤ ਸੰਭਾਲ ਅਤੇ ਸੈਰ-ਸਪਾਟਾ। ਵਿਸ਼ਵ ਬੈਂਕ ਨੇ ਨੌਜਵਾਨਾਂ ਨੂੰ ਰਵਾਇਤੀ ਸਿੱਖਿਆ ਦੀ ਬਜਾਏ ਡਿਜੀਟਲ ਤਕਨਾਲੋਜੀ, ਏਆਈ ਅਤੇ ਉਦਯੋਗਾਂ ਦੀਆਂ ਬਦਲਦੀਆਂ ਮੰਗਾਂ ਵਿੱਚ ਸਿਖਲਾਈ ਦੇਣ 'ਤੇ ਜ਼ੋਰ ਦਿੱਤਾ ਹੈ। ਇਸ ਤੋਂ ਇਲਾਵਾ, ਦੱਖਣੀ ਏਸ਼ੀਆ ਦੇ ਕਾਰਜਬਲ ਨੂੰ ਵਾਤਾਵਰਣ ਅਨੁਕੂਲ ਜਾਂ ਗ੍ਰੀਨ ਨੌਕਰੀਆਂ ਲਈ ਮੌਜੂਦਾ ਹੁਨਰਾਂ ਨੂੰ ਥੋੜ੍ਹਾ ਅਪਗ੍ਰੇਡ ਕਰਨ ਜਾਂ ਅਨੁਕੂਲ ਬਣਾਉਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ ਗਿਆ ਹੈ। ਰੁਜ਼ਗਾਰ ਦੀ ਘਾਟ ਕਾਰਨ ਦੱਖਣੀ ਏਸ਼ੀਆ ਵਿੱਚ ਪਹਿਲਾਂ ਹੀ ਨੌਜਵਾਨਾਂ ਵਿੱਚ ਅਸੰਤੁਸ਼ਟੀ ਦੇਖੀ ਜਾ ਚੁੱਕੀ ਹੈ। 80 ਕਰੋੜ ਲੋਕਾਂ ਦੇ ਇਸ ਵਿਸ਼ਵਵਿਆਪੀ ਰੁਜ਼ਗਾਰ ਪਾੜੇ ਨੂੰ ਪੂਰਾ ਕਰਨ ਵਿੱਚ ਅਸਫਲ ਰਹਿਣ ਨਾਲ ਉਪ-ਮਹਾਂਦੀਪ ਵਿੱਚ ਸਮਾਜਿਕ ਅਸਥਿਰਤਾ ਅਤੇ ਵਿਰੋਧ ਪ੍ਰਦਰਸ਼ਨ ਵਧ ਸਕਦੇ ਹਨ। ਸਥਾਨਕ ਤੌਰ 'ਤੇ ਸਨਮਾਨਜਨਕ ਨੌਕਰੀਆਂ ਦੀ ਘਾਟ ਨੌਜਵਾਨਾਂ 'ਤੇ ਵਿਦੇਸ਼ਾਂ ਵਿੱਚ ਪ੍ਰਵਾਸ ਕਰਨ ਲਈ ਦਬਾਅ ਨੂੰ ਕਾਫ਼ੀ ਵਧਾ ਦੇਵੇਗੀ (ਗੈਰ-ਕਾਨੂੰਨੀ ਪ੍ਰਵਾਸ ਸਮੇਤ)। ਇਸ ਤੋਂ ਇਲਾਵਾ, ਡਿਗਰੀਆਂ ਹੋਣ ਦੇ ਬਾਵਜੂਦ, ਸਹੀ ਹੁਨਰਾਂ ਦੀ ਘਾਟ ਨੌਜਵਾਨਾਂ ਨੂੰ ਬੇਰੁਜ਼ਗਾਰ ਜਾਂ ਘੱਟ ਰੁਜ਼ਗਾਰ (ਆਪਣੀ ਯੋਗਤਾ ਤੋਂ ਹੇਠਾਂ ਕੰਮ ਕਰਨ) ਲਈ ਮਜਬੂਰ ਕਰ ਦੇਵੇਗੀ, ਜਿਸ ਨਾਲ ਗਰੀਬੀ ਦਾ ਇੱਕ ਦੁਸ਼ਟ ਚੱਕਰ ਚੱਲੇਗਾ।

ਮਹਿੰਗੇ ਸੋਨੇ ਨੇ ਬਦਲਿਆ ਖ਼ਰੀਦਦਾਰੀ ਦਾ ਰੂਪ, ਹਲਕੇ ਗਹਿਣਿਆਂ ਦੀ ਵਧੀ ਮੰਗ

ਨਵੀਂ ਦਿੱਲੀ 28 ਅਕਤੂਬਰ। ਵਧਦੀ ਮਹਿੰਗਾਈ ਅਤੇ ਸੋਨੇ ਦੀਆਂ ਉੱਚੀਆਂ ਕੀਮਤਾਂ ਨੇ ਤਿਉਹਾਰਾਂ ਅਤੇ ਵਿਆਹਾਂ ਦੀ ਖ਼ਰੀਦਦਾਰੀ ਦਾ ਰੂਪ ਬਦਲ ਦਿੱਤਾ ਹੈ। ਗਾਹਕ ਹੁਣ ਭਾਰੀ ਗਹਿਣਿਆਂ ਦੇ ਬਜਾਏ ਹਲਕੇ ਵਜ਼ਨ ਦੇ ਗਹਿਣੇ ਖ਼ਰੀਦ ਰਹੇ ਹਨ। ਕੱਪੜਿਆਂ ਦੀ ਖ਼ਰੀਦਦਾਰੀ 'ਚ ਵੀ ਮਹਿੰਗੇ ਬਦਲਾਂ ਤੋਂ ਦੂਰੀ ਬਣਾ ਕੇ ਸਸਤੇ ਉਤਪਾਦਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ। ਦਿੱਲੀ ਦੇ ਸਰਾਫ਼ਾ ਅਤੇ ਕੱਪੜਾ ਬਾਜ਼ਾਰਾਂ 'ਚ ਗਾਹਕਾਂ ਦੀ ਬਦਲੀ ਪਸੰਦ ਦਾ ਅਸਰ ਸਾਫ਼ ਵਿਖਾਈ ਦੇਣ ਲੱਗਾ ਹੈ। ਇਕ ਰਿਪੋਰਟ 'ਚ ਦਰੀਬਾ ਦੇ ਸਰਾਫ਼ਾ ਕਾਰੋਬਾਰੀ ਮਨੀਸ਼ ਵਰਮਾ ਦੇ ਹਵਾਲੇ ਨਾਲ ਕਿਹਾ ਗਿਆ ਹੈ ਕਿ ਪਹਿਲਾਂ ਇਕ ਬਿੱਲ 'ਤੇ ਔਸਤਨ 5 ਤੋਂ 10 ਗ੍ਰਾਮ ਸੋਨੇ ਦੇ ਗਹਿਣੇ ਵਿਕਦੇ ਸਨ, ਪਰ ਹੁਣ ਗਾਹਕ 2 ਤੋਂ 5 ਗ੍ਰਾਮ ਦੇ ਗਹਿਣੇ ਖ਼ਰੀਦ ਰਹੇ ਹਨ। ਸੋਨੇ ਦੇ ਵਜ਼ਨ ਦੀ

ਵਿਕਰੀ 'ਚ ਲੱਗਭਗ 30 ਤੋਂ 40 ਫ਼ੀਸਦੀ ਤੱਕ ਦਾ ਫਰਕ ਆਇਆ ਹੈ। ਹਲਕੀ ਚੇਨ, ਛੋਟੀਆਂ ਅੰਗੂਠੀਆਂ ਅਤੇ ਘੱਟ ਵਜ਼ਨ ਦੇ ਝੁਮਕੇ ਜ਼ਿਆਦਾ ਪਸੰਦ ਕੀਤੇ ਜਾ ਰਹੇ ਹਨ। ਕੀਮਤਾਂ ਵਧਣ ਨਾਲ ਬਿੱਲ ਦੀ ਰਕਮ 'ਚ ਬਹੁਤਾ ਫਰਕ ਨਹੀਂ ਆਇਆ, ਪਰ ਗਾਹਕਾਂ ਨੂੰ ਵਜ਼ਨ ਅਤੇ ਡਿਜ਼ਾਈਨ 'ਚ ਸਮਝੌਤਾ ਕਰਨਾ ਪੈ ਰਿਹਾ ਹੈ। ਇਸੇ ਤਰ੍ਹਾਂ, ਚਾਂਦਨੀ ਚੌਕ ਦੇ ਥੋਕ ਕੱਪੜਾ ਕਾਰੋਬਾਰੀ ਸ਼ੀਭਰਵਾਨ ਬਾਂਸਲ ਦਾ ਕਹਿਣਾ ਹੈ ਕਿ ਧਾਗੇ, ਬੁਣਾਈ ਅਤੇ ਭਾੜੇ ਦੀ ਲਾਗਤ ਵਧਣ ਨਾਲ ਸਾੜ੍ਹੀਆਂ, ਲਹਿੰਗਿਆਂ, ਔਰਤਾਂ ਦੇ ਸੂਟ ਅਤੇ ਰੈਡੀਮੇਡ ਕੱਪੜਿਆਂ ਦੀਆਂ ਕੀਮਤਾਂ ਵਧੀਆਂ ਹਨ। ਅਜਿਹੇ 'ਚ ਗਾਹਕ ਆਪਣੇ ਬਜਟ ਦੇ ਅਨੁਕੂਲ ਘੱਟ ਕੀਮਤ ਵਾਲੇ ਬਦਲ ਚੁਣ ਰਹੇ ਹਨ। ਸਰੋਜਨੀ ਨਗਰ ਦੇ ਰੈਡੀਮੇਡ ਕਾਰੋਬਾਰੀ ਅਸ਼ੋਕ ਰੰਧਾਵਾ ਅਨੁਸਾਰ, ਕਾਰੋਬਾਰੀਆਂ ਦਾ ਜ਼ੋਰ ਵੀ ਹੁਣ ਅਜਿਹੇ ਉਤਪਾਦਾਂ 'ਤੇ ਹੈ, ਜਿਨ੍ਹਾਂ ਨੂੰ ਗਾਹਕ ਆਸਾਨੀ ਨਾਲ ਖ਼ਰੀਦ ਸਕਣ। ਦਰੀਬਾ ਦੇ ਸਰਾਫ਼ਾ ਕਾਰੋਬਾਰੀ ਬਸੰਤ ਗੁਪਤਾ ਨੇ ਦੱਸਿਆ ਕਿ ਸੋਨੇ-ਚਾਂਦੀ ਦੀਆਂ ਵਧਦੀਆਂ ਕੀਮਤਾਂ ਦਾ ਅਸਰ ਵਿਆਹਾਂ ਲਈ ਖ਼ਰੀਦਦਾਰੀ 'ਤੇ ਸਭ ਤੋਂ ਵੱਧ ਪੈ ਰਿਹਾ ਹੈ। ਗਾਹਕ ਹਲਕੇ ਗਹਿਣੇ ਚੁਣਨ ਦੇ ਨਾਲ ਲਾੜੇ-ਲਾੜੀ ਅਤੇ ਪਰਿਵਾਰਕ ਮੈਂਬਰਾਂ ਲਈ ਖ਼ਰੀਦੇ ਜਾਣ ਵਾਲੇ ਗਹਿਣਿਆਂ ਦੀ ਗਿਣਤੀ ਵੀ ਘਟਾ ਰਹੇ ਹਨ। ਇਸ ਨਾਲ ਕਾਰੋਬਾਰੀਆਂ ਦੇ ਸਾਹਮਣੇ ਗਾਹਕਾਂ ਦੇ ਬਜਟ ਦੇ ਅਨੁਕੂਲ ਹਲਕੇ ਅਤੇ ਆਕਰਸ਼ਕ ਡਿਜ਼ਾਈਨ ਤਿਆਰ ਕਰਨ ਦੀ ਚੁਣੌਤੀ ਵਧ ਗਈ ਹੈ।

ਮਾਤਾ ਵੈਸ਼ਨੋ ਦੇਵੀ ਦੇ ਦਰਬਾਰ ’ਚ ਉਮੜੇ ਸ਼ਰਧਾਲੂ, ਨਰਾਤਿਆਂ ’ਚ 3.81 ਤੋਂ ਵੱਧ ਭਗਤਾਂ ਨੇ ਕੀਤੇ ਦਰਸ਼ਨ

ਕੌਮੀ ਪਤ੍ਰਿਕਾ

ਜੰਮੂ 28 ਅਕਤੂਬਰ। ਜੰਮੂ ਅਤੇ ਕਸ਼ਮੀਰ ਦੇ ਰਿਆਸੀ ਜ਼ਿਲ੍ਹੇ 'ਚ ਸਥਿਤ ਮਾਤਾ ਵੈਸ਼ਨੋ ਦੇਵੀ ਮੰਦਰ 'ਚ ਸ਼ਾਰਦੀਯ ਨਰਾਤਿਆਂ ਦੌਰਾਨ ਸ਼ਰਧਾਲੂਆਂ ਦੀ ਭਾਰੀ ਭੀੜ ਦੇਖਣ ਨੂੰ ਮਿਲੀ। ਅਧਿਕਾਰੀਆਂ ਨੇ ਸੋਮਵਾਰ ਨੂੰ ਕਿਹਾ ਕਿ 11 ਅਕਤੂਬਰ ਤੋਂ ਹੁਣ ਤੱਕ 3.81 ਲੱਖ ਤੋਂ ਵੱਧ ਸ਼ਰਧਾਲੂ ਮੰਦਰ ਦੇ ਦਰਸ਼ਨ ਕਰ ਚੁੱਕੇ ਹਨ। ਦੁਸਹਿਰੇ ਦੇ ਮੌਕੇ 'ਤੇ ਸ਼ਰਧਾਲੂਆਂ ਦੀ ਗਿਣਤੀ ਹੋਰ ਵਧਣ ਦੀ ਉਮੀਦ ਹੈ। ਤੀਰਥ ਯਾਤਰਾ ਸਾਫ਼ ਮੌਸਮ ਅਤੇ ਮੰਦਰ ਦੇ ਬੇਸ ਕੈਂਪ, ਕਟੜਾ ਵਿਖੇ ਤਿਉਹਾਰੀ ਮਾਹੌਲ ਵਿਚਕਾਰ ਸੁਚਾਰੂ ਢੰਗ ਨਾਲ ਜਾਰੀ ਹੈ। ਇਕ ਸੀਨੀਅਰ ਅਧਿਕਾਰੀ ਨੇ ਦੱਸਿਆ ਸ਼ਾਰਦੀਯ ਨਰਾਤਿਆਂ ਦੌਰਾਨ ਸੋਮਵਾਰ ਦੁਪਹਿਰ 2 ਵਜੇ ਤੱਕ 3.81 ਲੱਖ ਸ਼ਰਧਾਲੂ ਤ੍ਰਿਕੂਟਾ ਪਹਾੜੀਆਂ 'ਤੇ ਸਥਿਤ ਮਾਤਾ ਵੈਸ਼ਨੋ ਦੇਵੀ ਦੀ ਪਵਿੱਤਰ ਗੁਫ਼ਾ ਦੇ ਦਰਸ਼ਨ ਕਰ ਚੁੱਕੇ ਹਨ। ਸ਼ਾਰਦੀਯ ਨਰਾਤੇ ਸਾਲ 'ਚ ਮਨਾਏ ਜਾਣ ਵਾਲੇ 2 ਪ੍ਰਮੁੱਖ ਨਰਾਤੇ ਉਤਸਵਾਂ 'ਚੋਂ ਇਕ ਹੈ। ਦੂਜਾ ਚੈਤ ਦੇ ਨਰਾਤੇ ਹਨ। ਸ਼ਾਰਦੀਯ ਨਰਾਤਿਆਂ ਦਾ ਆਯੋਜਨ ਪਤਝੜ ਰੁੱਤ (ਸਤੰਬਰ-ਅਕਤੂਬਰ) ਦੌਰਾਨ ਹੁੰਦਾ ਹੈ। ਅਧਿਕਾਰੀਆਂ ਅਨੁਸਾਰ, ਨਰਾਤਿਆਂ ਦੇ ਪਹਿਲੇ 8 ਦਿਨਾਂ ਦੌਰਾਨ 3.62 ਲੱਖ ਸ਼ਰਧਾਲੂਆਂ ਨੇ ਮੰਦਰ ਦੇ ਦਰਸ਼ਨ ਕੀਤੇ, ਜਦੋਂ ਕਿ ਸੋਮਵਾਰ ਨੂੰ ਵੱਡੀ ਗਿਣਤੀ 'ਚ ਸ਼ਰਧਾਲੂਆਂ ਨੇ ਵੀ ਮਾਤਾ ਦੇ ਦਰਬਾਰ 'ਚ ਮੱਥਾ ਟੇਕਿਆ। ਅੰਕੜਿਆਂ ਅਨੁਸਾਰ, 11 ਅਕਤੂਬਰ ਨੂੰ ਕੁੱਲ 47,574 ਸ਼ਰਧਾਲੂਆਂ ਨੇ ਮੰਦਰ ਦੇ ਦਰਸ਼ਨ ਕੀਤੇ। ਇਸ ਤੋਂ ਬਾਅਦ 12 ਅਕਤੂਬਰ ਨੂੰ 48,400 ਸ਼ਰਧਾਲੂ, 13 ਅਕਤੂਬਰ ਨੂੰ 46,558 ਸ਼ਰਧਾਲੂ, 14



ਅਕਤੂਬਰ ਨੂੰ 41,961 ਸ਼ਰਧਾਲੂ ਅਤੇ 15 ਅਕਤੂਬਰ ਨੂੰ 39,951 ਸ਼ਰਧਾਲੂ ਆਏ। 16 ਅਕਤੂਬਰ ਨੂੰ 41,750 ਸ਼ਰਧਾਲੂਆਂ ਨੇ ਮੰਦਰ ਦੇ ਦਰਸ਼ਨ ਕੀਤੇ, ਜਦੋਂ ਕਿ 17 ਅਕਤੂਬਰ ਨੂੰ 48,500 ਸ਼ਰਧਾਲੂਆਂ ਨੇ ਮਾਤਾ ਦੇ ਦਰਬਾਰ 'ਚ ਮੱਥਾ ਟੇਕਿਆ। 18 ਅਕਤੂਬਰ ਨੂੰ 47,700 ਸ਼ਰਧਾਲੂਆਂ ਨੇ ਯਾਤਰਾ ਲਈ ਰਜਿਸਟ?ਰੇਸ਼ਨ ਕਰਵਾਈ। ਅਧਿਕਾਰੀਆਂ ਨੇ ਦੱਸਿਆ ਕਿ ਸੋਮਵਾਰ ਦੁਪਹਿਰ ਤੱਕ, 20,000 ਤੋਂ ਵੱਧ ਸ਼ਰਧਾਲੂ ਮਾਤਾ ਦੇ ਮੰਦਰ ਲਈ ਰਵਾਨਾ ਹੋ ਗਏ ਸਨ। ਦੁਸਹਿਰੇ ਦੇ ਮੌਕੇ 'ਤੇ ਸ਼ਰਧਾਲੂਆਂ ਦੀ ਗਿਣਤੀ ਹੋਰ ਵਧਣ ਦੀ ਉਮੀਦ ਹੈ। ਰਵਾਇਤੀ ਤੌਰ 'ਤੇ, ਇਸ ਤਿਉਹਾਰ ਦੌਰਾਨ ਵੱਡੀ ਗਿਣਤੀ 'ਚ ਸ਼ਰਧਾਲੂ ਮਾਤਾ ਦੇ ਦਰਸ਼ਨ ਕਰਦੇ ਹਨ। ਮੰਦਰ ਕੰਪਲੈਕਸ 'ਚ ਯੱਗਸ਼ਾਲਾ 'ਚ ਪ੍ਰਾਰਥਨਾਵਾਂ ਅਤੇ ਵੈਦਿਕ ਰਸਮਾਂ ਨਾਲ ਆਯੋਜਿਤ 9 ਦਿਨਾਂ ਦਾ ਸ਼ਤਚੰਡੀ ਮਹਾਂ ਯੱਗ ਸੋਮਵਾਰ ਨੂੰ 9ਵੇਂ ਦਿਨ ਵੀ ਜਾਰੀ ਰਿਹਾ। ਮਾਤਾ ਦੇ ਦਰਬਾਰ, ਯਾਤਰਾ ਮਾਰਗ ਅਤੇ ਕਟੜਾ ਸ਼ਹਿਰ ਨੂੰ ਫੁੱਲਾਂ ਅਤੇ ਰੰਗੀਨ ਲਾਈਟਾਂ ਨਾਲ ਸਜਾਇਆ ਗਿਆ ਹੈ। ਸੁਰੱਖਿਅਤ ਅਤੇ ਸੁਚਾਰੂ ਯਾਤਰਾ ਨੂੰ ਯਕੀਨੀ ਬਣਾਉਣ ਲਈ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ। ਸ਼੍ਰੀ ਮਾਤਾ ਵੈਸ਼ਨੋ ਦੇਵੀ ਤੀਰਥ ਬੋਰਡ ਨੇ ਵੱਖ-ਵੱਖ ਤਰ੍ਹਾਂ ਦੇ ਯੋਗ ਸ਼ਰਧਾਲੂਆਂ ਲਈ ਵਿਸ਼ੇਸ਼ ਪ੍ਰਬੰਧ ਕੀਤੇ ਹਨ, ਜਿਸ 'ਚ ਮੁਫਤ ਘੋੜੇ ਅਤੇ ਬੈਟਰੀ ਨਾਲ ਚੱਲਣ ਵਾਲੇ ਵਾਹਨ ਸੇਵਾਵਾਂ, ਤਰਜੀਹੀ ਦਰਸ਼ਨ ਅਤੇ ਵਿਸ਼ੇਸ਼ ਸਹਾਇਤਾ ਕੇਂਦਰ ਸ਼ਾਮਲ ਹਨ। ਇਸ ਤੋਂ ਇਲਾਵਾ, ਯਾਤਰਾ ਮਾਰਗ 'ਤੇ ਪੀਣ ਵਾਲੇ ਪਾਣੀ, ਸਫਾਈ ਅਤੇ ਡਾਕਟਰੀ ਸਹਾਇਤਾ ਵਰਗੀਆਂ ਬੁਨਿਆਦੀ ਸਹੂਲਤਾਂ ਪ੍ਰਦਾਨ ਕੀਤੀਆਂ ਗਈਆਂ ਹਨ। ਰਸਤੇ ਦੇ ਨਾਲ-ਨਾਲ ਮੁੱਖ ਸਥਾਨਾਂ 'ਤੇ ਐਮਰਜੈਂਸੀ ਪ੍ਰਤੀਕਿਰਿਆ ਟੀਮਾਂ ਵੀ ਤਾਇਨਾਤ ਕੀਤੀਆਂ ਗਈਆਂ ਹਨ। ਜੰਮੂ ਦੇ ਅਧਿਕਾਰੀਆਂ ਨੇ ਦੱਸਿਆ ਕਿ ਭਾਰੀ ਭੀੜ ਦੇ ਵਿਚਕਾਰ ਸੋਮਵਾਰ ਨੂੰ ਦੋ ਲੱਖ ਤੋਂ ਵੱਧ ਸ਼ਰਧਾਲੂ ਮਾਤਾ ਕਾਲੀ ਮੰਦਰ ਦੇ ਦਰਸ਼ਨ ਕੀਤੇ।

ਈਸ਼ੇ ਦੀ ਕਟਾਈ ਫ਼ਸਲ ਪੂਰੀ ਤਰ੍ਹਾਂ ਪੱਕਣ ਉਪਰੰਤ ਹੀ ਕੀਤੀ ਜਾਵੇ : ਡੀ. ਸੀ ਦਲਵਿੰਦਰਜੀਤ

ਅੰਮ੍ਰਿਤਸਰ 28 ਅਕਤੂਬਰ। ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਜ਼ਿਲੇ ਦੇ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਝੋਨੇ ਦੀ ਕਟਾਈ ਫ਼ਸਲ ਪੂਰੀ ਤਰ੍ਹਾਂ ਪੱਕਣ ਉਪਰੰਤ ਹੀ ਕੀਤੀ ਜਾਵੇ ਅਤੇ ਮੰਡੀਆਂ ਵਿਚ 17 ਫ਼ੀਸਦੀ ਤੋਂ ਘੱਟ ਨਮੀ ਵਾਲਾ ਸੁੱਕਾ ਝੋਨਾ ਹੀ ਲਿਆਂਦਾ ਜਾਵੇ। ਉਨ੍ਹਾਂ ਕਿਹਾ ਕਿ ਅਜਿਹਾ ਕਰਨ ਨਾਲ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਸਮੇਂ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਡੀ. ਸੀ ਨੇ